ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਸ਼ਨੀਵਾਰ, 22 ਜੂਨ 2024 (ਨਾਨਕਸ਼ਾਹੀ ਸੰਮਤ : ੫੫੬, ੯ ਹਾੜ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

ਅੱਜ ਪ੍ਰਕਾਸ਼ ਪੁਰਬ 'ਤੇ ਵਿਸ਼ੇਸ਼



GURU HARGOBIND SAHIB JI

ਦਲਭੰਜਨ ਗੁਰੁ ਸੂਰਮਾ ਵਡ ਜੋਧਾ ਬਹੁ ਪਰਉਪਕਾਰੀ

ਸਮੂਹ ਸੰਗਤਾਂ ਨੂੰ ਲੱਖ-ਲੱਖ ਵਧਾਈਆਂ

### ਇੱਕ ਨਹੀਂ 2 ਵਾਰੀ ਕੀਤੀ ਗੱਲ, ਪਾਕਿਸਤਾਨ ਦੀਆਂ ਏਜੰਸੀਆਂ ਪੁੱਛਣਗੀ ਤਾਂ ਦੱਸਾਂਗਾ

## ਮੈਂ ਭਾਰਤ ਨੂੰ ਜਵਾਬਦੇਹ ਨਹੀਂ : ਸ਼ਹਿਜ਼ਾਦ ਭੱਟੀ

**ਨਵੀਂ ਦਿੱਲੀ, 21 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬੀ ਗਾਇਕ ਸਿੱਧੂ ਮੂਸੇਵਾਲਾ ਕਤਲ ਕਾਂਡ ਦੇ ਮਾਸਟਰ ਮਾਈਂਡ ਗੈਂਗਸਟਰ ਲਾਰੈਂਸ ਦੀ ਵੀਡੀਓ ਕਾਲ ਮਾਮਲੇ 'ਚ ਪਾਕਿਸਤਾਨੀ ਡਾਨ ਸ਼ਹਿਜ਼ਾਦ ਭੱਟੀ ਨੇ ਸਪੱਸ਼ਟੀਕਰਨ ਦਿੱਤਾ ਹੈ। ਭੱਟੀ ਨੇ ਇਸ ਸਬੰਧੀ ਇਕ ਵੀਡੀਓ ਇੰਸਟਾਗ੍ਰਾਮ 'ਤੇ ਅਪਲੋਡ ਕੀਤੀ ਹੈ। ਸ਼ਹਿਜ਼ਾਦ ਭੱਟੀ ਨੇ ਕਿਹਾ, 'ਹਰ ਕੋਈ ਜਾਣਦਾ ਹੈ ਕਿ ਮੇਰੇ ਤੇ ਫਾਰੂਕ ਖੋਖਰ ਬਾਰੇ ਖ਼ਬਰਾਂ ਭਾਰਤੀ ਨਿਊਜ਼ ਚੈਨਲਾਂ 'ਤੇ ਚੱਲ ਰਹੀਆਂ ਹਨ ਜਿਸ 'ਚ ਲਾਰੈਂਸ ਨਾਲ ਵੀਡੀਓ ਕਾਲ ਹੁੰਦੀ ਹੈ। ਸਭ ਤੋਂ ਪਹਿਲਾਂ ਮੈਂ ਕਹਿੰਦਾ ਹਾਂ ਕਿ ਮੈਂ ਭਾਰਤ ਦੀਆਂ ਖ਼ਬਰਾਂ ਲਈ ਜ਼ਿੰਮੇਵਾਰ ਨਹੀਂ ਹਾਂ।ਮੈਂ ਆਪਣੇ ਦੇਸ਼, ਆਪਣੀ ਫੌਜ, ਏਜੰਸੀਆਂ ਅਤੇ ਪੁਲਿਸ ਪ੍ਰਤੀ ਜਵਾਬਦੇਹ ਹਾਂ। ਜਦੋਂ ਉਹ ਮੈਨੂੰ ਪੁੱਛਣਗੇ ਤਾਂ ਮੈਂ ਉਨ੍ਹਾਂ ਨੂੰ ਦੱਸਾਂਗਾ ਕਿ ਮੈਨੂੰ ਬਿਸ਼ਨੋਈ ਦਾ ਕਾਲ ਕਦੋਂ ਆਇਆ, ਮੈਂ ਉਸ ਨਾਲ ਕਦੋਂ ਗੱਲ ਕੀਤੀ, ਇਹ ਕਿੰਨੀ ਦੇਰ ਪਹਿਲਾਂ ਦੀ ਹੈ, ਵੀਡੀਓ ਕਿਸ ਨੇ ਅਪਲੋਡ ਕੀਤੀ ਅਤੇ ਵੀਡੀਓ ਕਿਵੇਂ ਅਪਲੋਡ ਕੀਤੀ। ਇਸ ਤੋਂ ਇਲਾਵਾ, ਮੈਂ ਕਿਸੇ ਨੂੰ ਵੀਡੀਓਜ਼ ਦਾ ਜਵਾਬ ਦੇਣ ਦਾ ਸ਼ੌਕੀਨ ਨਹੀਂ ਹਾਂ। ਮੇਰੇ ਪਾਕਿਸਤਾਨ ਦੇ ਅਦਾਰੇ ਜ਼ਿੰਦਾਬਾਦ, ਪਾਕਿਸਤਾਨੀ ਫੌਜ ਅਤੇ ਪਾਕਿਸਤਾਨੀ ਏਜੰਸੀਆਂ ਜ਼ਿੰਦਾਬਾਦ।ਮੇਰਾ ਪਿਆਰ ਉਨ੍ਹਾਂ ਲਈ ਹਮੇਸ਼ਾ ਮੌਜੂਦ ਹੈ। ਜਦੋਂ ਵੀ ਮੇਰੇ ਅਦਾਰੇ ਮੈਨੂੰ ਬੁਲਾਉਂਦੇ ਨੇ, ਮੈਂ ਜ਼ਰੂਰ ਜਾਵਾਂਗਾ।ਜ਼ਿਕਰ ਕਰ ਦਈਏ ਕਿ ਗੈਂਗਸਟਰ ਲਾਰੈਂਸ ਇਸ ਸਮੇਂ ਅਹਿਮਦਾਬਾਦ ਦੀ ਸਾਬਰਮਤੀ ਜੇਲ੍ਹ ਵਿੱਚ ਬੰਦ ਹੈ। ਉਸ ਨੂੰ ਪਿਛਲੇ ਸਾਲ ਸਤੰਬਰ 'ਚ ਤਿਹਾੜ ਤੋਂ ਇੱਥੇ ਸ਼ਿਫਟ ਕੀਤਾ ਗਿਆ ਸੀ।



**ਕੌਣ ਹੈ ਸ਼ਹਿਜ਼ਾਦ ਭੱਟੀ ?** ਸ਼ਹਿਜ਼ਾਦ ਭੱਟੀ ਦੇ ਪਾਕਿਸਤਾਨ ਦੇ ਭੂ-ਮਾਫੀਆ ਅਤੇ ਅੰਡਰਵਰਲਡ ਦੇ ਵੱਡੇ ਗੈਂਗਸਟਰਾਂ ਨਾਲ ਸਬੰਧ ਹਨ ਜਿਸ ਕਾਰਨ ਪਾਕਿਸਤਾਨ ਨੇ ਸ਼ਿਹਜ਼ਾਦ ਭੱਟੀ 'ਤੇ ਵੀ ਪਾਬੰਦੀ ਲਗਾ ਦਿੱਤੀ ਹੈ। ਸ਼ਹਿਜ਼ਾਦ ਦੇ ਇੰਸਟਾਗ੍ਰਾਮ ਅਕਾਊਂਟ 'ਤੇ ਫਾਰੂਖ ਖੋਖਰ ਨਾਲ ਕਈ ਵੀਡੀਓਜ਼ ਹਨ। ਫਾਰੂਕ ਖੋਖਰ ਪਾਕਿਸਤਾਨ ਦੇ ਬਲੋਚਿਸਤਾਨ ਦਾ ਰਹਿਣ ਵਾਲਾ ਹੈ ਅਤੇ ਉਸ ਨੂੰ ਇਸ ਇਲਾਕੇ ਦਾ ਮਾਫੀਆ ਵੀ ਕਿਹਾ ਜਾਂਦਾ ਹੈ। ਸ਼ਿਹਜ਼ਾਦ ਭੱਟੀ ਦਾ ਨੈੱਟਵਰਕ ਅਮਰੀਕਾ, ਕੈਨੇਡਾ, ਪਾਕਿਸਤਾਨ, ਦੁਬਈ ਅਤੇ ਹੋਰ ਦੇਸ਼ਾਂ ਵਿੱਚ ਵੀ ਚੱਲਦਾ ਹੈ। ਉਹ ਆਪਣੇ ਬੌਸ ਫਾਰੂਕ ਖੋਖਰ ਨਾਲ ਮਿਲ ਕੇ ਪੂਰਾ ਨੈੱਟਵਰਕ ਚਲਾਉਂਦਾ ਹੈ। ਫਾਰੂਕ ਦੀ ਸਿਆਸੀ ਪੱਧਰ 'ਤੇ ਵੀ ਚੰਗੀ ਪਕੜ ਹੈ। ਫਾਰੂਕ ਪਾਕਿਸਤਾਨ ਦਾ ਉਹ ਵਿਅਕਤੀ ਹੈ ਜਿਸ ਨੇ ਸ਼ੇਰ ਰੱਖਿਆ ਹੈ ਅਤੇ ਆਪਣੇ ਵੱਡੇ ਕਾਫਲੇ ਨਾਲ ਚੱਲਦਾ ਕਰਦਾ ਹੈ। ਚਾਹੇ ਪਾਕਿਸਤਾਨ ਹੋਵੇ ਜਾਂ ਦੁਬਈ।

## ਪੁਲਸ ਨੇ ਪੰਜਾਬ ਕਾਂਗਰਸ ਦੇ ਪ੍ਰਧਾਨ ਰਾਜਾ ਵੜਿੰਗ ਨੂੰ ਲਿਆ ਹਿਰਾਸਤ 'ਚ

**ਚੰਡੀਗੜ੍ਹ, 21 ਜੂਨ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਪੁਲਸ ਨੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਤੇ ਲੁਧਿਆਣਾ ਤੋਂ ਸੰਸਦ ਮੈਂਬਰ ਰਾਜਾ ਵੜਿੰਗ ਨੂੰ ਹਿਰਾਸਤ ਵਿਚ ਲੈ ਲਿਆ ਹੈ। ਪੰਜਾਬ ਕਾਂਗਰਸ ਵੱਲੋਂ ਨੀਟ ਪ੍ਰੀਖਿਆ ਵਿਚ ਹੋਈ ਗੜਬੜੀ ਦੇ ਮਾਮਲੇ ਵਿਚ ਚੰਡੀਗੜ੍ਹ ਵਿਚ ਰੋਸ ਪ੍ਰਦਰਸ਼ਨ ਕੀਤਾ ਜਿ ਰਿਹਾ ਸੀ। ਇਸ ਦੌਰਾਨ ਪੁਲਸ ਨੇ ਰਾਜਾ ਵੜਿੰਗ ਤੇ ਹੋਰ ਕਾਂਗਰਸੀ ਆਗੂਆਂ ਨੂੰ ਹਿਰਾਸਤ ਵਿਚ ਲੈ ਲਿਆ ਹੈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਰਾਜਾ ਵੜਿੰਗ ਨੇ ਕਿਹਾ ਕਿ 5 ਸਾਲਾਂ ਵਿਚ 41 ਵਾਰ ਪੇਪਰ ਲੀਕ ਹੋ ਚੁੱਕਿਆ ਹੈ। ਇਸ ਨਾਲ ਲੋਕਾਂ ਦੇ ਸੁਪਨੇ ਚੂਰ ਚੂਰ ਹੋ ਰਹੇ ਹਨ। ਰਾਜਾ ਵੜਿੰਗ ਨੇ ਕਿਹਾ ਕਿ ਇਹ ਕਰੋੜਾਂ ਲੋਕਾਂ ਦੇ ਭਵਿੱਖ ਦਾ ਸਵਾਲ ਹੈ। ਨਰਿੰਦਰ ਮੋਦੀ ਜੀ ਤੀਜੀ ਵਾਰ ਪ੍ਰਧਾਨ ਮੰਤਰੀ ਬਣ ਗਏ ਹਨ ਪਰ ਅਜੇ ਤਕ ਦੇਸ਼ ਵਿਚੋਂ ਪੇਪਰ ਲੀਕ ਹੋਣਾ ਬੰਦ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਅਸੀਂ ਭਾਜਪਾ ਦੇ ਦਫ਼ਤਰ ਵੱਲ ਜਾ ਰਹੇ ਸੀ, ਪਰ ਰਾਹ ਵਿਚੋਂ ਹੀ ਪੁਲਸ ਨੇ ਉਨ੍ਹਾਂ ਨੂੰ ਹਿਰਾਸਤ ਵਿਚ ਲੈ ਲਿਆ।

### ਆਤਿਸ਼ੀ ਨੇ ਸ਼ੁਰੂ ਕੀਤੀ ਭੁੱਖ ਹੜਤਾਲ, ਆਖਿਆ-ਹਰਿਆਣਾ ਦੇਵੇ ਹੋਰ ਪਾਣੀ

**ਨਵੀਂ ਦਿੱਲੀ, 21 ਜੂਨ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਸਰਕਾਰ ਦੇ ਜਲ ਮੰਤਰੀ ਆਤਿਸ਼ੀ ਨੇ ਹਰਿਆਣਾ ਤੋਂ ਰੋਜ਼ਾਨਾ 100 ਮਿਲੀਅਨ ਗੈਲਨ ਪਾਣੀ ਜਾਰੀ ਕਰਨ ਦੀ ਮੰਗ ਨੂੰ ਲੈ ਕੇ ਸ਼ੁੱਕਰਵਾਰ ਨੂੰ ਦੱਖਣੀ ਦਿੱਲੀ ਦੇ ਭੋਗਲ ਖੇਤਰ ਵਿੱਚ ਅਣਮਿੱਥੇ ਸਮੇਂ ਲਈ ਭੁੱਖ ਹੜਤਾਲ ਸ਼ੁਰੂ ਕਰ ਦਿੱਤੀ ਹੈ।ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦੀ ਪਤਨੀ ਸੁਨੀਤਾ ਕੇਜਰੀਵਾਲ ਅਤੇ ਆਮ ਆਦਮੀ ਪਾਰਟੀ (ਆਪ) ਦੇ ਹੋਰ ਆਗੂ ਉਨ੍ਹਾਂ ਨਾਲ ਮੌਜੂਦ ਹਨ। ਇਸ ਮੌਕੇ ਆਤਿਸ਼ੀ ਨੇ ਕਿਹਾ, "ਦਿੱਲੀ ਸਰਕਾਰ ਵਿੱਚ ਜਲ ਮੰਤਰੀ ਹੋਣ ਦੇ ਨਾਤੇ ਮੈਂ ਰਾਸ਼ਟਰੀ ਰਾਜਧਾਨੀ ਨੂੰ ਪਾਣੀ ਮੁਹੱਈਆ ਕਰਵਾਉਣ ਦੀ ਹਰ ਸੰਭਵ ਕੋਸ਼ਿਸ਼ ਕੀਤੀ ਹੈ ਪਰ ਹੁਣ ਮੇਰੇ ਕੋਲ ਅਣਮਿੱਥੇ ਸਮੇਂ ਲਈ ਭੁੱਖ ਹੜਤਾਲ ਕਰਨ ਤੋਂ ਇਲਾਵਾ ਕੋਈ ਵਿਕਲਪ ਨਹੀਂ ਬਚਿਆ ਹੈ।" ਉਨ੍ਹਾਂ ਨੇ ਕਿਹਾ, 'ਇਹ ਭੁੱਖ ਹੜਤਾਲ ਉਦੋਂ ਤੱਕ ਜਾਰੀ ਰਹੇਗੀ, ਜਦੋਂ ਤੱਕ ਹਰਿਆਣਾ ਸਰਕਾਰ ਦਿੱਲੀ ਨੂੰ ਉਸ ਦੇ ਹੱਕ ਦਾ ਪਾਣੀ ਨਹੀਂ ਦਿੰਦੀ।' ਸੁਨੀਤਾ ਕੇਜਰੀਵਾਲ ਨੇ ਇਸ ਮੌਕੇ ਤਿਹਾੜ ਜੇਲ੍ਹ 'ਚ ਬੰਦ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਦਾ ਸੰਦੇਸ਼ ਪੜ੍ਹਿਆ, ਜਿਸ 'ਚ ਉਨ੍ਹਾਂ ਆਸ ਪ੍ਰਗਟਾਈ ਕਿ ਆਤਿਸ਼ੀ ਦੀ 'ਤਪੱਸਿਆ' ਸਫਲ ਹੋਵੇਗੀ।

## ਯੂ. ਕੇ. ਵਿੱਚ ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਭਿੰਡਰਾਂਵਾਲਿਆਂ ਵਾਲਿਆਂ ਭਾਰੀ ਸੁਆਗਤ




(ਸੰਬੰਧਤ ਖ਼ਬਰ ਪੰਨਾ 23 'ਤੇ)

# Nankana Sahib Yatra Committe Uk



# pakistan gurdwara yatra

6th november to 16th november 2024
yatra includes 25+ gurudwara sahib
darshan .Accommodation in hotels
and travel within pakistan and yatra
start to finish point in AC coaches

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿੰਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ



ਜਨਮ ਪਿੰਡ ਰੋਡੇ 2.6.1947 Birth Pind Rode
ਸ਼ਹੀਦੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ 6.6.1984 Shaheedi Sri Darbar Sahib Amritsar
www.damdamitaksal.net
Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net




ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

24 SERVICE EVERYDAY HOURS
PURE AND NATURAL 100% VEGETARIAN PURE AND NATURAL
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST LUNCH DINNER
OUR SPECIALIZATION : Au Important Ingredients used to Prepare Dishes are Grown in our own farmes.
Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad
V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment

# ਸਿਹਤਮੰਦ ਜੀਵਨ ਲਈ ਯੋਗ ਅਪਨਾਓ: ਸਿਵਲ ਸਰਜਨ ਡਾ ਭਾਰਤ ਭੂਸ਼ਣ



**ਚੌਂਕ ਮਹਿਤਾ. 21 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸਿਹਤ ਵਿਭਾਗ ਤਰਨਤਾਰਨ ਵਲੋਂ ਇੰਟਨੈਸ਼ਨਲ ਯੋਗ ਦਿਵਸ ਮੌਕੇ ਤੇ ਇਕ ਯੋਗਾ ਸ਼ਿਵਰ ਲਗਾ ਕੇ ਯੋਗ ਨੂੰ ਆਪਣੇ ਜੀਵਨ ਵਿਚ ਅਪਨਾਓਣ ਦਾ ਸੁਨੇਹਾ ਦਿੱਤਾ ਗਿਆ। ਇਸ ਮੌਕੇ ਸਿਵਲ ਸਰਜਨ ਡਾ ਭਾਰਤ ਭੂਸ਼ਣ ਨੇ ਕਿਹਾ ਕਿ ਸਿਤਮੰਦ ਰਹਿਣ ਲਈ ਰੋਜਨਾਂ ਜੀਵਨ ਵਿਚ ਯੋਗ ਲਈ ਸਮਾਂ ਕੱਢਣਾ ਚਾਹੀਦਾ ਹੈ ਅਤੇ ਆਪਣੀ ਅੰਦਰੂਨੀਂ ਤਾਕਤ ਨੂੰ ਵਧਾਓਣ ਲਈ ਸਾਨੂੰ ਰੋਜਾਨਾਂ 30 ਮਿੰਟ ਯੋਗਾ ਕਰਨਾਂ ਚਾਹੀਦਾ ਹੈ। ਉਹਨਾਂ ਆਖਿਆ ਕਿ ਇੱਕ ਤੰਦਰੁਸਤ ਤਨ ਹੀ ਤੰਦਰੁਰਤ ਮਨ ਦਾ ਆਧਾਰ ਹੁੰਦਾ ਹੈ ਅਤੇ ਯੋਗਾ ਰਾਹੀ ਤਨ ਅਤੇ ਮਨ ਦੋਵੇਂ ਹੀ ਸਵੱਸਥ ਰੱਖੇ ਜਾ ਸਕਦੇ ਹਨ। ਅਜੋਕੀ ਭੱਜ ਦੌੜ ਭਰੀ ਜਿੰਦਗੀ ਅੰਦਰ ਮੈਂਟਲ ਸਟ੍ਰੈਸ, ਚਿੰਤਾ ਅਤੇ ਪਰੇਸ਼ਾਨੀ ਤੇ ਕਾਬੂ ਪਾਉਣ ਲਈ ਵੀ ਯੋਗ ਦਾ ਬਹੁਤ ਮੱਹਤਵ ਹੁੰਦਾ ਹੈ। ਯੋਗ ਸਾਡੇ ਅੰਦਰ ਇਕ ਨਵਾਂ ਉਤਸ਼ਾਹ ਅਤੇ ਜੌਸ਼ ਪੈਦਾ ਕਰਦਾ ਹੈ, ਜਿਸ ਨਾਲ ਮਨੁੱਖ ਦੇ ਜੀਵਨ ਅੰਦਰ ਸਿਹਤ ਪ੍ਰਤੀ ਜਾਗ੍ਰਿਤੀ ਪੈਦਾ ਹੁੰਦੀ ਹੈ। ਯੋਗਾ ਦੇ ਵੱਖ-ਵੱਖ ਆਸਨ ਸ਼ਰੀਰ ਦੇ ਵੱਖ-ਵੱਖ ਹਿੱਸਿਆਂ ਲਈ ਲਾਹੇਵੰਦ ਹੁੰਦੇ ਹਨ। ਇਸ ਲਈ ਯੋਗਾ ਦੇ ਨਾਲ-ਨਾਲ ਚੰਗੀ ਖੁਰਾਕ, ਜੰਕ ਫੂਡ ਤੋਂ ਪਰਹੇਜ, ਸੈਰ ਅਤੇ ਕਸਰਤ ਦਾ ਵੀ ਧਿਆਨ ਰੱਖਣਾਂ ਚਾਹੀਦਾ ਹੈ। ਇਸ ਅਵਸਰ ਤੇ ਜਿਲ੍ਹਾ ਟੀਕਾਕਰਣ ਅਫਸਰ ਡਾ ਵਰਿੰਦਰ ਪਾਲ ਕੌਰ, ਜਿਲ੍ਹਾ ਸਿਹਤ ਅਫਸਰ ਡਾ ਆਸ਼ੀਸ਼ ਗੁਪਤਾ, ਸੀਨੀਅਰ ਮੈਡੀਕਲ ਅਫਸਰ ਡਾ ਰਮਨਦੀਪ ਸਿੰਘ ਪੱਡਾ, ਜਿਲਾ ਐਪੀਡੀਮੋਲੋਜਿਸਟ ਡਾ ਸਿਮਰਨ, ਡਾ ਸੁਖਜਿੰਦਰ ਸਿੰਘ, ਜਿਲ੍ਹਾ ਐਮ.ਈ.ਆਈ.ਓ. ਅਮਰਦੀਪ ਸਿੰਘ, ਡਾ ਮਨਦੀਪ ਕੌਰ, ਰਜਨੀਂ ਸ਼ਰਮਾਂ, ਡਾ ਰੁਪਿੰਦਰ ਕੌਰ, ਤਰੁਣ,ਮਨਜੀਤ ਰਾਣੀ, ਨਵਜੌਤ ਕੌਰ ਅਤੇ ਸਮੂਹ ਸਟਾਫ ਹਾਜਰ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼
ਮੁਕਤਾ, ਕੰਨਾ, ਸਿਹਾਰੀ, ਬਿਹਾਰੀ, ਔਂਕੜ, ਦੁਲੈਂਕੜ, ਲਾਂ, ਦੁਲਾਵਾਂ, ਹੋੜਾ, ਕਨੌੜਾ, ਟਿੱਪੀ, ਕੰਨਾ-ਬਿੰਦੀ
www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write PUNJABI
Love Maa Boli Punjabi



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470




ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446




ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote




ਵਾਹਿਗੁਰੂ ਜੀ ਕਾ ਖਾਲਸਾ ।
ਵਾਹਿਗੁਰੂ ਜੀ ਕੀ ਫ਼ਤਹਿ ॥





## ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿਚ ਪਿੰਡ ਸਲੇਮਪੁਰ ਮਸੰਦਾਂ ਦੀ ਸਮੂੰਹ ਸਾਧ ਸੰਗਤ ਵਲੋਂ ਗੁਰੂ ਨਾਨਕ ਗੁਰਦੁਆਰਾ ਵਾਲਸਾਲ ਰੋਡ ਵਿਲਨਹਾਲ ਵਿਖੇ

# ਧਾਰਮਿਕ ਸਮਾਗਮ 30 ਜੂਨ 2024, ਦਿਨ ਐਤਵਾਰ

ਗੁਰੂ ਪਿਆਰੀ ਸਾਧ ਸੰਗਤ ਜੀਓ, ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿੱਚ ਪਿੰਡ ਸਲੇਮਪੁਰ ਮਸੰਦਾਂ ਦੀ ਸਾਧ ਸੰਗਤ ਦੇ ਸਹਿਯੋਗ ਨਾਲ 30 ਜੂਨ 2024 ਦਿਨ ਐਤਵਾਰ ਨੂੰ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਸੋ ਸਮੂੰਹ ਸਾਧ ਸੰਗਤ ਅਤੇ ਪਿੰਡ ਸਲੇਮਪੁਰ ਮਸੰਦਾਂ ਦੇ ਨਗਰ ਨਿਵਾਸੀਆਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਸਮਾਗਮ ਦੀ ਰੌਣਕ ਵਧਾਉਣ ਲਈ ਪਰਿਵਾਰਾਂ ਸਮੇਤ ਸ਼ਾਮਲ ਹੋ ਕੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

### --✶ ਪ੍ਰੋਗਰਾਮ ✶--

☛ ਆਰੰਭ ਸ੍ਰੀ ਆਖੰਡਪਾਠ ਸਾਹਿਬ ਦਿਨ ਸ਼ੁਕਰਵਾਰ 28 ਜੂਨ 2024 ਸਵੇਰੇ 9:00 ਵਜੇ

☛ ਭੋਗ ਸ੍ਰੀ ਆਖੰਡਪਾਠ ਸਾਹਿਬ ਦਿਨ ਐਤਵਾਰ 30 ਜੂਨ 2024 ਸਵੇਰੇ 10 ਵਜੇ

☛ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਗੁਰਬਾਣੀ ਕੀਰਤਨ (11.00 ਵਜੇ ਸਵੇਰੇ) ਅਤੇ ਕਥਾ ਦੁਆਰਾ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ

☛ ਤਿੰਨੋਂ ਦਿਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ

"WAHEGURU JI KA KHALSA
WAHEGURU JI KI FATEH"
On the special occasion of
DHAN DHAN BABA DASSA JI'S
70TH ANNUAL MELA
AKHAND PATH SAHIB
at
Guru Nanak Sikh Gurudwara Sahib
65-67 Walsall Rd, Willenhall
WV13 2RD,
United Kingdom

*Your presence is requested to attend as per programme*
*DATES: 28th June 2024 to 30th June 2024*
*28th June*
*Arambh Sri Akhand Path Sahib:9:00am*
*30th June*
*Bhog Sri Akhand Path Sahib: 10:00am*
*Kirtan: 11:00am*
*Langar: After kirtan*
*FROM:*
*ALL SANGAT OF SALEMPUR MASSANDAN*

ਗੁਰਦੁਆਰਾ ਸਾਹਿਬ ਦਾ ਪਤਾ : **Guru Nanak Gurdawara, 65-67 Walsall Road, Willenhall, WV 13 2RD**

30 ਜੂਨ, ਦਿਨ ਐਤਵਾਰ ਨੂੰ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਦੁਨੀਆਂ ਭਰ ਵਿੱਚ ਆਵਾਜ਼ਿ ਕੌਮ ਵੈੱਬ ਟੀ. ਵੀ. 'ਤੇ ਦੇਖਿਆ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM WEB TV

**ਬੇਨਤੀ ਕਰਤਾ : ਇੰਗਲੈਂਡ ਨਿਵਾਸੀ ਸਾਧ ਸੰਗਤ, ਪਿੰਡ ਸਲੇਮਪੁਰ ਮਸੰਦਾਂ ਜ਼ਿਲ੍ਹਾ ਜਲੰਧਰ (ਪੰਜਾਬ)**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715128621

ੴ ਸਤਿਗੁਰ ਪ੍ਰਸਾਦਿ॥

# ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ

ਹੈਡ ਕੁਆਟਰ :

ਦਮਦਮੀ ਟਕਸਾਲ, ਜੱਥਾ ਭਿੰਡਰਾਂ (ਮਹਿਤਾ), ਸ੍ਰੀ ਅੰਮ੍ਰਿਤਸਰ।

## ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ 'ਭਿੰਡਰਾਂਵਾਲੇ'

ਮੁਖੀ ਦਮਦਮੀ ਟਕਸਾਲ, ਜੱਥਾ ਭਿੰਡਰਾਂ (ਮਹਿਤਾ) ਸੰਪਰਕ : 99158-00904

## ਸੱਦਾ ਪੱਤਰ

# 40ਵਾਂ ਸਲਾਨਾ ਸ਼ਹੀਦੀ ਜੋੜ ਮੇਲਾ

## 21-22-23 ਜੂਨ 2024 ਦਿਨ ਸ਼ੁਕਰ-ਸ਼ਨੀ-ਐਤਵਾਰ ਨੂੰ

## ਗੁਰਦੁਆਰਾ ਗੁਰੂ ਨਾਨਕ ਸਿੱਖ ਅਕੈਡਮੀ ਵਿਖੇ

ਸਪਰਿੰਗਫੀਲਡ ਰੋਡ, Hayes, UB4 OLT (UK) ਵਿਖੇ **ਮਨਾਇਆ ਜਾਵੇਗਾ।**

ਪਰਮ ਸਤਿਕਾਰਯੋਗ........ ਯੂ ਕੇ ਦੀ ਸਮੂਹ ਸਾਧਸੰਗਤ ........ ਜੀਓ!

ਆਪ ਜੀ ਨੂੰ ਸਨਿਮਰ ਬੇਨਤੀ ਕੀਤੀ ਜਾਂਦੀ ਹੈ ਕਿ ਦਮਦਮੀ ਟਕਸਾਲ ਦੇ 14ਵੇਂ ਮੁਖੀ, ਵੀਹਵੀਂ ਸਦੀ ਦੇ ਮਹਾਨ ਜਰਨੈਲ, ਪੰਥ ਰਤਨ, ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ 'ਭਿੰਡਰਾਂਵਾਲਿਆਂ ਅਤੇ ਉਹਨਾਂ ਨਾਲ ਸ਼ਹੀਦ ਹੋਏ ਸਮੂਹ ਸ਼ਹੀਦਾਂ ਦੀ ਯਾਦ ਵਿੱਚ 40 ਵਾਂ ਸ਼ਹੀਦੀ ਸਮਾਗਮ ਗੁਰਦੁਆਰਾ ਗੁਰੂ ਨਾਨਕ ਸਿੱਖ ਅਕੈਡਮੀ ਸਪਰਿੰਗਫੀਲਡ (ਯੂ.ਕੇ.) ਵਿਖੇ ਮਨਾਇਆ ਜਾ ਰਿਹਾ ਹੈ।

**ਸੋ ਆਪ ਜੀ ਨੇ 21-22-23 ਜੂਨ 2024 ਦੇ ਸਮਾਗਮਾਂ ਵਿੱਚ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।**

ਆਵਾਜ਼ਿ ਕੌਮ AWAZE QAUM International Newspaper & WEB TV

**ਦਾਸ ਆਪ ਜੀ ਦਾ ਅਤੀ ਧੰਨਵਾਦੀ ਹੋਵੇਗਾ।**

ਗੁਰੂ ਪੰਥ ਦਾ ਦਾਸ

ਹਰਨਾਮ ਸਿੰਘ ਖਾਲਸਾ

ਮੁਖੀ ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ, ਪ੍ਰਧਾਨ ਸੰਤ ਸਮਾਜ

ਅੰਮ੍ਰਿਤ ਕੰਪਿਊਟਰਜ਼, ਜਲੰਧਰ। 9872239775




ਬੇਨਤੀ ਕਰਤਾ: ਵਾਰਿਸ ਪੰਜਾਬ ਦੇ 'ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ(UK)


ਦਮਦਮੀ ਟਕਸਾਲ
ਗੁਰੂ ਹਰਿਰਾਇ
ਦਮਦਮੀ ਟਕਸਾਲ ਵੱਲੋ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁਧ ਪਾਠ ਬੋਧ ਸਮਾਗਮ
ਅਰੰਭ 20 July 2024 ਤੋ 18 August 2024 ਤੱਕ
ਭਾਗ ਲੈਣ ਵਾਲੇ ਗੁਰਸਿੱਖਾਂ ਨੂੰ ਬੇਨਤੀ ਹੈ ਕੇ ਚਿੱਟੇ ਹਜ਼ੂਰੀਏ ਲਿਓਣ ਦੀ ਕਿਰਪਾਲਤਾ ਕਰਨ । ਸੋਮਵਾਰ ਤੋ ਸ਼ੁੱਕਰਵਾਰ ਸਮਾ 6pm ਤੋ 9pm । ਸ਼ਨੀਵਾਰ ਤੇ ਐਤਵਾਰ ਸਮਾ 2pm ਤੋ 3.30pm ਅਤੇ 4pm ਤੋ 6pm । ਦਮਦਮੀ ਟਕਸਾਲ ਦੇ facebook page, youtube channel ਅਤੇ sangat tv ਤੇ ਸਿਧਾ ਪ੍ਰਸਾਰਨ ਕੀਤਾ ਜਾਵੇਗਾ । ਵਧੇਰੇ ਜਾਣਕਾਰੀ ਲਈ ਹੇਠ ਲਿਖੇ ਨੰਬਰਾਂ ਤੇ ਸੰਪਰਕ ਕਰੋ ।
GURDWARA SRI GUR HAR RAI SAHIB JI
128 HIGH STREET, WEST BROMWICH (IN UNIT), UK
07454 023 665
07940 368926
07478 804 044


ਅੰਮ੍ਰਿਤ ਛਕੋ
ਸ੍ਰੀ ਅਕਾਲ ਸਹਾਇ
ਸਿੰਘ ਸਜੋ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ
ਗੁਰਮਤਿ ਸਿਖਲਾਈ ਕੈਂਪ- 2024
ਮਿਤੀ 2 ਜੂਨ ਤੋਂ 30 ਜੂਨ ਤੱਕ ਰੋਜ਼ਾਨਾ
ਗੁਰਦੁਆਰਾ ਗੁਰੂ ਨਾਨਕ ਪੁਰਾ ਨਾਰਨੌਲ - ਸਵੇਰੇ 09:00 ਤੋਂ 11:00 ਵਜੇ ਤੱਕ
ਗੁਰਦੁਆਰਾ ਕਿਰਾਰੋਦ ਨਾਰਨੌਲ - ਸ਼ਾਮ 05:00 ਤੋਂ 07:00 ਵਜੇ ਤੱਕ
ਇਸ ਕੈਂਪ ਵਿੱਚ ਪੰਜਾਬੀ ਭਾਸ਼ਾ ਦਾ ਗਿਆਨ, ਸਿੱਖ ਧਰਮ ਦੀ ਮੁਢਲੀ ਜਾਣਕਾਰੀ, ਗੁਰਬਾਣੀ ਦਾ ਸ਼ੁੱਧ ਉਚਾਰਣ ਅਤੇ ਗੁਰਮੁਖੀ ਲਿਪੀ ਦੀ ਜਾਣਕਾਰੀ ਦਿੱਤੀ ਜਾਵੇਗੀ।
ਵਿਸ਼ੇਸ਼ - ਕੈਂਪ ਦੀ ਸਮਾਪਤੀ ਤੋਂ ਉਪਰੰਤ 30 ਜੂਨ 2024 ਨੂੰ ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ।
ਜਿਸ ਵਿੱਚ ਕਥਾਵਾਚਕ, ਢਾਡੀ, ਕਵੀਸ਼ਰ ਅਤੇ ਹਜੂਰੀ ਰਾਗੀ ਜਥੇ ਹਾਜਰੀ ਭਰਨਗੇ। ਇਸ ਤੋਂ ਉਪਰੰਤ ਬੱਚਿਆਂ ਅਤੇ ਪ੍ਰਬੰਧਕਾਂ ਨੂੰ ਸਨਮਾਨਿਤ ਕੀਤਾ ਜਾਵੇਗਾ।
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ. ਤਜਿੰਦਰਪਾਲ ਸਿੰਘ ਨਾਰਨੌਲ
ਅੰਤ੍ਰਿੰਗ ਕਮੇਟੀ ਮੈਂਬਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ. ਸੁਖਵਿੰਦਰ ਸਿੰਘ ਮੰਡੇਬਰ
ਜਰਨਲ ਸਕੱਤਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਬੇਨਤੀ ਕਰਤਾ :- ਸਮੂਹ ਸਾਧ ਸੰਗਤ ਨਾਰਨੌਲ ਅਤੇ ਸਕੱਤਰ ਧਰਮ ਪ੍ਰਚਾਰ (ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ)

ਦੇਗ ਤੇਗ ਫਤਿਹ — ਪੰਥ ਕੀ ਜੀਤ

ਅੰਮ੍ਰਿਤ ਛਕੋ – ਸਿੰਘ ਸਜੋ

ਵਿੱਦਿਆ ਸਭ ਦਾ ਮਾਣ ਹੈ, ਵਿੱਦਿਆ ਦਿੰਦੀ ਗਿਆਨ ॥
ਵਿੱਦਿਆ ਪੜ੍ਹੀਏ ਚਿੱਤ ਲਾ, ਵਿੱਦਿਆ ਦੇਈਏ ਦਾਨ ॥

ਧਰਮ ਪ੍ਰਚਾਰ ਕਮੇਟੀ H.S.G.M.C ਕੁਰੁਕਸ਼ੇਤਰ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ

# ਗੁਰਮਤਿ ਸਿਖਲਾਈ ਕੈਂਪ–2024

ਇਸ ਕੈਂਪ ਵਿਚ ਪੰਜਾਬੀ ਭਾਸ਼ਾ ਦਾ ਗਿਆਨ, ਸਿੱਖ ਧਰਮ ਦੀ ਮੁੱਢਲੀ ਜਾਣਕਾਰੀ, ਗੁਰਬਾਣੀ ਦਾ ਸ਼ੁਧ ਉਚਾਰਣ, ਸਿਖ ਇਤਿਹਾਸ ਦੀ ਜਾਣਕਾਰੀ, ਗੁਰਬਾਣੀ ਕੰਠ ਕੀਰਤਨ ਦੀ ਸਿਖਲਾਈ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼੍ਰੀ ਅਖੰਡ ਪਾਠ, ਸਹਿਜ ਪਾਠ, ਸਪਤਾਹਿਕ ਸਹਿਜ ਪਾਠ ਕਰਨ ਦੇ ਨਿਯਮ ਬਾਰੇ ਜਾਣਕਾਰੀ ਦਿਤੀ ਜਾਵੇਗੀ । ਅਤੇ ਦਸਤਾਰ ਸਜਾਉਣ ਦੀ ਸਿਖਲਾਈ ਦਿਤੀ ਜਾਵੇਗੀ ।

**ਇਹ ਗੁਰਮਤਿ ਕੈਂਪ ਗੁ: ਬੰਗਲਾ ਸਾਹਿਬ, ਰੋਹਤਕ ਵਿਖੇ 26 ਮਈ ਤੋਂ 29 ਜੂਨ 2024 ਤਕ ਰੋਜ਼ਾਨਾ ਸ਼ਾਮ 4:00 ਵਜੇ ਤੋਂ 7:00 ਵਜੇ ਤਕ ਚਲੇਗਾ ।**

ਗੁਰਮਤਿ ਕੈਂਪ ਦੀ ਸਮਾਪਤੀ 30 ਜੂਨ 2024 ਐਤਵਾਰ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਸਵੇਰੇ 10 ਤੋਂ 1:00 ਵਜੇ ਤਕ ਹੋਵੇਗੀ ।
ਜਿਸ ਵਿਚ ਬਚਿਆਂ ਦੁਆਰਾ ਕੀਰਤਨ, ਸਿੱਖ ਇਤਿਹਾਸ ਅਤੇ ਗੁਰਬਾਣੀ ਪ੍ਰਤਿਯੋਗਤਾ ਹੋਵੇਗੀ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨੀ ਲਗਾਇਆ ਜਾਵੇਗਾ ।

ਸਮਾਪਤੀ ਉਪਰੰਤ ਕਲਗੀਧਰ ਪਿਤਾ ਅੰਮ੍ਰਿਤਦਾਤਾ ਦੀ ਬਖਸ਼ੀਸ਼ ਅੰਮ੍ਰਿਤ ਸੰਚਾਰ ਕੀਤਾ ਜਾਵੇਗਾ ।

ਨੋਟ : ਨੌਜਵਾਨ ਬੱਚੇ ਤੇ ਬੱਚੀਆਂ ਨੂੰ ਕੇਸਾਂ ਦੀ ਬੇਅਦਬੀ ਤੇ ਨਸ਼ਿਆਂ ਤੋਂ ਦੂਰ ਰਖਣ ਲਈ ਗੁਰਮਤਿ ਕੈਂਪ ਵਿੱਚ ਜਰੂਰ ਭੇਜੋ ਜੀ

ਗੁਰਚਰਨ ਸਿੰਘ ਖਾਲਸਾ ਇੰਚਾਰਜ ਗੁਰਮਤਿ ਕਲਾਸਿਸ



## ਅੰਮ੍ਰਿਤ ਸੰਚਾਰ

ਮਿਤੀ 30 ਜੂਨ 2024 ਦਿਨ ਐਤਵਾਰ ਦੁਪਹਿਰ 12:30 ਵਜੇ

ਨੋਟ : ਕਕਾਰ ਮੁਫਤ ਦਿੱਤੇ ਜਾਣਗੇ



ਸ. ਭੁਪਿੰਦਰ ਸਿੰਘ ਜੀ ਅਸੰਧ
(ਪ੍ਰਧਾਨ H.S.G.M.C.)



ਸ: ਹਰਭਜਨ ਸਿੰਘ ਰਾਠੌਰ
ਮੈਂਬਰ H.S.G.M.C.
M. 9896003836



ਜ: ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
H.S.G.M.C.

ਬੇਨਤੀ ਕਰਤਾ : ਸਕਤਰ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਮੈਨੇਜਰ, ਗੁਰਦੁਆਰਾ ਬੰਗਲਾ ਸਾਹਿਬ, ਰੋਹਤਕ (ਹਰਿਆਣਾ)
ਸੰਪਰਕ ਨੰ: 9813230906, 9728715453, 9896828411, 9896003836, 9911325568

* Arun Printers, Quilla Mohalla, Rohtak. Ph. 9896455615

ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.



## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ । ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
+447976210161

• ਭਾਈ ਬਲਜੀਤ ਸਿੰਘ ਕੰਗ/Bhai Baljit Singh Kang
+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
+44 7568 517223

Website : www.nsycuk.com
E-mail : gnstuk@hotmail.com


ਆਵਾਜ਼ਿ ਕੌਮ AWAZE QAUM International Newspaper & WEB TV







KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।









**www.khalsaforge.com**


ਦੇਗ ਤੇਗ ਫਤਹਿ
ਪੰਥ ਕੀ ਜੀਤ
ੴ ਵਾਹਿਗੁਰੂ ਜੀ ਕੀ ਫਤਹਿ॥
ਕਾਰਜੁ ਸਤਿਗੁਰਿ ਆਪਿ ਸਵਾਰਿਆ॥ ਵਡੀ ਆਰਜਾ ਹਰਿ ਗੋਬਿੰਦ ਕੀ, ਸੂਖ ਮੰਗਲ ਕਲਿਆਣ ਬੀਚਾਰਿਆ॥
ਗੁਰਦੁਆਰਾ ਸ੍ਰੀ ਮੰਜੀ ਸਾਹਿਬ (ਬਾਉਲੀ ਸਾਹਿਬ) ਪਾ. ਛੇਵੀਂ ਅੰਬਾਲਾ ਸ਼ਹਿਰ ਵਿਖੇ
ਮੀਰੀ-ਪੀਰੀ ਦੇ ਮਾਲਕ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਮਹਾਰਾਜ ਦਾ
ਪ੍ਰਕਾਸ਼ ਉਤਸਵ
ਮਿਤੀ 20 ਜੂਨ ਤੋਂ 22 ਜੂਨ 2024, ਦਿਨ ਵੀਰਵਾਰ ਤੋਂ ਸ਼ਨੀਵਾਰ ੦੭,੦੮,੦੯, ਹਾੜ ਸੰਮਤ ੫੫੬
ਇਹ ਅਸਥਾਨ ਛੇਵੀਂ ਪਾਤਸ਼ਾਹੀ ਸ੍ਰੀ ਗੁਰੂ ਹਰਿ ਗੋਬਿੰਦ ਸਾਹਿਬ ਜੀ ਮੀਰੀ-ਪੀਰੀ ਦੇ ਮਾਲਕ ਦਾ ਹੈ। ਛੇਵੇਂ ਪਾਤਸ਼ਾਹ ਜੀ ਨੇ ਜਹਾਂਗੀਰ ਮੁਗਲ ਬਾਦਸ਼ਾਹ ਦੇ ਬੁਲਾਵੇ ਤੇ ਸ੍ਰੀ ਅੰਮ੍ਰਿਤਸਰ ਤੋਂ ਦਿੱਲੀ ਜਾਂਦਿਆਂ ਇਥੇ ਰਾਤ ਬਿਸਰਾਮ ਕੀਤਾ ਸੀ ਅਤੇ ਗਵਾਲਿਅਰ ਦੇ ਕਿਲੇ ਤੋਂ ੫੨ ਰਾਜਿਆ ਦੀ ਬੰਦ ਖਲਾਸੀ ਕਰਵਾ ਕੇ ਸ੍ਰੀ ਅੰਮ੍ਰਿਤਸਰ ਸਾਹਿਬ ਜਾਂਦਿਆਂ ਵੀ ਰਾਤ ਇਥੇ ਠਹਿਰੇ ਸਨ। ਇਸ ਅਸਥਾਨ ਤੇ ਦਸਵੇਂ ਪਾਤਸ਼ਾਹ ਸ੍ਰੀ ਗੋਬਿੰਦ ਸਾਹਿਬ ਜੀ ਮਹਾਰਾਜ ਜੀ ਵੀ ਆਏ ਸਨ।
ਗੁਰੂ ਕਾ ਲੰਗਰ ਅਟੁੱਟ ਵਰਤੇਗਾ
ਪ੍ਰੋਗਰਾਮ
ਪ੍ਰਭਾਤ ਫੇਰੀ
ਮਿਤੀ 17-6-2024 ਤੋਂ 21-6-2024 ਤੱਕ ਗੁ. ਮੰਜੀ ਸਾਹਿਬ ਅੰਬਾਲਾ ਸ਼ਹਿਰ ਤੋਂ ਸਵੇਰੇ 4-00 ਵਜੇ ਆਰੰਭ ਹੋਵੇਗੀ।
ਸ੍ਰੀ ਅਖੰਡ ਪਾਠ ਸਾਹਿਬ
ਮਿਤੀ 20 ਜੂਨ ਨੂੰ ਸਵੇਰੇ ਗੁ. ਮੰਜੀ ਸਾਹਿਬ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਆਰੰਭ ਹੋ ਕੇ ਮਿਤੀ 22 ਜੂਨ ਦਿਨ ਸ਼ਨੀਵਾਰ ਨੂੰ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣਗੇ।
ਨਗਰ ਕੀਰਤਨ
ਮਿਤੀ 21 ਜੂਨ ਦਿਨ ਸ਼ੁਕਰਵਾਰ ਨੂੰ ਦੁਪਹਿਰ 2 ਵਜੇ ਗੁ. ਸ੍ਰੀ ਮੰਜੀ ਸਾਹਿਬ ਤੋਂ ਆਰੰਭ ਹੋ ਕੇ ਗੁ. ਰੋਡ, ਮੀਰੀ-ਪੀਰੀ ਚੌਕ, ਗੁ. ਬੋਗਮਪੁਰਾ ਨਾਹਨ ਹਾਊਸ, ਜਗਾਧਰੀ ਗੇਟ, ਪਟੇਲ ਰੋਡ, ਦਾਲ ਬਾਜ਼ਾਰ, ਸਰਾਫਾ ਬਾਜ਼ਾਰ, ਕੋਤਵਾਲੀ ਬਾਜ਼ਾਰ, ਤੰਦੂਰਾ ਬਾਜ਼ਾਰ, ਪੁਰਾਣੀ ਅਨਾਜ ਮੰਡੀ, ਤੇ ਸਪਾਟੂ ਰੋਡ ਤੋਂ ਹੁੰਦਾ ਹੋਇਆ ਗੁ. ਮੰਜੀ ਸਾਹਿਬ ਵਿਖੇ ਸਮਾਪਤ ਹੋਵੇਗਾ। ਜਿਸ ਵਿੱਚ ਵੱਖ-ਵੱਖ ਸਕੂਲਾਂ ਦੇ ਬੱਚੇ ਆਪਣੇ ਸਕੂਲੀ ਬੈਂਡਾ ਨਾਲ ਸ਼ਾਮਿਲ ਹੋਣਗੇ। ਇਸਤਰੀ ਸਤਿਸੰਗ, ਸੇਵਾ ਸੋਸਾਇਟੀ, ਕੀਰਤਨ ਜਥੇ ਗੁਰਬਾਣੀ ਦੇ ਮਨੋਹਰ ਕੀਰਤਨ ਰਾਹੀਂ ਨਗਰ ਕੀਰਤਨ ਦੀ ਸ਼ੋਭਾ ਵਧਾਉਣਗੇ। ਸਮੂਹ ਇਲਾਕਾ ਨਿਵਾਸੀਆਂ ਨੂੰ ਬੇਨਤੀ ਹੈ ਕਿ ਉਹ ਵੱਧ ਤੋਂ ਵੱਧ ਗਿਣਤੀ ਵਿੱਚ ਸਕੂਟਰਾਂ, ਕਾਰਾਂ, ਟਰੈਕਟਰ-ਟਰਾਲਿਆਂ ਲੈ ਕੇ ਨਗਰ ਕੀਰਤਨ ਵਿਚ ਸ਼ਾਮਿਲ ਹੋਣ ਦੀ ਕਿਰਪਾਲਤਾ ਕਰਨ।
ਕੀਰਤਨ ਸਮਾਗਮ ਅਤੇ ਕਵੀ ਦਰਬਾਰ
ਮਿਤੀ 22 ਜੂਨ 2024 ਦਿਨ ਸ਼ਨੀਵਾਰ ਨੂੰ ਗੁ. ਮੰਜੀ ਸਾਹਿਬ ਵਿਖੇ ਦਿਨ ਦੇ ਦੀਵਾਨ ਅੰਮ੍ਰਿਤ ਵੇਲੇ ਤੋਂ ਸ਼ਾਮ 04 ਵਜੇ ਤੀਕ ਅਤੇ ਕਵੀ ਦਰਬਾਰ ਸਜਣਗੇ
ਜਿਸ ਵਿਚ ਭਾਈ ਚਮਨਜੀਤ ਸਿੰਘ ਜੀ ਲਾਲ ਦਿੱਲੀ ਵਾਲੇ, ਅਤੇ ਕਵੀ ਭਾਈ ਕੁਲਦੀਪ ਸਿੰਘ ਜੀ ਦਰਾਜਕੇ ਅੰਮ੍ਰਿਤਸਰ ਸਾਹਿਬ ਵਾਲੇ, ਗਿ. ਦੀਪਇੰਦਰ ਸਿੰਘ ਜੀ ਅੰਬਾਲਾ ਵਾਲੇ,
22 ਜੂਨ ਰਾਤ ਦਾ ਦੀਵਾਨ ਰਾਤ ੧੧ ਵਜੇ ਤੀਕ ਸੰਗਤਾਂ ਨੂੰ ਗੁਰ ਚਰਣਾਂ ਨਾਲ ਜੋੜਣਗੇ।
ਖੂਨ ਦਾਨ ਅਤੇ ਫ੍ਰੀ ਮੈਡੀਕਲ ਕੈਂਪ
ਮਿਤੀ 22 ਜੂਨ 2024 ਦਿਨ ਸੋਮਵਾਰ ਨੂੰ ਗੁ. ਮੰਜੀ ਸਾਹਿਬ ਵਿਖੇ ਸ੍ਰੀ ਗੁਰੂ ਹਰਿ ਗੋਬਿੰਦ ਸਾਹਿਬ ਸੇਵਾ ਸੁਸਾਇਟੀ ਦੇ ਸਹਿਯੋਗ ਨਾਲ ਖੂਨ ਦਾਨ ਅਤੇ ਫ੍ਰੀ ਮੈਡੀਕਲ ਚੈਕਅਪ ਕੈਂਪ ਵੀ ਲਗਾਇਆ ਜਾਵੇਗਾ।
ਕਾਰ ਸੇਵਾ
ਸੰਤ ਬਾਬਾ ਬਚਨ ਸਿੰਘ ਜੀ ਦਿੱਲੀ ਵਾਲੇ ਅਤੇ ਸੰਤ ਬਾਬਾ ਮਹਿੰਦਰ ਸਿੰਘ ਜੀ ਪਿਹੋਵਾ ਵਾਲਿਆਂ ਵਲੋਂ ਗੁ. ਮੰਜੀ ਸਾਹਿਬ ਦੀ ਕਾਰ ਸੇਵਾ ਚਲ ਰਹੀ ਹੈ।
ਗਿ. ਦਿਪਇੰਦਰ ਸਿੰਘ ਜੀ ਅੰਬਾਲਾ ਵਾਲੇ
ਭਾਈ ਸੁਖਦੇਵ ਸਿੰਘ ਰਾਗੀ ਜਥਾ
ਭਾਈ ਸੁਰਿੰਦਰ ਸਿੰਘ ਰਾਗੀ ਜਥਾ
ਭਾਈ ਦਵਿੰਦਰ ਸਿੰਘ ਰਾਗੀ ਜਥਾ
ਭਾਈ ਸਤਨਾਮ ਸਿੰਘ ਹੈਡ ਗ੍ਰੰਥੀ
ਕਵੀ ਦਰਬਾਰ ਸਵੇਰੇ 10 ਵਜੇ ਤੋਂ 12.30 ਵਜੇ ਤੱਕ
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ: ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਭਾਈ ਚਮਨਜੀਤ ਸਿੰਘ ਜੀ ਲਾਲ
ਦਿੱਲੀ ਵਾਲੇ
ਰਾਤ 09 ਵਜੇ ਤੋਂ 10.30 ਵਜੇ ਤੱਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ, ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਹੈਡ ਗ੍ਰੰਥੀ ਭਾਈ ਸਤਨਾਮ ਸਿੰਘ ਜੀ 94664-08747
ਲੰਗਰ ਵਰਤਾਉਣ ਅਤੇ ਜੋੜਿਆ ਦੀ ਸੇਵਾ ਸੇਵਕ ਜਥਾ ਅੰਬਾਲਾ ਸ਼ਹਿਰ ਵਲੋਂ ਹੋਵੇਗੀ
ਨੋਟ: ਸੰਗਤਾਂ ਨੂੰ ਬੇਨਤੀ ਹੈ ਕਿ ਲੰਗਰ ਲਈ ਰਸਦਾਂ ਅਤੇ ਮਾਇਆ ਭੇਜ ਕੇ ਰਸੀਦ ਪ੍ਰਾਪਤ ਕਰੋ ਜੀ
ਗੁਰੂ ਪੰਥ ਦੇ ਦਾਸ
ਪ੍ਰਧਾਨ ਅਤੇ ਸਮੂਹ ਮੈਂਬਰ ਸਾਹਿਬਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਸਮੂਹ ਸੰਗਤ
ਮੈਨੇਜਰ ਗੁ. ਮੰਜੀ ਸਾਹਿਬ (ਬਾਉਲੀ ਸਾਹਿਬ), ਅੰਬਾਲਾ ਸ਼ਹਿਰ, ੦੧੭੧-੨੪੪੬੯੪੯


ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਕੁਰੂਕਸ਼ੇਤਰ ਵੱਲੋਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ
ਪਹਿਲੇ ਸਿੱਖ ਬਾਦਸਾਹ ਬਾਬਾ ਬੰਦਾ ਸਿੰਘ ਬਹਾਦਰ ਜੀ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ
ਗੁਰਦੁਆਰਾ ਕਿਲਾ ਲੋਹਗੜ ਸਾਹਿਬ ਯਮੁਨਾਨਗਰ ਵਿਖੇ
ਸਾਲਾਨਾ ਗੁਰਮਤਿ ਸਮਾਗਮ
ਮਿਤੀ 24 ਜੂਨ 2024 ਨੂੰ ਸਵੇਰੇ 9 ਵਜੇ ਤੋਂ ਦੁਪਹਿਰ 1 ਵਜੇ ਤੱਕ
ਹੇਠ ਲਿਖੇ ਪ੍ਰੋਗਰਾਮ ਅਨੁਸਾਰ ਬੜੀ ਸਰਧਾ ਭਾਵਨਾ
ਨਾਲ ਕਰਵਾਇਆ ਜਾ ਰਿਹਾ ਹੈ। ਸਮੂਹ ਸੰਗਤਾ ਨੂੰ ਬੇਨਤੀ ਹੈ ਕਿ ਇਸ ਗੁਰਮਤਿ ਸਮਾਗਮ ਵਿੱਚ ਹੁੰਮ-ਹੁੰਮਾਂ ਕੇ
ਪੁੱਜਣ ਦੀ ਕਿਰਪਾਲਤਾ ਕਰਨੀ ਜੀ।
ਪੰਥ ਸੇਵਕ ਬਾਬਾ ਸੁੱਖਾ ਸਿੰਘ ਜੀ
ਡੇਰਾ ਕਾਰ ਸੇਵਾ ਕਰਨਾਲ ਵਾਲੇ
ਆਰੰਭ ਸ੍ਰੀ ਅਖੰਡਪਾਠ ਸਾਹਿਬ
22 ਜੂਨ 2024
ਸ਼ਨੀਵਾਰ, ਸਵੇਰੇ 10 ਵਜੇ
ਭੋਗ ਸ੍ਰੀ ਅਖੰਡਪਾਠ ਸਾਹਿਬ
24 ਜੂਨ 2024
ਸੋਮਵਾਰ, ਸਵੇਰੇ 09 ਵਜੇ
ਪੁੱਜ ਰਹੇ ਜੱਥੇ
ਸ.ਸੁਖਵਿੰਦਰ ਸਿੰਘ ਮੰਡੇਬਰ
ਜਰਨਲ ਸਕੱਤਰ
ਹਰਿ; ਸਿੱਖ:ਗੁ:ਪ੍ਰ:ਕਮੇਟੀ
ਸ. ਹਰਬੰਸ ਸਿੰਘ ਕੜਕੌਲੀ
ਮੈਂਬਰ ਹਰਿ; ਸਿੱਖ:ਗੁ:ਪ੍ਰ:ਕਮੇਟੀ
ਭਾਈ ਗੁਰਸੇਵਕ ਸਿੰਘ ਰੰਗੀਲਾ
ਹਜ਼ੂਰੀ ਰਾਗੀ ਜਥਾ ਗੁਰਦੁਆਰਾ
ਦਾਦੂ ਸਾਹਿਬ (ਸਿਰਸਾ)
ਢਾਡੀ ਜੱਥਾ ਗੁਰਸੇਵਕ ਸਿੰਘ ਚਮਕਾਰਾ
ਹਰਿ ਸਿੱਖ:ਗੁ:ਪ੍ਰ:ਕਮੇਟੀ
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ ਹਰਿਆਣਾ ਸਿੱਖ ਗੁ:ਪ੍ਰਬੰਧਕ ਕਮੇਟੀ
ਬੇਨਤੀ ਕਰਤਾ:- ਸਕੱਤਰ ਧਰਮ ਪ੍ਰਚਾਰ ਕਮੇਟੀ ਮੈਨੇਜਰ ਗੁ:ਸਾਹਿਬ ਪਾ:ਦਸਵੀਂ ਨਾਢਾ ਸਾਹਿਬ ਮੋ:8725008018
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁ:ਪ੍ਰਬੰਧਕ ਕਮੇਟੀ


ਸ਼੍ਰੀ ਅਕਾਲ ਸਹਾਇ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ
ਗੁਰਮਤਿ ਸਿਖਲਾਈ ਕੈਂਪ 2024
ਗੁਰਦੁਆਰਾ ਬੰਗਲਾ ਸਾਹਿਬ, ਰੋਹਤਕ ਵਿਖੇ ਮਿਤੀ- 26 ਮਈ ਤੋਂ 29 ਜੂਨ 2024 ਤੱਕ
ਰੋਜ਼ਾਨਾ ਸ਼ਾਮ 04:00 ਤੋਂ 07:00 ਵਜੇ ਤੱਕ
ਇਸ ਕੈਂਪ ਦੌਰਾਨ ਪੰਜਾਬੀ ਭਾਸ਼ਾ ਦਾ ਗਿਆਨ, ਸਿੱਖ ਧਰਮ ਦੀ ਮੁੱਢਲੀ ਜਾਣਕਾਰੀ, ਗੁਰਬਾਣੀ ਸ਼ੁੱਧ ਉਚਾਰਣ, ਸਿੱਖ ਇਤਿਹਾਸ ਦੀ ਜਾਣਕਾਰੀ, ਗੁਰਬਾਣੀ ਕੰਠ, ਕੀਰਤਨ ਸਿਖਲਾਈ ਅਤੇ ਦਸਤਾਰ ਸਜਾਉਣ ਦੀ ਸਿਖਲਾਈ ਦਿੱਤੀ ਜਾਵੇਗੀ ।
ਇਸ ਕੈਂਪ ਦੀ ਸਮਾਪਤੀ ਦਾ ਸਮਾਗਮ ਮਿਤੀ- 30 ਜੂਨ 2024 ਨੂੰ ਸਵੇਰੇ 10:00 ਤੋਂ ਦੁਪਹਿਰ 01:00 ਵਜੇ ਤੱਕ ਹੋਵੇਗਾ।
ਮਿਤੀ- 30 ਜੂਨ 2024 ਨੂੰ ਦੁਪਹਿਰ 12:30 ਵਜੇ ਅੰਮ੍ਰਿਤ ਸੰਚਾਰ ਹੋਵੇਗਾ ਜੀ। ਨੋਟ- ਕਕਾਰ ਮੁਫਤ ਦਿੱਤੇ ਜਾਣਗੇ ਜੀ।
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ. ਸੁਖਵਿੰਦਰ ਸਿੰਘ ਮੰਡੇਬਰ
ਜਰਨਲ ਸਕੱਤਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ. ਹਰਭਜਨ ਸਿੰਘ ਰਾਠੌਰ
ਮੈਂਬਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਸ. ਸੁਦਰਸ਼ਨ ਸਿੰਘ ਭਿਵਾਨੀ
ਅੰਤ੍ਰਿੰਗ ਮੈਂਬਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ,
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ
ਬੇਨਤੀ ਕਰਤਾ- ਸਕੱਤਰ ਧਰਮ ਪ੍ਰਚਾਰ ਹਰਿਅਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਮੈਨੇਜਰ ਗੁਰਦੁਆਰਾ ਬੰਗਲਾ ਸਾਹਿਬ ਰੋਹਤਕ (ਹਰਿਆਣਾ)


ਸ਼੍ਰੀ ਅਕਾਲ ਸਹਾਇ
ਧੰਨ ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ
ਮਹਾਨ ਗੁਰਮਤਿ ਸਮਾਗਮ
ਸਥਾਨ : ਗੁਰਦੁਆਰਾ ਸਾਹਿਬ ਪਾਤਸ਼ਾਹੀ 6ਵੀਂ ਤੇ 9ਵੀਂ ਚੀਕਾ (ਕੈਂਥਲ)
ਆਰੰਭ ਸ੍ਰੀ ਅਖੰਡਪਾਠ ਸਾਹਿਬ :
21 ਜੂਨ 2024
ਸ਼ੁਕਰਵਾਰ, ਸਵੇਰੇ 10 ਵਜੇ
ਭੋਗ ਸ੍ਰੀ ਅਖੰਡਪਾਠ ਸਾਹਿਬ
23 ਜੂਨ 2024
ਐਤਵਾਰ, ਸਵੇਰੇ 10 ਵਜੇ
ਗੁਰੂ ਕਾ ਲੰਗਰ ਅਤੁੱਟ ਵਰਤੇਗਾ ਜੀ
ਸਵੇਰੇ 10 ਵਜੇ ਤੋ 1 ਵਜੇ ਤੱਕ ਪੰਥ ਦੇ ਮਹਾਨ ਰਾਗੀ,ਢਾਡੀ ਅਤੇ ਕਥਾਵਾਚਕ ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ
ਭਾਈ ਜਰਨੈਲ ਸਿੰਘ ਸੱਜਣ ਸਿਰਸਾ
ਕਵੀਸ਼ਰੀ ਜਥਾ
ਭਾਈ ਗੁਰਪ੍ਰੀਤ ਸਿੰਘ ਹਜ਼ੂਰੀ ਰਾਗੀ
ਗੁ: ਪਾ. 6ਵੀਂ ਤੇ 9ਵੀਂ,ਚੀਕਾ
ਭਾਈ ਗੁਰਸੇਵਕ ਸਿੰਘ ਰੰਗੀਲਾ
ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ
ਸਰਬਜੀਤ ਸਿੰਘ ਢੀਡਾਂ
ਹੈਡ ਗ੍ਰੰਥੀ ਗੁ: ਪਾ. 6ਵੀਂ ਤੇ 9ਵੀਂ,ਚੀਕਾ
ਵਿਸ਼ੇਸ ਸਹਿਯੋਗ:- ਸੁਖਮਨੀ ਸਾਹਿਬ ਸੇਵਾ ਸੋਸਾਇਟੀ ਚੀਕਾ
ਸ. ਅੰਗਰੇਜ਼ ਸਿੰਘ ਕੈਂਥਲ
ਮੈਂਬਰ
ਸ. ਸਾਹਬ ਸਿੰਘ ਚੱਕੂ
ਮੈਂਬਰ
ਸ. ਗੁਰਦੀਪ ਸਿੰਘ ਕੈਂਥਲ
ਮੈਂਬਰ
ਬੇਨਤੀ ਕਰਤਾ : ਸਕੱਤਰ ਧਰਮ ਪ੍ਰਚਾਰਕ, ਸਮੂੰਹ ਮੈਂਬਰ ਸਾਹਿਬਾਨ ਜੀ,ਮੈਨੇਜਰ ਗੁ: ਸਾਹਿਬ ਪਾਤਸ਼ਾਹੀ 6ਵੀਂ ਤੇ 9ਵੀਂ ਚੀਕਾ ਅਤੇ ਸਮੂੰਹ ਇਲਾਕਾ ਨਿਵਾਸੀ ਸਾਧ ਸੰਗਤ
ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ ਹਰਿਆਣਾ ਸਿੱਖ ਗੁ:ਪ੍ਰਬੰਧਕ ਕਮੇਟੀ
ਸੇਵਾ ਕਰਵਾਈ : VIRK HEALTH CARE AMAR CITY,PEHOWA ROAD, CHEEKA Dr. M.S. Virk B.A.M.S
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ-ਪ੍ਰਚਾਰ,ਕਮੇਟੀ
ਹਰਿਆਣਾ ਸਿੱਖ ਗੁ:ਪ੍ਰਬੰਧਕ ਕਮੇਟੀ
RANJEET FLEX

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਗੁਰਮਤਿ ਸਮਾਗਮ

☛ ਅਵਤਾਰ ਪੁਰਬ ਧੰਨ ਸ਼੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ☛ ਸ਼੍ਰੀਮਾਨ ਸੰਤ ਬਾਬਾ ਪ੍ਰੇਮ ਸਿੰਘ ਜੀ ਮੁਰਾਲੇ ਵਾਲਿਆਂ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ



ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਸ਼ੁੱਕਰਵਾਰ 21 ਜੂਨ 10:00 ਵਜੇ ਹੋਵੇਗੀ, ਐਤਵਾਰ 10:00 ਭੋਗ ਪੈਣਗੇ। ਸ਼ਨਿੱਚਰਵਾਰ 22 ਜੂਨ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ।

ਐਤਵਾਰ 23 ਜੂਨ 2024 ਨੂੰ 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਆਰੰਭਤਾ ਹੋਵੇਗੀ ਸਮੇਤ ਸੁਖਮਨੀ ਸਾਹਿਬ ਦੇ 9: 30 ਵਜੇ ਭੋਗ ਪੈਣਗੇ ਉਪੰਰਤ 12:30 ਵਜੇ ਤੱਕ ਦੀਵਾਨ ਸੱਜਣਗੇ

ਕੀਰਤਨ ਅਤੇ ਕਥਾ ਵਾਚਕ ਕਥਾ ਰਾਹੀਂ ਗੁਰਬਾਣੀ ਕਥਾ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪਾਠ ਦੀ ਸੇਵਾ ਭਾਈ ਹਰਜਿੰਦਰ ਸਿੰਘ ਤਰੀਗਲੋ ਦੇ ਪ੍ਰਵਾਰ ਵੱਲੋਂ ਪੁੱਤਰ ਦੀ ਦਾਤ ਪ੍ਰਾਪਤ ਹੋਈ ਹੈ ਸ਼ੁਕਰਾਨੇ ਵਜੋਂ ਸਮੇਤ ਪ੍ਰਵਾਰ ਸੇਵਾ ਕਰਨਗੇ।

☛ ਤਰਾਂ-ਤਰਾਂ ਸਟਾਲ ਤੇ ਛਬੀਲ ਵੀ ਲੱਗੇਗੀ ☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ । ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778


"ੴ ਸਤਿਗੁਰ ਪ੍ਰਸਾਦਿ ॥"
ਖੇਡਾਂ ਸਲੇਮ ਪੁਰ ਮਸੰਦਾ ਦੀਆਂ
ਧੰਨ-ਧੰਨ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਚਰਨ ਸੇਵਕ
ਬਾਬਾ ਦਾਸਾ ਜੀ ਦੇ ਸਾਲਾਨਾ ਜੋੜ ਮੇਲੇ ਤੇ
70ਵਾਂ ਸ਼ਾਨਦਾਰ ਵਾਲੀਵਾਲ ਅਤੇ ਕਬੱਡੀ ਟੂਰਨਾਮੈਂਟ
19-6-2024 ਤੋਂ 23-6-2024 ਤੱਕ ਪਿੰਡ ਸਲੇਮਪੁਰ-ਮਸੰਦਾ ਵਿਖੇ ਕਰਵਾਇਆ ਜਾ ਰਿਹਾ ਹੈ ।
ਆਪ ਜੀ ਨੂੰ ਇਹ ਜਾਣ ਕੇ ਖੁਸ਼ੀ ਹੋਵੇਗੀ ਪਿੰਡ ਸਲੇਮਪੁਰ-ਮਸੰਦਾ ਵਿਖੇ ਪਿਛਲੇ ਸਾਲਾ ਦੀ ਤਰ੍ਹਾਂ ਕਬੱਡੀ ਅਤੇ ਵਾਲੀਵਾਲ ਟੂਰਨਾਮੈਂਟ ਕਰਵਾਇਆ ਜਾ ਰਿਹਾ ਹੈ । ਜਿਹੜਾ 19-6-2024 ਤੋਂ 23-6-2024 ਦਿਨ ਬੁੱਧਵਾਰ, ਵੀਰਵਾਰ, ਸ਼ੁੱਕਰਵਾਰ, ਸ਼ਨੀਵਾਰ ਅਤੇ ਐਤਵਾਰ ਨੂੰ ਹੋ ਰਿਹਾ ਹੈ । ਸਾਰੇ ਇਲਾਕੇ ਦੇ ਖਿਡਾਰੀਆਂ ਅੱਗੇ ਅਪੀਲ ਕੀਤੀ ਜਾਂਦੀ ਹੈ ਕਿ ਵੱਧ ਤੋਂ ਵੱਧ ਟੀਮਾਂ ਭੇਜ ਕੇ ਮੇਲੇ ਦੀ ਰੌਣਕ ਨੂੰ ਵਧਾਉ ਜੀ ।
ਪ੍ਰੋਗਰਾਮ
ਦਿਨ ਸ਼ਨੀਵਾਰ 22 ਜੂਨ 2024 ਮੁਤਾਬਿਕ 9 ਹਾੜ
ਆਰੰਭ ਸ੍ਰੀ ਅਖੰਡ ਪਾਠ ਸਾਹਿਬ........................10.00 ਵਜੇ ਸਵੇਰੇ
ਦਿਨ ਸੋਮਵਾਰ 24 ਜੂਨ 2024 ਮੁਤਾਬਿਕ 11 ਹਾੜ
ਭੋਗ ਸ੍ਰੀ ਅਖੰਡ ਪਾਠ ਸਾਹਿਬ........................9.00 ਵਜੇ ਸਵੇਰੇ ਉਪਰੰਤ 3 ਵਜੇ ਤੱਕ ਦਿਵਾਨ ਸਜੇਗਾ ।
ਇਸ ਸ਼ੁਭ ਅਵਸਰ ਤੇ ਭਾਈ ਮਨਜਿੰਦਰ ਸਿੰਘ ਹਰਿਰਾਇ ਪੁਰ ਵਾਲੇ ਅਤੇ ਢਾਡੀ ਜੱਥਾ ਗਿਆਨੀ ਗੁਰਪ੍ਰਤਾਪ ਸਿੰਘ ਪਦਮ ਸੰਗਤਾਂ ਨੂੰ ਨਿਹਾਲ ਕਰਨਗੇ ।
22-23 ਜੂਨ ਸ਼ਾਮ 7-00 ਵਜੇ ਤੋਂ 9-00 ਵਜੇ ਤੱਕ ਭਾਈ ਮਨਜਿੰਦਰ ਸਿੰਘ ਹਰਿਰਾਇ ਪੁਰ ਵਾਲੇ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ ।
ਸਲੇਮਪੁਰ ਤੇ ਪਰਾਗਪੁਰ ਵਾਲੀਆਂ ਬੀਬੀਆਂ ਦਾ ਜੱਥਾ 19 ਜੂਨ ਤੋਂ 23 ਜੂਨ ਤੱਕ ਸਵੇਰੇ 6-00 ਵਜੇ ਤੋਂ 8-00 ਵਜੇ ਤੱਕ ਸੁਖਮਨੀ ਸਾਹਿਬ ਦੇ ਜਾਪ ਕਰਨਗੇ ।
ਇਸ ਟੂਰਨਾਮੈਂਟ ਵਿਚ ਹੇਠ ਲਿਖੀਆਂ ਖੇਡਾਂ ਹੋਣਗੀਆਂ
ਕਬੱਡੀ ਮੁਕਾਬਲੇ
ਐਂਟਰੀ | ਪਹਿਲਾਂ ਇਨਾਮ | ਦੂਸਰਾ ਇਨਾਮ
ਸੱਦੇਆ ਹੋਇਆ 8 ਕਲੱਬਾ 23 ਜੂਨ 1 ਵਜੇ ਤੋਂ | 101000/- | 75000/-
75 ਕਿਲੋ ਕਲੱਬ 22 ਜੂਨ 12 ਵਜੇ ਤੱਕ | 51000/- | 41000/-
65 ਕਿਲੋ 21 ਜੂਨ 8 ਵਜੇ ਤੱਕ | 41000/- | 31000/-
55 ਕਿਲੋ 20 ਜੂਨ 8 ਵਜੇ ਤੱਕ | 25000/- | 20000/-
50 ਕਿਲੋ 19 ਜੂਨ 8 ਵਜੇ ਤੱਕ | 20000/- | 15000/-
45 ਕਿਲੋ 19 ਜੂਨ 8 ਵਜੇ ਤੱਕ | 15000/- | 10000/-
22 ਜੂਨ ਨੂੰ 75 ਕਿਲੋ ਕਬੱਡੀ ਦਾ ਇੱਕ ਰਾਊਂਡ ਖਡਾਇਆ ਜਾਵੇਗਾ ।
23 ਜੂਨ ਸ਼ਾਮ 6 ਵਜੇ 50 ਸਾਲ ਤੋਂ ਉੱਪਰ ਦੇ ਖਿਡਾਰੀਆ ਦਾ ਕਬੱਡੀ ਦਾ ਸ਼ੋਅ ਮੈਚ ਹੋਵੇਗਾ ।
ਨੋਟ-ਹਰੇਕ ਟੀਮ ਵਿਚ 2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।
ਵਾਲੀਵਾਲ ਮੁਕਾਬਲੇ
ਪਹਿਲਾਂ ਇਨਾਮ | ਦੂਸਰਾ ਇਨਾਮ
ਓਪਨ ਪਿੰਡ ਪੱਧਰ 23 ਜੂਨ | 22000/- | 18000/-
70 ਕਿਲੋ 22 ਜੂਨ | 18000/- | 15000/-
ਨੋਟ-2 ਖਿਡਾਰੀ ਬਾਹਰਲੇ ਖੇਡ ਸਕਦੇ ਹਨ ।
ਓਪਨ ਕਲੱਬ ਕਬੱਡੀ ਦੇ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਇਕਲ ਦਿੱਤੇ ਜਾਣਗੇ ।
75 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਮੋਟਰਸਾਇਕਲ ਦਿੱਤੇ ਜਾਣਗੇ ।
65 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਐਲ ਸੀ ਡੀ ਦਿੱਤੀਆਂ ਜਾਣਗੀਆ ।
45,50,55 ਕਿਲੋ ਕਬੱਡੀ ਬੈਸਟ ਰੇਡਰ ਤੇ ਜਾਫੀ ਨੂੰ ਟਰਾਫੀ ਤੇ 1100-1100 ਰੁਪਏ ਦਿੱਤੇ ਜਾਣਗੇ ।
ਦਰਸ਼ਕਾਂ ਵਾਸਤੇ ਫਰੀ ਲੱਕੀ ਡਰਾਅ ਵਿਚ 2 ਐਲ ਸੀ ਡੀ ਦਿੱਤੀਆ ਜਾਣਗੀਆ ।
ਜੌਹਲ ਹਸਪਤਾਲ ਵਲੋਂ ਖਿਡਾਰੀਆਂ ਅਤੇ ਬਾਹਰੋਂ ਆਏ ਦਰਸ਼ਕਾਂ ਨੂੰ ਫਰੀ ਮੈਡੀਕਲ ਸਹਾਇਤਾ ਦਿੱਤੀ ਜਾਵੇਗੀ ।
ਗੁਰੂ ਕਾ ਲੰਗਰ ਅਤੁੱਟ ਵਰਤੇਗਾ ।
ਨੋਟ : ਇਹ ਕਬੱਡੀ ਟੂਰਨਾਮੈਂਟ ਗੁਰਦੁਆਰਾ ਬਾਬਾ ਦਾਸਾ ਜੀ ਦੇ ਅਸਥਾਨ ਦੇ ਨਜਦੀਕ ਕਰਵਾਇਆ ਜਾਵੇਗਾ ।
Kabaddi365.com
ਮੇਲਾ ਮਿਤੀ 23-24 ਜੂਨ 2024 ਨੂੰ ਦਿਖਾਏ ਜਾਣਗੇ ।
ਜਰੂਰੀ ਸ਼ਰਤਾ 1. ਕੋਈ ਵੀ ਖਿਡਾਰੀ ਤੇਲ ਅਤੇ ਵੇਸਲੀਨ ਵਗੈਰਾ ਸਰੀਰ ਉੱਤੇ ਲਾਕੇ ਨਹੀਂ ਖੇਡ ਸਕਦਾ। 2. ਪੰਜ ਖਿਡਾਰੀਆ ਤੋਂ ਘੱਟ ਖਿਡਾਰੀ ਹੋਣ ਦੀ ਸੂਰਤ ਵਿੱਚ ਨੰਬਰ ਵਿਰੋਧੀ ਟੀਮ ਨੂੰ ਦਿੱਤੇ ਜਾਣਗੇ । 3. ਹਰੇਕ ਟੀਮ ਦਾ ਭਾਰ ਇਕ ਵਾਰੀ ਤੋਲਿਆ ਜਾਵੇਗਾ । 4. ਜਿਹੜੀਆ ਵੀ ਟੀਮਾਂ ਆਪਸ ਵਿੱਚ ਰਲ ਕੇ ਖੇਡਣਗੀਆਂ ਉਹਨਾਂ ਨੂੰ ਟੂਰਨਾਮੈਂਟ ਵਿਚੋਂ ਬਾਹਰ ਕੱਢ ਦਿੱਤਾ ਜਾਵੇਗਾ । 5. ਹਰੇਕ ਖਿਡਾਰੀ ਆਪਣਾ ਫਟਾਫ ਪੱਤਰ ਨਾਲ ਲੈਕੇ ਆਵੇ । 6. ਕੋਈ ਵੀ ਖਿਡਾਰੀ ਨਸ਼ਾ ਕਰਕੇ ਨਹੀਂ ਖੇਡ ਸਕਦਾ । 7. ਬਾਕੀ ਸ਼ਰਤਾਂ ਮੌਕੇ ਤੇ ਦੱਸੀਆਂ ਜਾਣਗੀਆ । 8. ਕਿਸੇ ਵੀ ਕਿਸਮ ਦੇ ਝਗੜਾ ਜਾਂ ਇਤਰਾਜ ਤੇ ਆਖਰੀ ਫੈਸਲਾ ਬਾਬਾ ਦਾਸਾ ਜੀ ਮੈਨੇਜਮੈਂਟ ਕਮੇਟੀ ਦਾ ਹੋਵੇਗਾ ।
ਵੱਲੋਂ : ਬਾਬਾ ਦਾਸਾ ਜੀ ਪ੍ਰਬੰਧਕ ਕਮੇਟੀ, (ਰਜਿ.) ਗ੍ਰਾਮ ਪੰਚਾਇਤ, ਐਨ. ਆਰ. ਆਈ. ਵੀਰ ਅਤੇ ਭੈਣਾ, ਸਮੂਹ ਸਾਧ ਸੰਗਤ ਸਲੇਮਪੁਰ ਮਸੰਦਾਂ (ਜਲੰਧਰ)
ਪਿੰਡ ਸਲੇਮਪੁਰ ਮਸੰਦਾਂ ਜੀ.ਟੀ. ਰੋਡ, ਪਰਾਗਪੁਰ ਤੋਂ ਚੜ੍ਹਦੇ ਵੱਲ 1 ਕਿ. ਮੀ. ਦੀ ਦੂਰੀ ਤੇ ਤੱਲ੍ਹਣ ਵੱਲ ਹੈ ।
ਸੰਪਰਕ ਕਰੋ -98887-00093, 99159-63665, 94635-39271
ਛਾਪਕ : ਬੀ.ਕੇ. ਪ੍ਰੈਸ ਹਿੰਦ ਸਮਾਚਾਰ ਸਟਰੀਟ, ਜਲੰਧਰ # 98728-35735

ਸ੍ਰੀ ਅਕਾਲ ਸਹਾਇ ।।

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ

ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਅਤੇ ਭਗਤ ਕਬੀਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ

# ਗੁਰਮਤਿ ਸਮਾਗਮ

ਮਿਤੀ- 22 ਜੂਨ 2024, ਦਿਨ ਸ਼ਨੀਵਾਰ ਨੂੰ ਸ਼ਾਮ 05:00 ਵਜੇ ਤੋਂ ਰਾਤ 09:00 ਵਜੇ ਤੱਕ

ਗੁਰਦੁਆਰਾ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਪਾ: ੧੦ਵੀਂ, ਸੂਰਤਗੜੀਆ ਬਾਜ਼ਾਰ (ਸਿਰਸਾ)
ਵਿਖੇ ਸ਼ਰਧਾ ਸਹਿਤ ਕਰਵਾਇਆ ਜਾ ਰਿਹਾ ਹੈ।


ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ


ਭਾਈ ਕੁਲਵਿੰਦਰ ਸਿੰਘ
ਰਾਗੀ ਜੱਥਾ ਗੁ: ਪਾ: ੧੦ਵੀਂ


ਭਾਈ ਤਰਸੇਮ ਸਿੰਘ (ਢਾਡੀ ਜੱਥਾ)


ਭਾਈ ਰਣਬੀਰ ਸਿੰਘ
ਹੈੱਡ ਗ੍ਰੰਥੀ ਗੁ: ਪਾ: ੧੦ਵੀਂ


ਸ. ਜਗਸੀਰ ਸਿੰਘ ਮਾਂਗੇਆਣਾ
ਅੰਤ੍ਰਿੰਗ ਮੈਂਬਰ


ਸ. ਪ੍ਰਕਾਸ਼ ਸਿੰਘ ਸਾਹੂਵਾਲਾ
ਮੈਂਬਰ


ਸ. ਮਾਲਕ ਸਿੰਘ ਭਾਵਦੀਨ
ਮੈਂਬਰ


ਸ. ਪਰਮਜੀਤ ਸਿੰਘ ਮਾਖਾ
ਮੈਂਬਰ


ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਬੇਨਤੀ ਕਰਤਾ- ਸਕੱਤਰ ਧਰਮ ਪ੍ਰਚਾਰ, ਮੈਨੇਜਰ ਗੁਰਦੁਆਰਾ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਪਾ: ੧੦ਵੀਂ (ਸਿਰਸਾ) ਅਤੇ ਸਮੂੰਹ ਸੰਗਤ।

ਸ੍ਰੀ ਅਕਾਲ ਸਹਾਇ ।।

ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ

ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਪ੍ਰਕਾਸ਼ ਗੁਰਪੁਰਬ ਅਤੇ ਭਗਤ ਕਬੀਰ ਜੀ ਦੇ ਜਨਮ ਦਿਹਾੜੇ ਨੂੰ ਸਮਰਪਿਤ

# ਗੁਰਮਤਿ ਸਮਾਗਮ

ਮਿਤੀ- 22 ਜੂਨ 2024, ਦਿਨ ਸ਼ਨੀਵਾਰ ਨੂੰ ਸਵੇਰੇ 10:30 ਵਜੇ ਤੋਂ ਦੁਪਹਿਰ 12:30 ਵਜੇ ਤੱਕ
ਗੁਰਦੁਆਰਾ ਗੁਰੂ ਅਸਥਾਨ, ਮੰਡੀ ਡੱਬਵਾਲੀ (ਸਿਰਸਾ) ਵਿਖੇ ਸ਼ਰਧਾ ਸਹਿਤ ਕਰਵਾਇਆ ਜਾ ਰਿਹਾ ਹੈ।

ਪ੍ਰਕਾਸ਼ ਸ਼੍ਰੀ ਅਖੰਡ ਸਾਹਿਬ
20 ਜੂਨ 2024 ਸਵੇਰੇ 09:30 ਵਜੇ

ਪਹੁੰਚ ਰਹੇ ਜਥੇ

ਭੋਗ ਸ਼੍ਰੀ ਅਖੰਡ ਸਾਹਿਬ
22 ਜੂਨ 2024 ਸਵੇਰੇ 10:30 ਵਜੇ


ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ


ਭਾਈ ਸੁਖਵੀਰ ਸਿੰਘ
ਗ੍ਰੰਥੀ ਗੁ: ਗੁਰੂ ਅਸਥਾਨ


ਭਾਈ ਤਰਸੇਮ ਸਿੰਘ (ਢਾਡੀ ਜੱਥਾ)


ਭਾਈ ਬੇਅੰਤ ਸਿੰਘ
ਰਾਗੀ ਜੱਥਾ ਗੁ: ਗੁਰੂ ਅਸਥਾਨ


ਸ. ਜਗਸੀਰ ਸਿੰਘ ਮਾਂਗੇਆਣਾ
ਅੰਤ੍ਰਿੰਗ ਮੈਂਬਰ


ਸ. ਪ੍ਰਕਾਸ਼ ਸਿੰਘ ਸਾਹੂਵਾਲਾ
ਮੈਂਬਰ


ਸ. ਮਾਲਕ ਸਿੰਘ ਭਾਵਦੀਨ
ਮੈਂਬਰ


ਸ. ਪਰਮਜੀਤ ਸਿੰਘ ਮਾਖਾ
ਮੈਂਬਰ


ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਬੇਨਤੀ ਕਰਤਾ- ਸਕੱਤਰ ਧਰਮ ਪ੍ਰਚਾਰ, ਮੈਨੇਜਰ ਗੁਰਦੁਆਰਾ ਗੁਰੂ ਅਸਥਾਨ, ਮੰਡੀ ਡੱਬਵਾਲੀ (ਸਿਰਸਾ) ਅਤੇ ਸਮੂੰਹ ਸੰਗਤ।





ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਸ੍ਰੀ ਅਕਾਲ ਤਖਤ ਸਾਹਿਬ (ਸ੍ਰੀ ਹਰਿਮੰਦਰ ਸਾਹਿਬ) ਉੱਤੇ ਹਿੰਦੁਸਤਾਨੀ ਹਕੂਮਤ ਵਲੋਂ ੪੦
ਸਾਲ ਪਹਿਲਾਂ ਹੋਏ ਹਮਲੇ ਅਤੇ ਜੂਨ ੧੯੮੪ ਦੇ ਘੱਲੂਘਾਰੇ ਦੇ ਸ਼ਹੀਦਾਂ ਦੀ ਯਾਦ ਵਿੱਚ
ਸ਼ਹੀਦੀ ਸਮਾਗਮ
ਗੁਰੂ ਨਾਨਕ ਗੁਰਦੁਆਰਾ ਵੁਲਵਰਹੈਂਪਟਨ
(ਸੈਜਲੀ ਸਟਰੀਟ), WV2 3AJ ਵਿਖੇ
ਸਨਿਚਰਵਾਰ ੬ ਜੁਲਾਈ ਅਤੇ ਐਤਵਾਰ ੭ ਜੁਲਾਈ ੨੦੨੪ ਨੂੰ
ਸ਼ਹੀਦੀ ਸਮਾਗਮ ਰੱਖੇ ਗਏ ਨੇ।
ਸਨਿਚਰਵਾਰ ੫ ਵਜੇ ਤੋਂ ੮:੩੦ ਵਜੇ ਤਕ (ਹਾਲ ੪)
ਐਤਵਾਰ ੧੧:੩੦ ਵਜੇ ਤੋਂ ੪ ਵਜੇ ਤਕ (ਮੇਨ ਹਾਲ)
ਵਲੋਂ: ਦਮਦਮੀ ਟਕਸਾਲ ਜਥਾ ਯੂਕੇ ਅਤੇ ਯੂਰਪ ਅਤੇ ਸਮੂਹ ਸਾਧ ਸੰਗਤ
ORGANISED BY: DAMDAMI TAKSAL UK & EUROPE AND SADH SANGAT
SHAHEEDI SMAGAM
IN REMEMBRANCE OF THE SHAHEEDS OF 1984
GURU NANAK GURDWARA | 191 DUNCAN ST, WOLVERHAMPTON WV2 3AJ
GIANI SATNAM SINGH JI DAMDAMI TAKSAL
GIANI NAVDEEP SINGH JI AJNALA
GIANI SUKHRAJ SINGH JI DAMDAMI TAKSAL
BHAI AMANDEEP SINGH JI SRI DARBAR SAHIB
BHAI MAHADEEP SINGH JI SRI DARBAR SAHIB
DHADI JATHA GIANI TARLOCHAN SINGH BHAMADI
BHAI BALDEV SINGH JI DAMDAMI TAKSAL
BHAI GURJEET SINGH JI DAMDAMI TAKSAL
BHAI SUKHJINDER SINGH
BHAI HARI SINGH JI
GIANI GURJINDER SINGH JI DAMDAMI TAKSAL
GIANI BALBIR SINGH DAMDAMI TAKSAL
DHADI RASAAL SINGH CHOLA SAHIB
SATURDAY 6TH (HALL 4)
5PM-8:30PM
SUNDAY 7TH (MAIN HALL)
11:30AM-4PM
AT GNG SEDGLEY STREET
BHAI HARJINDER SINGH JI 07956 007 161 | GIANI GURJINDER SINGH JI 07400 830 403
BHAI GURJIT SINGH JI 07508 943 570 | BHAI BHERVINDER SINGH JI 07985 246 484
DAMDAMI TAKSAL JATHA (UK & EUROPE)
SIKH INSPIRE
40
1984
ਆਵਾਜ਼ਿ ਕੌਮ
AWAZE QAUM
International Newspaper & WEB TV
ਸਚਖੰਡ ਵਾਸੀ ਸੰਤ ਬਾਬਾ ਠਾਕੁਰ
ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਕਾਰਜਕਾਰੀ ਮੁਖੀ ਦਮਦਮੀ ਟਕਸਾਲ
ਦੇ ਅਸ਼ੀਰਵਾਰ ਸਦਕਾ

ਅੱਜ ਪ੍ਰਕਾਸ਼ ਪੁਰਬ 'ਤੇ ਵਿਸ਼ੇਸ਼

# ਦਲਭੰਜਨ ਗੁਰੁ ਸੂਰਮਾ ਵਡ ਜੋਧਾ ਬਹੁ ਪਰਉਪਕਾਰੀ

ਜਦ ਮਾਤਾ ਗੰਗਾ ਜੀ ਬਾਬਾ ਬੁੱਢਾ ਸਾਹਿਬ ਜੀ ਤੋਂ ਪੁੱਤਰ ਦਾ ਵਰ ਲੈਣ ਬੀੜ ਸਾਹਬ ਗਏ ਸਨ ਤਾਂ ਬਾਬਾ ਬੁੱਢਾ ਜੀ ਨੇ ਫੁਰਮਾਇਆ ਸੀ ਕਿ:

ਤੁਮਰੇ ਗ੍ਰਿਹਿ ਪ੍ਰਗਟੇਗਾ ਜੋਧਾ,
ਜਾਕੋ ਬਲ ਗੁਨ ਕਿਨਹੂੰ ਨ ਸੋਧਾ।

ਭਾਈ ਗੁਰਦਾਸ ਜੀ ਫੁਰਮਾਉਂਦੇ ਹਨ ਕਿ :

ਦਲਭੰਜਨ ਗੁਰੁ ਸੂਰਮਾ ਵਡ ਜੋਧਾ ਬਹੁ ਪਰਉਪਕਾਰੀ।

ਭਾਵ ਕਿ ਇਹ ਬੀਰ ਗੁਰੂ, ਮਲੇਛਾਂ ਦੇ ਦਲਾਂ ਦਾ ਤੋੜਨਹਾਰ, ਵੱਡਾ ਜੋਧਾ ਤੇ ਵੱਡਾ ਪਰਉਪਕਾਰੀ ਉੱਠਿਆ ।ਬਾਬਾ ਬੁੱਢਾ ਜੀ ਦੇ ਵਰ ਨਾਲ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਪ੍ਰਕਾਸ਼ 9 ਜੂਨ 1595 ਈ: ਨੂੰ ਪਿੰਡ ਵਡਾਲੀ, ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਹੋਇਆ ।ਉਸ ਸਮੇਂ ਗੁਰੂ ਅਰਜਨ ਦੇਵ ਸਾਹਿਬ ਮਾਝੇ ਵਿੱਚ ਹੀ ਪ੍ਰਚਾਰ ਕਰ ਰਹੇ ਸਨ। ਪ੍ਰਿਥੀ ਚੰਦ ਨੇ ਸਾਜਿਸ਼ਾਂ ਕਰਨੀਆਂ ਆਰੰਭ ਕਰ ਦਿੱਤੀਆਂ। ਪਹਿਲਾਂ ਦਾਈ ਕੋਲੋਂ ਬਾਲਕ ਹਰਿਗੋਬਿੰਦ ਜੀ ਨੂੰ ਜ਼ਹਿਰ ਦੇਣ ਦੀ ਕੋਸ਼ਿਸ਼ ਕੀਤੀ ਗਈ ਜੋ ਨਾਕਾਮ ਰਹੀ ਤੇ ਗੁਰੂ ਅਰਜਨ ਦੇਵ ਜੀ ਨੇ ਪ੍ਰਮਾਤਮਾ ਦਾ ਸ਼ੁਕਰਾਨਾ ਕੀਤਾ ਕਿ ਉਸਨੇ ਬਾਲਕ ਹਰਿਗੋਬਿੰਦ ਦੀ ਆਪ ਰੱਖਿਆ ਕੀਤੀ ਹੈ।

ਦੂਜਾ ਵਾਰ ਪ੍ਰਿਥੀ ਚੰਦ ਨੇ ਸਪੇਰੇ ਰਾਹੀ ਕਰਵਾਇਆ ਕਿ ਬਾਲਕ ਨੂੰ ਹੱਥ ਵਿੱਚ ਸੱਪ ਫੜਾ ਦੇਣਾ ਤੇ ਆਪੇ ਹੀ ਸੱਪ ਲੜ ਕੇ ਮਰ ਜਾਵੇਗਾ, ਪਰ ਹਰਿਗੋਬਿੰਦ ਜੀ ਨੇ ਸੱਪ ਦੀ ਧੌਣ ਹੀ ਮਰੋੜ ਦਿੱਤੀ ਤੇ ਸੱਪ ਮਰ ਗਿਆ। ਸਪੇਰੇ ਨੂੰ ਜਦ ਫੜ ਕੇ ਪੁੱਛਿਆ ਗਿਆ ਤਾਂ ਉਸਨੇ ਸਭ ਸੱਚ-ਸੱਚ ਦੱਸ ਦਿੱਤਾ।

ਤੀਜਾ ਵਾਰ ਪ੍ਰਿਥੀ ਚੰਦ ਨੇ ਰਸੋਈਏ ਰਾਹੀਂ ਦਹੀਂ ਵਿੱਚ ਜ਼ਹਿਰ ਦੇ ਕੇ ਮਾਰਨ ਦਾ ਕੀਤਾ ।ਉਸ ਸਮੇਂ ਬਾਲ ਹਰਿਗੋਬਿੰਦ ਜੀ ਚਾਰ ਸਾਲ ਦੇ ਹੋ ਚੁੱਕੇ ਸਨ, ਜਦ ਰਸੋਈਏ ਨੇ ਜ਼ਬਰਦਸਤੀ ਦਹੀਂ ਮੂੰਹ ਵਿੱਚ ਪਾਉਣ ਦੀ ਕੋਸ਼ਿਸ਼ ਕਰਨ ਲੱਗਾ ਤਾਂ ਬਾਲਕ ਜ਼ੋਰ ਜ਼ੋਰ ਦੀ ਰੋਣ ਲੱਗ ਪਿਆ ।ਸਭ ਪ੍ਰੀਵਾਰ ਭੱਜਿਆ ਆਇਆ, ਜਦ ਰਸੋਈਏ ਕੋਲੋਂ ਦਹੀਂ ਲੈ ਕੇ ਕੁੱਤੇ ਨੂੰ ਪਾਇਆ ਤਾਂ ਉਹ ਕੁੱਤਾ ਥਾਂ ਹੀ ਮਰ ਗਿਆ ।ਰਸੋਈਏ ਨੇ ਵੀ ਸੱਚ ਉਗਲ ਦਿੱਤਾ।

ਚੌਥਾ ਵਾਰ ਪ੍ਰਿਥੀ ਚੰਦ ਨੇ ਬਾਲ ਹਰਿਗੋਬਿੰਦ ਨਾਲ ਖੇਡਣ ਵਾਲੇ ਹਾਣੀ ਰਾਹੀਂ ਕਰਵਾਇਆ ।ਉਸਦੇ ਚਾਚੇ ਨੂੰ ਲਾਲਚ ਦੇ ਕੇ ਦੋ ਤਰ੍ਹਾਂ ਦੀਆਂ ਮਠਿਆਈਆਂ ਬਾਲਕ ਨੂੰ ਦਿੱਤੀਆਂ ਇੱਕ ਤੇ ਜ਼ਹਿਰ ਲਗਾ ਦਿੱਤਾ ਤੇ ਦੂਜੀ ਸਾਫ ਸੀ। ਉਸ ਹਾਣੀ ਨੂੰ ਬੜੀ ਪੱਕੀ ਤਰ੍ਹਾਂ ਸਮਝਾਇਆਂ ਗਿਆ ਕਿ ਇਹ ਜ਼ਹਿਰ ਵਾਲੀ ਮਠਿਆਈ ਤੂੰ ਹਰਿਗੋਬਿੰਦ ਨੂੰ ਦੇਣੀ ਤੇ ਇਧਰਲੀ ਜੇਬ ਵਾਲੀ ਸਾਫ ਮਠਿਆਈ ਆਪ ਖਾਣੀ ਹੈ, ਪਰ ਉਹ ਸਾਫ ਮਠਿਆਈ ਹਰਿਗੋਬਿੰਦ ਪਾਤਸ਼ਾਹ ਜੀ ਨੂੰ ਦੇਈ ਜਾਏ ਤੇ ਜ਼ਹਿਰ ਵਾਲੀ ਆਪ ਖਾਈ ਜਾਏ ਤੇ ਜ਼ਹਿਰ ਵਾਲੀ ਮਠਿਆਈ ਖਾ ਕੇ ਉਹ ਹਾਣੀ ਨੰਦ ਰਾਮ ਮਰ ਗਿਆ। ਬੰਸਾਵਲੀਨਾਮੇ ਵਿੱਚ ਇਸਦਾ ਜ਼ਿਕਰ ਆਉਂਦਾ ਹੈ:

ਜਾਇ ਖੇਡ ਨਾਲੇ ਮਠਿਆਈ ਖਾਈ।
ਇਕ ਮੁਠ ਹਰਿਗੋਬਿੰਦ ਮੁਖ ਪਾਏ।
ਚੰਗੀ ਦੇਵੈ ਸਾਹਿਬ ਨੂੰ, ਮੰਦੀ ਖਾਇ ਆਪ।

ਪ੍ਰਿਥੀ ਚੰਦ ਦਾ ਇਹ ਚੌਥਾ ਵਾਰ ਵੀ ਖਾਲੀ ਗਿਆ ।ਬਚਪਨ ਵਿੱਚ ਹੀ ਹਰਿਗੋਬਿੰਦ ਪਾਤਸ਼ਾਹ ਜੀ ਨੂੰ ਚੇਚਕ ਵੀ ਹੋ ਗਿਆ ਸੀ। ਹਾਲਤ ਬਹੁਤ ਹੀ ਵਿਗੜਣ ਲੱਗੀ, ਪਰ ਗੁਰੂ ਅਰਜਨ ਦੇਵ ਜੀ ਨੇ ਫੁਰਮਾਇਆ ਕਿ ਮਾਲਕ ਆਪ ਬਾਲਕ ਹਰਿਗੋਬਿੰਦ ਦੀ ਰੱਖਿਆ ਕਰੇਗਾ ।ਕੁੱਝ ਦਿਨਾਂ ਬਾਅਦ ਹਰਿਗੋਬਿੰਦ ਜੀ ਨਰੋਏ ਹੋ ਗਏ ਤਾਂ ਗੁਰੂ ਅਰਜਨ ਦੇਵ ਸਾਹਿਬ ਜੀ ਨੇ ਮਾਲਕ ਅਕਾਲ ਪੁਰਖ ਦਾ ਸ਼ੁਕਰਾਨਾ ਕੀਤਾ ।ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਪਹਿਲੇ ਸਿੱਖ ਗੁਰੂ ਹੋਏ ਹਨ, ਜਿੰਨ੍ਹਾਂ ਜਬਰ ਜ਼ੁਲਮ ਵਿਰੁੱਧ ਅਵਾਜ਼ ਉਠਾਈ ਤੇ ਜ਼ਾਲਮਾ ਦਾ ਡੱਟ ਕੇ ਮੁਕਾਬਲਾ ਕੀਤਾ। ਪਿਤਾ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਨੇ ਸਿੱਖੀ ਵਿੱਚ ਇੱਕ ਮੋੜ ਲੈ ਆਂਦਾ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਦੇ ਕਈ ਕਾਰਨ ਸਨ।

ਪਹਿਲਾਂ ਗੁਰਗੱਦੀ ਨਾ ਮਿਲਣ ਕਰਕੇ ਗੁਰੂ ਜੀ ਦੇ ਵੱਡੇ ਭਰਾ ਬਾਬਾ ਪ੍ਰਿਥੀ ਚੰਦ ਵੱਲੋਂ ਵਿਰੋਧ ਕਰਨਾ। ਦੂਜਾ ਕਾਨ੍ਹਾ, ਪੀਲੂ, ਛੱਜੂ ਤੇ ਸ਼ਾਹ ਹੁਸੈਨ ਦੀਆਂ ਰਚਨਾਵਾਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿੱਚ ਦਰਜ ਨਾ ਕਰਨਾ ।ਤੀਜਾ ਹੰਕਾਰੀ ਬੋਲ ਬੋਲਣ ਕਰਕੇ ਚੰਦੂ ਦੀ ਲੜਕੀ ਦਾ ਰਿਸ਼ਤਾ ਆਪਣੇ ਸਪੁੱਤਰ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਨਾਲ ਨਾ ਕਰਨਾ। ਚੌਥਾ ਬਾਗੀ ਖੁਸਰੋ ਦੀ ਮਦਦ ਕਰਨ ਦਾ ਇਲਜ਼ਾਮ ਲੱਗਣਾ ।ਇੰਨ੍ਹਾਂ ਸਾਰਿਆਂ ਨੇ ਮਿਲ ਬਾਦਸ਼ਾਹ ਜਹਾਂਗੀਰ ਦੇ ਕੰਨ ਭਰਨੇ ਸ਼ੁਰੂ ਕੀਤੇ। ਜਹਾਂਗੀਰ ਨੇ ਬਾਗੀ ਖੁਸਰੋ ਦੀ ਗ੍ਰਿਫਤਾਰੀ ਕੀਤੀ। ਉਸ ਤੋਂ ਬਾਅਦ ਗੁਰੂ ਅਰਜਨ ਦੇਵ ਸਾਹਿਬ ਜੀ ਨੂੰ ਗ੍ਰਿਫਤਾਰ ਕੀਤਾ ਗਿਆ। ਮੋਹਸਿਨ ਫਾਨੀ ਆਪਣੀ ਲਿੱਖਤ 'ਦਬਿਸਤਾਨੇ ਮਜ਼ਾਹਿਬ' ਵਿੱਚ ਜ਼ਿਕਰ ਕਰਦਾ ਹੈ ਕਿ ਗੁਰੂ ਜੀ ਨੂੰ ਗੁਰੂ ਘਰ ਵਿੱਚੋਂ ਦੋ ਲੱਖ ਰੁਪਏ ਜੁਰਮਾਨੇ ਦੇ ਰੂਪ ਵਿੱਚ ਦੇਣ ਲਈ ਕਿਹਾ। ਗੁਰੂ ਜੀ ਨੇ ਸੰਗਤ ਦਾ ਰੁਪਿਆ ਹੈ, ਇਹ ਕਹਿ ਕੇ ਦੋ ਲੱਖ ਰੁਪਏ ਦੇਣ ਤੋਂ ਇਨਕਾਰ ਕਰ ਦਿੱਤਾ। ਆਖਰ ਮਈ 1606 ਈ: ਨੂੰ ਗੁਰੂ ਜੀ ਨੂੰ ਲਾਹੌਰ ਬੁਲਾ ਕੇ ਸ਼ਹੀਦ ਕਰ ਦਿੱਤਾ ਗਿਆ। ਉਸ ਵਕਤ ਗੁਰੂ ਹਰਿਗੋਬਿੰਦ ਸਾਹਬ ਜੀ ਦੀ ਉਮਰ 11 ਸਾਲ ਸੀ।

ਪੰਜ ਪਿਆਲੇ ਪੰਜ ਪੀਰ ਛਠਮੁ ਪੀਰ ਬੈਠਾ ਗੁਰ ਭਾਰੀ।।
ਅਰਜਨ ਕਾਇਆਂ ਪਲਟ ਕੇ ਮੂਰਤ ਹਰਿਗੋਬਿੰਦ ਸਵਾਰੀ।।

ਗੁਰੂ ਹਰਿਗੋਬਿੰਦ ਸਾਹਿਬ ਜੀ ਨੂੰ ਸੁੰਦਰ ਦਸਤਾਰ ਉੱਪਰ ਕਲਗੀ ਸਜਾ ਕੇ ਤੇ ਮੀਰੀ ਅਤੇ ਪੀਰੀ ਦੀਆਂ ਦੋ ਤਲਵਾਰਾਂ ਪਹਿਨਾ ਕੇ ਬਾਬਾ ਬੁੱਢਾ ਜੀ ਨੇ ਤਿਲਕ ਲਾ ਕੇ ਗੁਰਿਆਈ ਦੀ ਬਖਸ਼ਿਸ਼ ਕੀਤੀ ।ਗੁਰੂ ਜੀ ਨੇ ਸਿੱਖ ਸੰਗਤਾਂ ਨੂੰ ਗੁਰੂ ਘਰ ਲਈ ਵਧੀਆਂ ਹਥਿਆਰ ਤੇ ਵਧੀਆਂ ਨਸਲ ਦੇ ਘੋੜੇ ਭੇਟ ਕਰਨ ਲਈ ਕਿਹਾ। 1609 ਈ: ਵਿੱਚ ਸ੍ਰੀ ਹਰਿਮੰਦਰ ਸਾਹਿਬ ਜੀ ਦੇ ਸਾਹਮਣੇ 12 ਫੁੱਟ ਉੱਚੇ ਅਕਾਲ ਦੇ ਤਖਤ ਸ੍ਰੀ ਅਕਾਲ ਤਖਤ ਸਾਹਿਬ ਜੀ ਦਾ ਨਿਰਮਾਣ ਕਰਵਾਇਆ। ਦੋ ਨਿਸ਼ਾਨ ਸਾਹਿਬ ਝੁਲਾਏ ਗਏ ।ਸ੍ਰੀ ਅਕਾਲ ਤਖਤ ਸਾਹਿਬ ਤੇ ਬਿਰਾਜ਼ਮਾਨ ਹੋ ਕੇ ਸਿੱਖ ਸੰਗਤਾਂ ਦੇ ਨਾਂ ਹੁਕਮਨਾਮੇ ਜਾਰੀ ਕੀਤੇ ਗਏ ।ਹਰ ਦੀਨ ਦੁਖੀ ਦੇ ਦੁੱਖ ਨਵਿਰਤ ਕੀਤੇ ।ਢਾਡੀ ਪ੍ਰੰਪਰਾ ਦਾ ਅਗਾਜ਼ ਕੀਤਾ ।ਬੀਰ ਰਸੀ ਵਾਰਾਂ ਰਾਹੀ ਸਿੱਖ ਸੰਗਤਾਂ ਵਿੱਚ ਜੋਸ਼ ਭਰਨ ਦਾ ਇਹ ਇੱਕ ਉਪਰਾਲਾ ਸੀ। 1609 ਈ: ਵਿੱਚ ਅੰਮ੍ਰਿਤਸਰ ਵਿੱਚ ਲੋਹਗੜ੍ਹ ਕਿਲੇ ਦੀ ਉਸਾਰੀ ਕਰਵਾਈ ।ਅਗਲੇ ਹੀ ਸਾਲ ਬਿਬੇਕਸਰ ਸਰੋਵਰ ਦਾ ਨਿਰਮਾਣ ਕਰਵਾਇਆ। ਇਸੇ ਹੀ ਸਾਲ ਬਾਦਸ਼ਾਹ ਨੇ ਬਹਾਨੇ ਨਾਲ ਗੁਰੂ ਜੀ ਨੂੰ ਗਵਾਲੀਅਰ ਦੇ ਕਿਲੇ ਵਿੱਚ ਕੈਦ ਕਰ ਦਿੱਤਾ।

ਸਿੱਖ ਸੰਗਤਾਂ ਬਾਬਾ ਬੁੱਢਾ ਜੀ ਅਤੇ ਸਾਈਂ ਮੀਆਂ ਮੀਰ ਜੀ ਨਾਲ ਗਵਾਲੀਅਰ ਦੇ ਕਿਲੇ ਦੇ ਬਾਹਰ ਕੀਰਤਨ ਕਰਦੀਆਂ ਤੇ ਵਾਪਸ ਮੁੜ ਆਉਂਦੀਆਂ। ਇਸ ਪ੍ਰੰਪਰਾ ਨੂੰ 'ਚੌਂਕੀ ਸਾਹਬ' ਦਾ ਨਾਂ ਦਿੱਤਾ ਗਿਆ ।ਜਦੋਂ ਗੁਰੂ ਸਾਹਬ ਜੀ ਨੂੰ ਰਿਹਾਅ ਕੀਤਾ ਗਿਆ ਤਾਂ ਗੁਰੂ ਜੀ ਨੇ ਇਨਕਾਰ ਕਰ ਦਿੱਤਾ ਕਿ ਜਿੰਨ੍ਹੀ ਦੇਰ ਕਿਲੇ ਅੰਦਰ ਬੰਦ 52 ਹਿੰਦੂ ਰਾਜੇ ਰਿਹਾਅ ਨਹੀ ਕੀਤੇ ਜਾਂਦੇ, ਉਨ੍ਹੀ ਦੇਰ ਅਸੀ ਬਾਹਰ ਨਹੀ ਆ ਸਕਦੇ। ਬਾਦਸ਼ਾਹ ਦੇ ਕਹਿਣ ਤੇ ਕਿ ਜਿੰਨ੍ਹੇ ਤੁਹਾਡਾ

ਆਵਾਜ਼ਿ ਕੌਮ AWAZE QAUM International Newspaper & WEB TV

ਚੋਲਾ ਫੜ੍ਹ ਕੇ ਬਾਹਰ ਆ ਜਾਣ ਉਹ ਰਿਹਾਅ ਕਰ ਦਿੱਤੇ ਜਾਣਗੇ। ਗੁਰੂ ਜੀ ਨੇ 52 ਕਲੀਆਂ ਵਾਲਾ ਚੋਲਾ ਸਵਾਇਆ ਤੇ ਉਸ ਚੋਲੇ ਦੀ ਇੱਕ-ਇੱਕ ਕਲੀ ਫੜ ਕੇ 52 ਰਾਜੇ ਹੀ ਬਾਹਰ ਆ ਗਏ। ਉਸ ਦਿਨ ਤੋਂ ਆਪ 'ਬੰਦੀ ਛੋੜ' ਦਾਤੇ ਬਣ ਗਏ ।ਅੰਮ੍ਰਿਤਸਰ ਪੁੱਜਣ ਤੇ ਸਿੱਖ ਸੰਗਤਾਂ ਨੇ ਗੁਰੂ ਸਾਹਬ ਜੀ ਦੀ ਆਉਣ ਦੀ ਖੁਸ਼ੀ ਵਿੱਚ ਦੀਪ ਮਾਲਾ ਕੀਤੀ ਤੇ ਦੀਵਾਲੀ ਮਨਾਈ। ਜੋ ਇਹ ਪ੍ਰੰਪਰਾ ਨਿਰੰਤਰ ਜਾਰੀ ਹੈ।

ਇਤਿਹਾਸ ਵਿੱਚ ਗੁਰੂ ਹਰਿਗੋਬਿੰਦ ਸਾਹਿਬ ਜੀ ਦੀਆਂ ਤਿੰਨ ਸ਼ਾਦੀਆਂ ਦਾ ਜ਼ਿਕਰ ਆਉਂਦਾ ਹੈ ।ਪਹਿਲੀ ਸ਼ਾਦੀ 1604 ਈ: ਵਿੱਚ ਪਿੰਡ ਡੱਲੇ ਦੇ ਵਸਨੀਕ ਨਰਾਇਣ ਦਾਸ ਜੀ ਦੀ ਸਪੁੱਤਰੀ ਬੀਬੀ ਦਮੋਦਰੀ ਜੀ ਨਾਲ ਹੋਈ ।ਦੂਸਰੀ ਸ਼ਾਦੀ 1613 ਈ: ਵਿੱਚ ਬਾਬਾ ਬਕਾਲਾ ਨਿਵਾਸੀ ਹਰੀ ਚੰਦ ਜੀ ਦੀ ਸਪੁੱਤਰੀ ਮਾਤਾ ਨਾਨਕੀ ਜੀ ਨਾਲ ਹੋਈ। ਤੀਜੀ ਸ਼ਾਦੀ 1615 ਈ: ਵਿੱਚ ਦਯਾ ਰਾਮ ਜੀ ਦੀ ਸਪੁੱਤਰੀ ਮਹਾਂਦੇਵੀ ਜੀ ਨਾਲ ਹੋਈ ।ਆਪ ਜੀ ਦੇ ਗ੍ਰਹਿ ਪੰਜ ਸਪੁੱਤਰ ਬਾਬਾ ਗੁਰਦਿੱਤਾ ਜੀ, ਬਾਬਾ ਅਣੀ ਰਾਏ ਜੀ, ਬਾਬਾ ਸੂਰਜ ਮੱਲ ਜੀ, ਬਾਬਾ ਅਟੱਲ ਰਾਏ ਜੀ, ਗੁਰੂ ਤੇਗ ਬਹਾਦਰ ਜੀ ਤੇ ਇੱਕ ਸਪੁੱਤਰੀ ਬੀਬੀ ਵੀਰੋ ਜੀ ਨੇ ਜਨਮ ਲਿਆ। 1628 ਈ: ਨੂੰ ਜਹਾਂਗੀਰ ਇਸ ਜਹਾਨੋਂ ਰੁਖਸਤ ਹੋ ਗਿਆ। ਉਸ ਤੋਂ ਬਾਦ ਉਸਦਾ ਪੁੱਤਰ ਸ਼ਾਹ ਜਹਾਨ ਤਖਤ ਤੇ ਬੈਠਾ।

ਰਾਜ ਭਾਗ ਦੀ ਵਾਗਡੋਰ ਸੰਭਾਲਦਿਆ ਹੀ ਉਸਨੇ ਸਿੱਖਾਂ ਤੇ ਜ਼ੁਲਮ ਢਾਹੁਣੇ ਸ਼ੁਰੂ ਕਰ ਦਿੱਤੇ ।ਇਸ ਦਾ ਮੂੰਹ ਤੋੜ ਜਵਾਬ ਦੇਣ ਲਈ ਗੁਰੂ ਸਾਹਬ ਜੀ ਨੇ ਆਪਣੀ ਜ਼ਿੰਦਗੀ ਵਿੱਚ ਚਾਰ ਪ੍ਰਮੁੱਖ ਜੰਗਾਂ ਲੜੀਆਂ ਤੇ ਚਾਰੋਂ ਤੇ ਸ਼ਾਨਦਾਰ ਜਿੱਤਾਂ ਪ੍ਰਾਪਤ ਕੀਤੀਆਂ।

1626 ਈ: ਵਿੱਚ ਗੁਰੂ ਸਾਹਬ ਜੀ ਨੇ ਕੀਰਤਪੁਰ ਸ਼ਹਿਰ ਵਸਾਇਆਂ ।ਸਿੱਖਾਂ ਨੂੰ ਜ਼ਾਲਮਾਂ ਵਿਰੁੱਧ ਡਟਣ ਤੇ ਸਿਰ ਉੱਚਾ ਕਰਕੇ ਜੀਊਣ ਦੀ ਜਾਚ ਦੱਸੀ।

**-ਧਰਮਿੰਦਰ ਸਿੰਘ (ਚੱਬਾ),**
**ਪਿੰਡ ਤੇ ਡਾਕ: ਚੱਬਾ,**
**ਤਰਨਤਾਰਨ ਰੋਡ, ਅੰਮ੍ਰਿਤਸਰ**




ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਅੱਜ 'ਤੇ ਵਿਸ਼ੇਸ਼

# ਕਹਤੁ ਕਬੀਰ ਸੁਨਹੁ ਰੇ ਸੰਤਹੁ

**ਸ੍ਰੀ ਗੁਰੂ ਗ੍ਰੰਥ ਸਾਹਿਬ** ਵਿੱਚ ਗੁਰੂ ਸਾਹਿਬਾਨ ਤੋਂ ਇਲਾਵਾ ਭਗਤਾਂ, ਭੱਟਾਂ ਅਤੇ ਕੁਝ ਗੁਰਸਿੱਖਾਂ ਦੀ ਬਾਣੀ ਨੂੰ ਵੀ ਸ਼ਾਮਲ ਕੀਤਾ ਗਿਆ ਹੈ। ਇਨ੍ਹਾਂ ਭਗਤਾਂ ਵਿੱਚੋਂ ਭਗਤ ਕਬੀਰ ਜੀ ਨੂੰ ਸ੍ਰੀ ਗੁਰੂ ਅਰਜਨ ਦੇਵ ਜੀ ਨੇ ਸ਼ਿਰੋਮਣੀ ਸਥਾਨ ਦਿੱਤਾ ਹੈ। ਅਰਥਾਤ ਭਗਤ-ਬਾਣੀ ਦੇ ਅੰਤਰਗਤ ਭਗਤ ਕਬੀਰ ਜੀ ਦੀ ਬਾਣੀ ਸਭ ਤੋਂ ਪਹਿਲਾਂ ਦਿੱਤੀ ਹੋਈ ਹੈ। ਆਪ ਦੇ ਜਨਮ, ਦਿਹਾਂਤ ਅਤੇ ਜੀਵਨ ਬਾਰੇ ਵਿਦਵਾਨਾਂ ਵਿਚ ਕਾਫੀ ਮੱਤਭੇਦ ਹਨ, ਪਰ ਤਾਂ ਵੀ ਇੱਕ ਮਾਨਤਾ ਅਨੁਸਾਰ ਆਪ 1398 ਈ. ਵਿੱਚ ਬਨਾਰਸ ਵਿਖੇ ਪੈਦਾ ਹੋਏ।

ਆਪ ਦੀ ਪਰਵਰਿਸ਼ ਨੀਰੂ ਜੁਲਾਹੇ ਅਤੇ ਮਾਤਾ ਨੀਮਾ ਨੇ ਕੀਤੀ ਅਤੇ ਆਪ ਦਾ ਨਾਂ ਕਬੀਰ ਰੱਖਿਆ। ਕਬੀਰ ਜੀ ਇੱਕ ਗ੍ਰਹਿਸਥੀ ਵਿਅਕਤੀ ਸਨ। ਆਪ ਦੀ ਪਤਨੀ ਦਾ ਨਾਂ ਲੋਈ ਅਤੇ ਪੁੱਤਰ ਦਾ ਨਾਂ ਕਮਾਲ ਸੀ। ਆਪ 120 ਸਾਲ ਦੀ ਉਮਰ ਵਿੱਚ 1518 ਈ.

ਆਵਾਜ਼ਿ ਕੌਮ AWAZE QAUM International Newspaper & WEB TV

ਵਿੱਚ ਮਗਹਰ ਵਿਖੇ ਬ੍ਰਹਮਲੀਨ ਹੋ ਗਏ।

ਮਾਤਾ-ਪਿਤਾ ਮੁਸਲਮਾਨ ਹੋਣ ਕਰਕੇ ਉਹ ਕਬੀਰ ਜੀ ਨੂੰ ਮੁਸਲਮਾਨੀ ਮੱਤ ਵੱਲ ਲਾਉਣਾ ਚਾਹੁੰਦੇ ਸਨ। ਪਰ ਕਬੀਰ ਜੀ ਦੀ ਰੁਚੀ ਰਾਮ ਨਾਮ ਜਪਣ ਵੱਲ ਵਧੇਰੇ ਪ੍ਰਬਲ ਸੀ। ਕਬੀਰ ਜੀ ਆਪਣੇ ਘਰ ਵਿਚ ਕੱਪੜਾ ਬੁਣਨ ਦਾ ਕੰਮ ਕਰਦੇ ਸਨ, ਪਰ ਉਸ ਸਮੇਂ ਦਾ ਬ੍ਰਾਹਮਣ-ਵਰਗ ਆਪ ਨੂੰ ਜੁਲਾਹਾ ਹੋਣ ਕਰਕੇ ਸ਼ੂਦਰ ਸਮਝਦਾ ਸੀ।

ਸ੍ਰੀ ਗੁਰੂ ਗ੍ਰੰਥ ਸਾਹਿਬ ਵਿੱਚ ਮਿਲਦੇ 31 ਰਾਗਾਂ ਵਿੱਚੋਂ ਕਬੀਰ ਜੀ ਦੀ ਬਾਣੀ 17 ਰਾਗਾਂ ਵਿਚ ਸੰਕਲਿਤ ਹੈ, ਜਿਸ ਵਿੱਚ ਸਿਰੀ, ਗਉੜੀ, ਆਸਾ, ਗੂਜਰੀ, ਸੋਰਠਿ, ਧਨਾਸਰੀ, ਤਿਲੰਗ, ਸੂਹੀ, ਬਿਲਾਵਲ, ਗੋਂਡ, ਰਾਮਕਲੀ, ਮਾਰੂ, ਕੇਦਾਰਾ, ਭੈਰਉ, ਬਸੰਤ, ਸਾਰੰਗ ਤੇ ਪ੍ਰਭਾਤੀ ਰਾਗ ਸ਼ਾਮਲ ਹਨ। ਇਸ ਮੁਤਾਬਕ ਆਪ ਦੇ ਕੁੱਲ 225 ਸ਼ਬਦ, ਇੱਕ ਬਾਵਨ ਅੱਖਰੀ, ਇੱਕ ਥਿਤੀ, ਇੱਕ ਸਤਵਾਰਾ ਅਤੇ 243 ਸਲੋਕ ਸੰਕਲਿਤ ਹਨ। ਇਸ ਪ੍ਰਕਾਰ ਆਪ ਦੀ ਬਾਣੀ ਹੋਰ ਸਾਰੇ ਭਗਤ ਕਵੀਆਂ ਨਾਲੋਂ ਵਧੀਕ ਹੈ। ਡਾ. ਜੋਧ ਸਿੰਘ, ਡਾ. ਮੋਹਨ ਸਿੰਘ ਦੀਵਾਨਾ, ਡਾ. ਤਾਰਨ ਸਿੰਘ ਅਤੇ ਡਾ. ਰਾਜ ਕੁਮਾਰ ਵਰਮਾ ਜਿਹੇ ਵਿਦਵਾਨਾਂ ਦਾ ਮੱਤ ਹੈ ਕਿ ਆਦਿ ਗ੍ਰੰਥ ਵਿਚ ਸ਼ਾਮਲ ਬਾਣੀ ਹੀ ਕਬੀਰ ਜੀ ਦੀ ਅਸਲੀ ਬਾਣੀ ਹੈ, ਜਦ ਕਿ ਕਬੀਰ ਜੀ ਦੀ ਹੋਰ ਥਾਂਵਾਂ ਤੇ ਮਿਲਦੀ ਬਾਣੀ ਵਿੱਚ ਮਿਲਾਵਟ ਦਾ ਅੰਸ਼ ਮਿਲਦਾ ਹੈ।

ਕਬੀਰ ਜੀ ਦਾ ਸਮੁੱਚਾ ਜੀਵਨ ਬਹੁਤ ਹੀ ਪਵਿੱਤਰ ਅਤੇ ਸਿੱਖਿਆਦਾਇਕ ਸੀ। ਉਹ ਆਪਣੇ ਪਿਤਾ ਦੇ ਕੰਮਾਂ ਵਿੱਚ ਹੱਥ ਵਟਾਉਂਦੇ, ਦਸਾਂ ਨਹੁੰਆਂ ਦੀ ਕਿਰਤ ਕਰਦੇ ਅਤੇ ਪ੍ਰਭੂ ਦੀ ਭਗਤੀ ਲਈ ਵੀ ਸਮਾਂ ਕਢਦੇ। ਆਪ ਦੀ ਬਾਣੀ ਵਿੱਚ ਫੋਕਟ ਕਰਮਕਾਂਡਾਂ, ਮੂਰਤੀ ਪੂਜਾ ਦੇ ਖੰਡਨ ਦੇ ਨਾਲ-ਨਾਲ ਨੈਤਿਕਤਾ, ਪ੍ਰੇਮ, ਭਗਤੀ, ਨਿਰਭੈਤਾ, ਮਾਇਆ, ਸੰਪਰਦਾਇਕ ਭਾਵਨਾ, ਆਦਿ ਵਿਚਾਰਾਂ ਦੀ ਨਿਸ਼ਾਨਦੇਹੀ ਹੋਈ ਹੈ।

ਕਬੀਰ ਜੀ ਸਾਰੀ ਸ੍ਰਿਸ਼ਟੀ ਨੂੰ ਇੱਕੋ ਪਰਮਜੋਤ ਤੋਂ ਪੈਦਾ ਹੋਈ ਮੰਨਦੇ ਹਨ। ਸਿੱਖ ਧਰਮ ਦੇ ਹੋਰ ਸਾਰੇ ਗੁਰੂਆਂ ਵਾਂਗ ਕਬੀਰ ਜੀ ਵੀ ਸਾਰੇ ਮਨੁੱਖਾਂ ਵਿੱਚ ਪਰਮਾਤਮਾ ਨੂੰ ਵੇਖਦੇ ਹਨ। ਭਗਤ ਕਬੀਰ ਜੀ ਅਨੁਸਾਰ ਇਹ ਸਾਰੀ ਸ੍ਰਿਸ਼ਟੀ ਪਰਮਾਤਮਾ ਦੀ ਬਣਾਈ ਹੋਈ ਹੈ ਅਤੇ ਉਹ ਆਪ ਵੀ ਸਾਰੀ ਲੋਕਾਈ ਵਿੱਚ ਰਮਿਆ ਹੋਇਆ ਹੈ:

**ਅਵਲਿ ਅਲਹ ਨੂਰੁ ਉਪਾਇਆ ਕੁਦਰਤਿ ਕੇ ਸਭ ਬੰਦੇ॥**
**ਏਕ ਨੂਰ ਤੇ ਸਭੁ ਜਗੁ ਉਪਜਿਆ ਕਉਨ ਭਲੇ ਕੋ ਮੰਦੇ॥**
**ਲੋਗਾ ਭਰਮਿ ਨ ਭੂਲਹੁ ਭਾਈ॥**



**ਖਾਲਿਕੁ ਖਲਕ ਖਲਕ ਮਹਿ ਖਾਲਿਕੁ ਪੂਰਿ ਰਹਿਓ ਸ੍ਰਬ ਠਾਂਈ॥ (ਰਹਾਉ)॥**

(ਪੰਨਾ 1349)

ਕਬੀਰ ਜੀ ਨਿਰਭਉ ਤੇ ਨਿਡਰ ਸ਼ਖ਼ਸੀਅਤ ਦੇ ਵਿਅਕਤੀ ਸਨ। ਉਹ ਮਾਨਵ-ਵਿਰੋਧੀ ਰਵਾਇਤਾਂ ਜਾਂ ਪਰਿਪਾਟੀਆਂ ਦੇ ਸਖ਼ਤ ਖ਼ਿਲਾਫ਼ ਸਨ। ਬ੍ਰਾਹਮਣਵਾਦ ਦੀ ਵਰਣ-ਵੰਡ ਤੇ ਜਿੰਨੀ ਸ਼ਿੱਦਤ ਨਾਲ ਆਪਨੇ ਵਾਰ ਕੀਤਾ, ਉਨਾਂ ਉੱਤਰੀ ਭਾਰਤ ਦੇ ਕਿਸੇ ਵੀ ਹੋਰ ਸੰਤ-ਮਹਾਤਮਾ ਨੇ ਨਹੀਂ ਕੀਤਾ। ਆਪਣੀ ਬਾਣੀ ਵਿਚ ਉਹਨਾਂ ਨੇ ਅਖੌਤੀ ਬ੍ਰਾਹਮਣਾਂ ਨੂੰ ਸਿੱਧੇ ਤੌਰ ਤੇ ਵੰਗਾਰਿਆ ਹੈ:

**ਜੌ ਤੂ ਬ੍ਰਾਹਮਣੁ ਬ੍ਰਾਹਮਣੀ ਜਾਇਆ॥**
**ਤਉ ਆਨ ਬਾਟ ਕਾਹੇ ਨਹੀ ਆਇਆ॥**
**ਤੁਮ ਕਤ ਬ੍ਰਾਹਮਣ ਹਮ ਕਤ ਸੂਦ॥**
**ਹਮ ਕਤ ਲੋਹੂ ਤੁਮ ਕਤ ਦੂਧ॥**
**ਕਹੁ ਕਬੀਰ ਜੋ ਬ੍ਰਹਮੁ ਬੀਚਾਰੈ॥**
**ਸੋ ਬ੍ਰਾਹਮਣ ਕਹੀਅਤੁ ਹੈ ਹਮਾਰੈ॥** (ਪੰਨਾ 324)

ਕਬੀਰ ਜੀ ਦੇ ਸਮੇਂ ਵਿੱਚ ਕਈ ਤਰ੍ਹਾਂ ਦੇ ਨਸ਼ਿਆਂ ਨੇ ਲੋਕਾਂ ਨੂੰ ਗ੍ਰੱਸਿਆ ਹੋਇਆ ਸੀ, ਜੋ ਵਿਅਕਤੀ ਦੇ ਮਨ ਤੇ ਬੁਰਾ ਪ੍ਰਭਾਵ ਪਾਉਂਦੇ ਸਨ। ਹਰ ਤਰ੍ਹਾਂ ਦੇ ਨਸ਼ੇ ਵਿਚ ਜ਼ਿਹਰ ਹੁੰਦੀ ਹੈ, ਜੋ ਵਿਅਕਤੀ ਦੇ ਸਰੀਰ ਨੂੰ ਕੁਝ ਸਮੇਂ ਲਈ ਬੇਸੁਰਤ ਕਰਕੇ ਉਸਤੋਂ ਗਲ਼ਤ ਕੰਮ ਕਰਵਾਉਂਦੀ ਹੈ। ਕਬੀਰ ਜੀ ਨੇ ਇਨ੍ਹਾਂ ਨਸ਼ਿਆਂ ਦਾ ਸੇਵਨ ਕਰਨ ਵਾਲੇ ਵਿਅਕਤੀਆਂ ਨੂੰ ਆਚਰਣ ਤੋਂ ਡਿੱਗੇ ਹੋਏ ਸਿੱਧ ਕੀਤਾ ਹੈ:

**ਕਬੀਰ ਭਾਂਗ ਮਾਛੁਲੀ ਸੁਰਾ ਪਾਨਿ ਜੋ ਜੋ ਪ੍ਰਾਨੀ ਖਾਂਹਿ॥**
**ਤੀਰਥ ਬਰਤ ਨੇਮ ਕੀਏ ਤੇ ਸਭੈ ਰਸਾਤਲਿ ਜਾਂਹਿ॥** (ਪੰਨਾ 1377)

ਕਬੀਰ-ਬਾਣੀ ਵਿੱਚ ਡਰ ਜਾਂ ਘਬਰਾਹਟ ਨੂੰ ਕੋਈ ਸਥਾਨ ਪ੍ਰਾਪਤ ਨਹੀਂ ਹੈ, ਸਗੋਂ ਉਹ ਵਿਅਕਤੀ ਨੂੰ ਸੂਰਮਾ ਬਣਾਉਣਾ ਲੋਚਦੇ ਸਨ, ਜਿਹੜਾ ਜੰਗੇ-ਮੈਦਾਨ ਵਿਚ ਪੁਰਜ਼ਾ-ਪੁਰਜ਼ਾ ਹੋ ਕੇ ਕੱਟਿਆ ਜਾਂਦਾ ਹੈ, ਪਰ ਆਪਣੇ ਧਰਮ ਦੀ ਪਾਲਣਾ ਹਿੱਤ ਪਿੱਠ ਨਹੀਂ ਵਿਖਾਉਂਦਾ। ਅਜਿਹੇ ਬਹਾਦਰ ਹੀ ਰਣਭੂਮੀ ਵਿੱਚ ਜੂਝ ਮਰਨ ਨੂੰ ਪਹਿਲ ਦਿੰਦੇ ਹਨ:

**ਗਗਨ ਦਮਾਮਾ ਬਾਜਿਓ ਪਰਿਓ ਨੀਸਾਨੈ ਘਾਓ॥**
**ਖੇਤੁ ਜੁ ਮਾਂਡਿਓ ਸੂਰਮਾ ਅਬ ਜੂਝਨ ਕੋ ਦਾਓ॥**
**ਸੂਰਾ ਸੋ ਪਹਿਚਾਨੀਐ ਜੁ ਲਰੈ ਦੀਨ ਕੇ ਹੇਤ॥**
**ਪੁਰਜਾ ਪੁਰਜਾ ਕਟਿ ਮਰੈ ਕਬਹੂ ਨ ਛਾਡੈ ਖੇਤੁ॥** (ਪੰਨਾ 1105)

ਕਬੀਰ ਜੀ ਮੂਰਤੀ ਪੂਜਾ ਜਿਹੇ ਮਿਥਿਆ ਕਰਮਾਂ ਵਿੱਚ ਵਿਸ਼ਵਾਸ ਨਹੀਂ ਸਨ ਰੱਖਦੇ। ਜੋ ਲੋਕ ਪੱਥਰ ਦੀਆਂ ਮੂਰਤਾਂ ਨੂੰ ਪਰਮਾਤਮਾ ਸਮਝ ਕੇ ਪੂਜਦੇ ਹਨ, ਉਨ੍ਹਾਂ ਦੀ ਸਾਰੀ ਪੂਜਾ ਫ਼ਜ਼ੂਲ ਹੈ। ਇਹ ਗੂੰਗੇ ਪੱਥਰ ਪਰਮਾਤਮਾ ਨਹੀਂ ਹੋ ਸਕਦੇ ਤੇ ਨਾ ਹੀ ਕਿਸੇ ਪੱਥਰ ਦੀ ਮੂਰਤੀ ਵਿਚ ਕੋਈ ਦੈਵੀ-ਸ਼ਕਤੀ ਹੁੰਦੀ ਹੈ। ਕਬੀਰ ਜੀ ਦਾ ਫੁਰਮਾਨ ਹੈ:

**ਜੋ ਪਾਥਰ ਕਉ ਕਹਤੇ ਦੇਵ॥**
**ਤਾ ਕੀ ਬਿਰਥੀ ਹੋਵੈ ਸੇਵ॥**
**ਜੋ ਠਾਕੁਰ ਕੀ ਪਾਈਂ ਪਾਇ॥**
**ਤਿਸ ਕੀ ਘਾਲ ਅਜਾਈ ਜਾਇ॥** (ਪੰਨਾ 1160)
**ਪਾਤੀ ਤੋਰੈ ਮਾਲਿਨੀ ਪਾਤੀ ਪਾਤੀ ਜੀਉ॥**
**ਜਿਸ ਪਾਹਨੁ ਕਉ ਪਾਤੀ ਤੋਰੈ ਸੋ ਪਾਹਨ ਨਿਰਜੀਉ॥**
**ਭੂਲੀ ਮਾਲਨੀ ਹੈ ਏਉ॥**
**ਸਤਿਗੁਰ ਜਾਗਤਾ ਹੈ ਦੇਉ॥** (ਪੰਨਾ 479)

ਬਨਾਰਸ ਵਿਚ ਰਹਿਣ ਕਰਕੇ ਕਬੀਰ ਜੀ ਨੂੰ ਇਸਲਾਮ ਅਤੇ ਹਿੰਦੂ ਧਰਮ ਵਿਚਲੀ ਕੱਟੜਤਾ ਅਤੇ ਕਰਮਕਾਂਡਾਂ ਬਾਰੇ ਨਿੱਜੀ ਅਤੇ ਡੂੰਘਾ ਅਨੁਭਵ ਸੀ। ਇਸੇ ਕਰਕੇ ਆਪਨੇ ਇਨ੍ਹਾਂ ਲੋਕਾਂ ਦੀਆਂ ਗਲਤ ਕਦਰਾਂ-ਕੀਮਤਾਂ ਦੇ ਪਾਜ ਉਧੇੜੇ। ਉਹ ਵਿਅਕਤੀ ਨੂੰ ਬਾਹਰੋਂ ਜਾਂ ਵਿਖਾਵੇ ਵਜੋਂ ਚੰਗਾ ਬਣਾਉਣ ਦੀ ਥਾਂ ਅੰਦਰੂਨੀ ਤੌਰ ਤੇ ਸ਼ੁਭ ਅਮਲਾਂ ਵਾਲਾ ਇਨਸਾਨ ਬਣਾਉਣਾ ਚਾਹੁੰਦੇ ਸਨ। ਇਸੇ ਲਈ ਉਹ ਪ੍ਰਭੂ ਨੂੰ ਬਾਹਰੋਂ ਢੂੰਡਣ ਦੀ ਥਾਂ ਅੰਦਰੋਂ ਖੋਜਣ ਦੀ ਪ੍ਰਵਿਰਤੀ ਉੱਤੇ ਜ਼ੋਰ ਦਿੰਦੇ ਸਨ। ਉਨ੍ਹਾਂ ਦੀ ਬਾਣੀ ਵਿਚ ਨਫ਼ਰਤ, ਈਰਖਾ, ਸ਼ੱਕ ਦੀ ਥਾਂ ਤੇ ਪਿਆਰ, ਸਹਿਣਸ਼ੀਲਤਾ ਅਤੇ ਸ਼ਰਧਾ ਦੇ ਦੀਦਾਰ ਹੁੰਦੇ ਹਨ। ਇਹ ਸਾਰੇ ਅਜਿਹੇ ਸਦਗੁਣ ਹਨ, ਜਿਨ੍ਹਾਂ ਨੂੰ ਸਦਾਚਾਰਕ ਅਤੇ ਨੈਤਿਕਤਾ ਦੇ ਘੇਰੇ ਵਿਚ ਰੱਖਿਆ ਜਾ ਸਕਦਾ ਹੈ। ਕਬੀਰ ਜੀ ਦੀ ਬਾਣੀ ਵਿਚੋਂ ਦ੍ਰਿਸ਼ਟੀਗੋਚਰ ਹੁੰਦੇ ਕੁਝ ਹੋਰ ਮਹੱਤਵਪੂਰਨ ਸੰਕਲਪ ਹੇਠ ਲਿਖੀਆਂ ਪੰਕਤੀਆਂ ਵਿੱਚ ਵੇਖੇ ਜਾ ਸਕਦੇ ਹਨ:

**ਅਲਹੁ ਏਕੁ ਮਸੀਤਿ ਬਸਤੁ ਹੈ ਅਵਰੁ ਮੁਲਖੁ ਕਿਸ ਕੇਰਾ॥**
**ਹਿੰਦੂ ਮੂਰਤਿ ਨਾਮ ਨਿਵਾਸੀ ਦੁਹ ਮਹਿ ਤਤੁ ਨ ਹੇਰਾ॥** (ਪੰਨਾ 1349)

**ਕਬੀਰ ਸਭ ਤੇ ਹਮ ਬੁਰੇ ਹਮ ਤਜਿ ਭਲੋ ਸਭੁ ਕੋਇ॥**
**ਜਿਨਿ ਐਸਾ ਕਰ ਬੂਝਿਆ ਮੀਤੁ ਹਮਾਰਾ ਸੋਇ॥** (ਪੰਨਾ 1364)

**ਕਬੀਰ ਮਰਤਾ ਮਰਤਾ ਜਗੁ ਮੂਆ ਮਰਿ ਭੀ ਨ ਜਾਨਿਆ ਕੋਇ॥**
**ਐਸੇ ਮਰਨੇ ਜੋ ਮਰੈ ਬਹੁਰਿ ਨ ਮਰਨਾ ਹੋਇ॥** (ਪੰਨਾ 1365)

**ਕਬੀਰ ਮਾਨਸ ਜਨਮੁ ਦੁਲੰਭੁ ਹੈ ਹੋਇ ਨ ਬਾਰੈ ਬਾਰ॥**
**ਜਿਉ ਬਨ ਫਲ ਪਾਕੇ ਭੁਇ ਗਿਰਹਿ ਬਹੁਰਿ ਨ ਲਾਗਹਿ ਡਾਰ॥** (ਪੰਨਾ 1366)

**ਕਬੀਰ ਮੁਹਿ ਮਰਨੇ ਕਾ ਚਾਉ ਹੈ ਮਰਉ ਤ ਹਰਿ ਕੈ ਦੁਆਰ॥**
**ਮਤ ਹਰਿ ਪੂਛੈ ਕਉਨੁ ਹੈ ਪਰਾ ਹਮਾਰੈ ਬਾਰ॥** (ਪੰਨਾ 1367)

**ਕਬੀਰ ਕਾਲਿ ਕਰੰਤਾ ਅਬਹਿ ਕਰੁ ਅਬ ਕਰਤਾ ਸੁਇ ਤਾਲ॥**
**ਪਾਛੈ ਕਛੂ ਨ ਹੋਇਗਾ ਜਉ ਸਿਰ ਪਰਿ ਆਵੈ ਕਾਲੁ॥** (ਪੰਨਾ 1371)

**ਕਬੀਰ ਸਾਤ ਸਮੁੰਦਹਿ ਮਸੁ ਕਰਉ ਕਲਮ ਕਰਉ ਬਨਰਾਇ॥**
**ਬਸੁਧਾ ਕਾਗਦੁ ਜਉ ਕਰਉ ਹਰਿ ਜਸੁ ਲਿਖਨੁ ਨ ਜਾਇ॥** (ਪੰਨਾ 1367)

ਕਬੀਰ ਜੀ ਦੇ ਸਮੇਂ ਵਿਚ ਹਿੰਦੂ, ਮੁਸਲਿਮ, ਬੁੱਧ, ਜੈਨ, ਨਾਥ, ਜੋਗੀ ਆਦਿ ਆਪੋ-ਆਪਣੀ ਥਾਂ ਕਾਰਜਸ਼ੀਲ ਸਨ, ਪਰ ਇਨ੍ਹਾਂ ਦੇ ਆਗੂ ਲੋਕ-ਭਲਾਈ ਦੀ ਥਾਂ ਸੁਆਰਥ ਵਿੱਚ ਗਲਤਾਨ ਸਨ ਅਤੇ ਕੱਟੜਵਾਦੀ ਵਿਚਾਰਧਾਰਾ ਕਰਕੇ ਇਕ-ਦੂਜੇ ਨੂੰ ਭੰਡ ਰਹੇ ਸਨ। ਅਜਿਹੇ ਮਾਹੌਲ ਵਿੱਚ ਲੋਕਾਈ ਨੂੰ ਸਦਾਚਾਰਕ ਸਿੱਖਿਆ ਦੇਣੀ ਵਾਕਈ ਜੋਖਮ ਵਾਲਾ ਕਾਰਜ ਸੀ। ਭਗਤ ਕਬੀਰ ਜੀ ਨੇ ਜਨ-ਸਾਧਾਰਨ ਨਾਲ ਸਾਂਝ ਬਣਾ ਕੇ ਲੋਕ-ਕਾਵਿ ਅਤੇ ਲੋਕ-ਭਾਸ਼ਾ ਵਿਚ 'ਬ੍ਰਹਮ ਬੀਚਾਰ' ਕੀਤਾ।

**-ਪ੍ਰੋ. ਨਵ ਸੰਗੀਤ ਸਿੰਘ, ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ-151302 (ਬਠਿੰਡਾ) 9417692015**

## ਵਿਸ਼ਵ ਯੋਗਾ ਦਿਵਸ ਮੌਕੇ ਸਿਹਤ ਵਿਭਾਗ ਨੇ

# ਵੱਖ-ਵੱਖ ਪਿੰਡਾਂ 'ਚ ਲੋਕਾਂ ਨੂੰ ਕਰਵਾਇਆ ਯੋਗਾ



**ਤਲਵੰਡੀ ਸਾਬੋ, 21 ਜੂਨ (ਗੁਰਜੰਟ ਸਿੰਘ ਨਥੇਹਾ)-** ਭਾਰਤ ਸਰਕਾਰ ਦੇ ਆਯੂਸ਼ ਮੰਤਰਾਲੇ ਅਤੇ ਸਿਹਤ ਵਿਭਾਗ ਪੰਜਾਬ ਵਲੋਂ ਸਿਵਲ ਸਰਜਨ ਬਠਿੰਡਾ ਤੇ ਸੀਨੀਅਰ ਮੈਡੀਕਲ ਅਫ਼ਸਰ ਤਲਵੰਡੀ ਡਾਕਟਰ ਦਰਸ਼ਨ ਕੌਰ ਦੀ ਅਗਵਾਈ ਹੇਠ ਬਲਾਕ ਦੇ ਵੱਖ-ਵੱਖ ਪਿੰਡਾਂ ਵਿੱਚ ਲੋਕਾਂ ਨੂੰ ਯੋਗ ਦੀ ਮਹੱਤਤਾ ਦੱਸਣ ਦੇ ਨਾਲ ਨਾਲ ਯੋਗਾ ਗਤੀਵਿਧੀਆਂ ਵੀ ਕੀਤੀਆਂ ਗਈਆਂ। ਇਸ ਮੌਕੇ ਸਮੁਦਾਇਕ ਸ਼ਹੀਦ ਬਾਬਾ ਦੀਪ ਸਿੰਘ ਤਲਵੰਡੀ ਸਾਬੋ ਵਿਖੇ ਸਿਹਤ ਕਰਮਚਾਰੀਆਂ ਵੱਲੋਂ ਵੀ ਯੋਗਾ ਕਰਕੇ ਦਿਨ ਮਨਾਉਂਦੇ ਹੋਏ ਮਰੀਜ਼ਾਂ ਨੂੰ ਯੋਗ ਦੀਆਂ ਵਿਧੀਆਂ ਦੇ ਨਾਲ ਨਾਲ ਸਰੀਰ ਨੂੰ ਹੋਣ ਵਾਲੇ ਲਾਭ ਬਾਰੇ ਵੀ ਦੱਸਿਆ ਗਿਆ। ਡਾ. ਧੀਰਜ ਜਿੰਦਲ ਨੇ ਜਾਣਕਾਰੀ ਦਿੰਦਿਆਂ ਕਿਹਾ ਕਿ ਅੰਤਰਰਾਸ਼ਟਰੀ ਯੋਗ ਦਿਵਸ ਹਰ ਸਾਲ ਯੋਗਾ ਦੀ ਮਹੱਤਤਾ ਦੱਸਣ ਅਤੇ ਇਸ ਬਾਰੇ ਲੋਕਾਂ ਵਿੱਚ ਜਾਗਰੂਕਤਾ ਫੈਲਾਉਣ ਲਈ ਮਨਾਇਆ ਜਾਂਦਾ ਹੈ। ਹਰ ਸਾਲ 21 ਜੂਨ ਨੂੰ ਅੰਤਰਰਾਸ਼ਟਰੀ ਯੋਗ ਦਿਵਸ ਮਨਾਉਣ ਲਈ ਇੱਕ ਥੀਮ ਰੱਖਿਆ ਜਾਂਦਾ ਹੈ। ਇਸ ਸਾਲ ਯੋਗਾ ਦਿਵਸ ਨੂੰ "ਯੋਗਾ ਆਪਣੇ ਲਈ ਅਤੇ ਸਮਾਜ ਲਈ" ਵਿਸ਼ੇ ਤਹਿਤ ਮਨਾਇਆ ਗਿਆ। ਗੁਰਸਿਮਰਤ ਕੌਰ ਬਲਾਕ ਹੈਲਥ ਐਜੂਕੇਟਰ ਨੇ ਦੱਸਿਆ ਕਿ ਯੋਗਾ ਸਿਰਫ਼ ਸਰੀਰਕ ਸਿਹਤ ਲਈ ਹੀ ਨਹੀਂ ਸਗੋਂ ਮਾਨਸਿਕ ਸਿਹਤ ਲਈ ਵੀ ਚੰਗਾ ਹੈ। ਯੋਗਾ ਰਾਹੀਂ ਅਸੀਂ ਆਪਣੇ ਸਰੀਰ, ਦਿਮਾਗ ਅਤੇ ਮਨ ਨੂੰ ਸੰਤੁਲਨ ਵਿੱਚ ਰੱਖ ਕੇ ਲੰਬਾ ਤੇ ਸਿਹਤਮੰਦ ਜੀਵਨ ਜੀ ਸਕਦੇ ਹਾਂ। ਡਾ. ਧੀਰਜ ਜਿੰਦਲ ਨੇ ਕਿਹਾ ਕਿ ਯੋਗਾ ਦਾ ਨਿਯਮਿਤ ਅਭਿਆਸ ਸਰੀਰ ਨੂੰ ਰੋਗ ਮੁਕਤ ਬਣਾਉਂਦਾ ਹੈ। ਤਣਾਅ ਵੀ ਦੂਰ ਹੁੰਦਾ ਹੈ। ਖ਼ੂਨ ਸੰਚਾਰ ਅਤੇ ਪਾਚਨ ਵਿੱਚ ਸੁਧਾਰ ਕਰਦਾ ਹੈ। ਉਨ੍ਹਾਂ ਯੋਗਾ ਕਰਦੇ ਸਮੇਂ, ਯੋਗ ਅਭਿਆਸ ਨਾਲ ਜੁੜੇ ਨਿਯਮਾਂ ਦਾ ਪਾਲਣ ਕਰਨ ਬਾਰੇ ਵੀ ਹਿਦਾਇਤ ਕਰਦਿਆਂ ਕਿਹਾ ਕਿ ਸਾਨੂੰ ਹਰ ਰੋਜ਼ ਘੱਟੋ-ਘੱਟ 35-40 ਮਿੰਟ ਯੋਗ ਅਭਿਆਸ ਕਰਨਾ ਚਾਹੀਦਾ ਹੈ ਅਤੇ ਇਹ ਅਭਿਆਸ ਕਿਸੇ ਮਾਹਿਰ ਯੋਗ ਅਧਿਆਪਕ ਦੀ ਨਿਗਰਾਨੀ ਹੇਠ ਕਰਨਾ ਚਾਹੀਦਾ ਹੈ। ਇਸ ਮੌਕੇ ਹੋਰਨਾਂ ਤੋਂ ਇਲਾਵਾ ਕੁਲਦੀਪ ਸਿੰਘ ਸਿਹਤ ਸੁਪਰਵਾਈਜਰ, ਰੁਪਿੰਦਰ ਕੌਰ ਅਤੇ ਰਮਨਜੀਤ ਕੌਰ ਕਮਿਊਨਟੀ ਹੈਲਥ ਅਫਸਰ, ਅਮਰਜੀਤ ਕੌਰ, ਬਲਵਿੰਦਰ ਕੌਰ ਅਤੇ ਮੋਨਿਕਾ ਰਾਣੀ ਏ.ਐਨ.ਐਮ, ਕੁਲਦੀਪ ਸਿੰਘ ਕਮਾਲੂ, ਹਰਪਾਲ ਸਿੰਘ ਗਿਆਨਾ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

# ਰਾਤੀ ਚੰਨ ਤੇ ਤਾਰੇ ਗੱਲਾਂ ਕਰਦੇ...



ਰਾਤੀ ਚੰਨ ਤੇ ਤਾਰੇ ਗੱਲਾਂ ਕਰਦੇ
ਗੱਲਾਂ ਕਰਦੇ ਨੇ ਬਹਿ ਬਹਿ ,
ਅੱਧੀ ਰਾਤ ਟਰੀਗੀ ਬੋਲੇ ,
ਡੱਡੂ ਬੋਲਣ ਟੈ ਟੈ ।
ਮਸਜਿਦ ਅੰਦਰ ਚਿੱਤ ਨਾ ਲੱਗੇ ,
ਨਮਾਜ਼ ਨਾ ਭਾਵੇ ਮੈਨੂੰ ,
ਲੈ ਗੋਰਖ ਨਾਥ ਤੋ ਜੋਗ ,
ਭਾਲ ਲਵਾਂ ਮੈ ਤੈਨੂੰ ,
ਮੇਰੇ ਅੰਦਰ ਤੂੰ ਹੀ ਵਸਦਾ ,
ਤੇਰੇ ਅੱਗੇ ਹਰ ਫਿੱਕੀ ਸੈਅ ।
ਰਾਤੀ ਚੰਨ ਤੇ ਤਾਰੇ ..........
ਮੈ ਕੀ ਮੰਗਣਾ ਰੱਬ ਕੋਲੋ ,
ਇਕ ਖੈਰ ਮੰਗਾਂ ਮੈ ਤੇਰੀ ,
ਆਜਾ ਸੱਜਣਾ ਘੁੰਢ ਚੱਕ ਦੇ ,
ਕਾਤੋ ਲਾਈ ਤੂੰ ਦੇਰੀ ,
ਰੰਗਲਾ ਪਲੰਘ ਉਡੀਕ ਰਿਹਾ ,
ਉਡੀਕ ਰਹੀ ਹਾਂ ਮੈ ।
ਰਾਤੀ ਚੰਨ ਤੇ ਤਾਰੇ ...............
ਲੰਮੀਆਂ ਕਿੰਨੀਆਂ ਨੇ ,ਦਰਦੀ',
ਤੇਰੇ ਸਹਿਰ ਦੀਆ ਵੇ ਰਾਹਵਾਂ,
ਮੈਨੂੰ ਦੱਸਦਾ ਨਾ ਕੋਈ ਏਥੇ ,
ਵੇ ਮੈ ਕਿੱਦਾ ਸਫਰ ਮੁਕਾਵਾਂ,
ਸ਼ਿਵ ਪੀੜ ਮੇਰੀ ਵੱਧਦੀ ਜਾਵੇ ,
ਆ ਸਾਰ ਮੇਰੀ ਤੂੰ ਲੈ ।
ਰਾਤੀ ਚੰਨ ਤੇ ਤਾਰੇ............

ਆਵਾਜ਼ਿ ਕੌਮ AWAZE QAUM International Newspaper & WEB TV



**-ਸ਼ਿਵਨਾਥ ਦਰਦੀ ਫ਼ਰੀਦਕੋਟ**
**ਸੰਪਰਕ:- 9855155392**

### ਨਸ਼ੇ ਖਿਲਾਫ ਵਿੱਢੀ ਮੁਹਿੰਮ ਤਹਿਤ ਤਲਵੰਡੀ ਸਾਬੋ ਪੁਲਸ ਨੇ

# ਪਿੰਡ ਸੀਗੋ 'ਚ ਚਲਾਇਆ ਸਰਚ ਅਪਰੇਸ਼ਨ







**ਤਲਵੰਡੀ ਸਾਬੋ, 21 ਜੂਨ (ਗੁਰਜੰਟ ਸਿੰਘ ਨਥੇਹਾ)**- ਸੂਬੇ ਵਿੱਚ ਫੈਲ ਰਹੇ ਨਸ਼ੇ ਖਿਲਾਫ ਪੰਜਾਬ ਸਰਕਾਰ ਦੇ ਹੁਕਮਾਂ ਦੇ ਮੱਦੇਨਜ਼ਰ ਡੀਜੀਪੀ ਪੰਜਾਬ ਗੌਰਵ ਯਾਦਵ ਆਈਪੀਐਸ ਵੱਲੋਂ ਨਸ਼ਾ ਤਸਕਰਾਂ ਅਤੇ ਨਸ਼ਿਆਂ ਖਿਲਾਫ ਸਖਤੀ ਵਰਤਣ ਦੀਆਂ ਜਾਰੀ ਹਦਾਇਤਾਂ ਨੂੰ ਦੇਖਦਿਆਂ ਜਿਲਾ ਪੁਲਿਸ ਮੁਖੀ ਬਠਿੰਡਾ ਦੀਪਕ ਪਾਰਕ ਦੇ ਆਦੇਸ਼ਾਂ ਮੁਤਾਬਿਕ ਅੱਜ ਤਲਵੰਡੀ ਸਾਬੋ ਪੁਲਿਸ ਨੇ ਪਿੰਡ ਸੀਗੋ ਵਿਖੇ ਤਲਾਸ਼ੀ ਅਭਿਆਨ ਚਲਾਉਂਦਿਆਂ ਘਰਾਂ ਅਤੇ ਵਾਹਨਾਂ ਦੀ ਤਲਾਸ਼ੀ ਲਈ ਅਤੇ ਕੁਝ ਸ਼ੱਕੀ ਵਿਅਕਤੀਆਂ ਨੂੰ ਹਿਰਾਸਤ 'ਚ ਲਿਆਉਂਦਿਆਂ ਪੁਲਿਸ ਵੱਲੋਂ ਕਈ ਵਾਹਣ ਫੜਨ ਦੀ ਵੀ ਜਾਣਕਾਰੀ ਮਿਲੀ ਹੈ। ਪੁਲਿਸ ਵੱਲੋਂ ਮੁਹੱਈਆ ਜਾਣਕਾਰੀ ਮੁਤਾਬਿਕ ਉਕਤ ਤਲਾਸ਼ੀ ਅਭਿਆਨ 'ਚ ਡੀ.ਐੱਸ.ਪੀ ਤਲਵੰਡੀ ਸਾਬੋ ਸ਼੍ਰੀ ਰਾਜੇਸ਼ ਸਨੇਹੀ ਅਤੇ ਅੱਧੀ ਦਰਜ਼ਨ ਥਾਣਿਆਂ ਦੇ ਥਾਣਾ ਮੁਖੀਆਂ ਤੋਂ ਇਲਾਵਾ ਵੱਡੀ ਗਿਣਤੀ ਪੁਲਿਸ ਮੁਲਾਜ਼ਮਾਂ ਨੇ ਸ਼ਮੂਲੀਅਤ ਕਰਦਿਆਂ ਪਿੰਡ ਸੀਗੋ ਨੂੰ ਆਉਣ ਵਾਲੇ ਅਤੇ ਪਿੰਡੋਂ ਬਾਹਰ ਜਾਣ ਵਾਲੇ ਰਸਤਿਆਂ 'ਤੇ ਨਾਕੇਬੰਦੀ ਕਰਕੇ ਤਲਾਸ਼ੀ ਮੁਹਿੰਮ ਚਲਾਈ। ਡੀ.ਐੱਸ.ਪੀ ਤਲਵੰਡੀ ਸਾਬੋ ਰਾਜੇਸ਼ ਸਨੇਹੀ ਨੇ ਦੱਸਿਆ ਕਿ ਉਕਤ ਤਲਾਸ਼ੀ ਅਭਿਆਨ ਤਹਿਤ ਪਿਛਲੇ ਸਮਿਆਂ 'ਚ ਨਸ਼ਾ ਤਸਕਰੀ 'ਚ ਸ਼ਾਮਿਲ ਰਹੇ ਕਈ ਵਿਅਕਤੀਆਂ ਦੇ ਘਰਾਂ ਦੇ ਨਾਲ-ਨਾਲ ਸ਼ੱਕੀ ਘਰਾਂ ਅੰਦਰ ਵੀ ਤਲਾਸ਼ੀ ਮੁਹਿੰਮ ਚਲਾਈ ਗਈ। ਉਨਾਂ ਕਿਹਾ ਕਿ ਇਲਾਕੇ ਅੰਦਰ ਕਿਸੇ ਕਿਸਮ ਦਾ ਨਸ਼ਾ ਨਹੀ ਵਿਕਣ ਦਿੱਤਾ ਜਾਵੇਗਾ ਅਤੇ ਜੇਕਰ ਅਜਿਹੀ ਕੋਈ ਸੂਚਨਾ ਮਿਲਦੀ ਹੈ ਤਾਂ ਸਬੰਧਿਤ ਵਿਅਕਤੀ ਖਿਲਾਫ ਸਖਤ ਕਾਰਵਾਈ ਕੀਤੀ ਜਾਵੇਗੀ। ਉਹਨਾਂ ਦੱਸਿਆ ਕਿ ਤਲਵੰਡੀ ਸਾਬੋ ਪੁਲਿਸ ਵੱਲੋਂ ਅਜਿਹੇ ਤਲਾਸ਼ੀ ਅਭਿਆਨ ਇਲਾਕੇ ਵਿੱਚ ਹੋਰ ਵੀ ਆਉਣ ਵਾਲੇ ਦਿਨਾਂ 'ਚ ਚਲਾਏ ਜਾਣਗੇ। ਉਨਾਂ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਨਸ਼ਾ ਤਸਕਰਾਂ ਖਿਲਾਫ ਆਰੰਭੀ ਪੁਲਿਸ ਦੀ ਇਸ ਵਿਸ਼ੇਸ ਮੁਹਿੰਮ ਦਾ ਸਾਥ ਦੇਣ ਅਤੇ ਨਸ਼ਾ ਤਸਕਰਾਂ ਖਿਲਾਫ ਜਾਣਕਾਰੀ ਮੁਹੱਈਆ ਕਰਵਾਉਣ, ਜਾਣਕਾਰੀ ਦੇਣ ਵਾਲੇ ਦਾ ਨਾਂ ਅਤੇ ਪਤਾ ਗੁਪਤ ਰੱਖਿਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

### ਅੰਗਹੀਣਾਂ ਅਤੇ ਬਜ਼ੁਰਗਾਂ ਨੂੰ

# ਆਸਰਾ ਸੈਂਟਰ ਬਠਿੰਡਾ ਨੇ ਵੰਡਿਆ ਲੋੜੀਂਦਾ ਸਮਾਨ





**ਤਲਵੰਡੀ ਸਾਬੋ, 21 ਜੂਨ (ਗੁਰਜੰਟ ਸਿੰਘ ਨਥੇਹਾ)**- 25 ਮਈ 2024 ਨੂੰ ਆਸਰਾ ਸੈਂਟਰ ਬਠਿੰਡਾ ਅਤੇ ਰਾਸ਼ਟਰੀ ਦੇ ਬੈਂਗ ਐਸੋਸੀਏਸ਼ਨ ਦੇ ਜਿਲਾ ਸਕੱਤਰ ਗੁਰਜੰਟ ਸਿੰਘ ਭਾਗੀਵਾਂਦਰ ਦੀ ਜਿਲਾ ਇਕਾਈ ਵੱਲੋਂ ਗੁਰਦੁਆਰਾ ਸ੍ਰੀ ਫਲਾਹਸਰ ਸਾਹਿਬ ਪਿੰਡ ਭਾਗੀਵਾਂਦਰ ਵਿਖੇ ਅੰਗਹੀਣ ਵਿਅਕਤੀਆਂ ਅਤੇ ਬਜ਼ੁਰਗਾਂ ਨੂੰ ਲੋੜੀਂਦਾ ਸਮਾਨ ਵੰਡਿਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐਸੋਸੀਏਸ਼ਨ ਦੇ ਜਿਲ੍ਹਾ ਸਕੱਤਰ ਗੁਰਜੰਟ ਸਿੰਘ ਭਾਗੀਵਾਂਦਰ ਨੇ ਦੱਸਿਆ ਕਿ ਅੰਗਹੀਣ ਵਿਅਕਤੀਆਂ ਅਤੇ ਬਜ਼ੁਰਗਾਂ ਲਈ ਬੈਟਰੀ ਵਾਲੇ ਟਰਾਈ ਸਾਈਕਲ ਵੀਲ ਚੇਅਰ ਫੋੜੀਆਂ, ਕੰਨਾਂ ਵਾਲੀਆਂ ਮਸ਼ੀਨਾਂ, ਗਰਦਨ, ਕਮਰ, ਮੋਢੇ ਅਤੇ ਗੋਡੇ ਦੀਆਂ ਬੈਲਟਾਂ, ਖੂੰਡੀਆਂ, ਵਾਕਰ, ਹੱਥ ਨਾਲ ਚੱਲਣ ਵਾਲੇ ਟਰਾਈ ਸਾਈਕਲ ਅਤੇ ਹੋਰ ਲੋੜੀਦੇ ਉਪਕਰਨ ਦੀ ਫਰੀ ਰਜਿਸਟਰੇਸ਼ਨ ਕੈਂਪ ਲਗਾਇਆ ਗਿਆ ਸੀ। ਜਿਸ ਦੌਰਾਨ ਰਾਸ਼ਟਰੀ ਦਿਵਿਆਂਗ ਐਸੋਸੀਏਸ਼ਨ (ਰਜਿ.) ਦੇ ਜਿਲਾ ਪ੍ਰਧਾਨ ਲੱਖਾ ਸਿੰਘ ਸੰਗਰ ਸੂਬਾ ਸਕੱਤਰ ਅਜੇ ਸਾਸੀ, ਮੁੱਖ ਸਲਾਹਕਾਰ ਰਣਧੀਰ ਸਿੰਘ ਜਗਾ ਰਾਮ ਤੀਰਥ, ਪ੍ਰਧਾਨ ਪਾਲਾ ਸਿੰਘ ਰਾਮ ਨਗਰ ਜਿਲਾ ਸਕੱਤਰ ਗੁਰਜੰਟ ਸਿੰਘ ਭਾਗੀਵਾਂਦਰ, ਅਡਵਾਈਜ਼ਰ ਗੁਰਵਿੰਦਰ ਸਿੰਘ ਪੱਕਾ ਕਲਾਂ, ਜਿਲਾ ਸੈਕਟਰੀ ਰੂਪ ਸਿੰਘ ਰਾਮਗੜ ਭੂੰਦੜ, ਸੀਨੀਅਰ ਮੈਂਬਰ ਹਰਮਨ ਬਠਿੰਡਾ, ਮੇਜਰ ਬਠਿੰਡਾ ਜੱਸੀ ਸਿੱਧੂ, ਤਰਸੇਮ ਸਿੰਘ ਜਗਾ ਰਾਮ ਤੀਰਥ, ਹਰਬੰਸ ਸਿੰਘ ਖਿਆਲੀ ਵਾਲਾ ਜਸਵੰਤ ਸਿੰਘ ਭੁੱਚੋ, ਬਿਧੀ ਬਿਧੀ ਚੰਦ ਗੋਨਿਆਣਾ, ਵੀਰਪਾਲ ਕੌਰ ਨਹੀਆਂ ਵਾਲਾ, ਮਨੋਜ ਚੋਪੜਾ ਆਹਲੂਪੁਰ ਅਤੇ ਹੋਰ ਕਈ ਮੈਂਬਰਾਂ ਨੇ ਪਹੁੰਚਕੇ ਲੋੜਵੰਦ ਅਪਾਹਜਾਂ ਤੇ ਬਜ਼ੁਰਗਾਂ ਦੀ ਉਪਕਰਨ ਲੈਣ ਵਿੱਚ ਮਦਦ ਕੀਤੀ। ਆਸਰਾ ਸੈਂਟਰ ਬਠਿੰਡਾ ਦੇ ਰਵੀ ਕੁਮਾਰ, ਵਿਨੇ ਭਾਰਦਵਾਜ, ਰੇਖਾ ਰਾਣੀ, ਜਤਿਨ ਕੁਮਾਰ ਅਤੇ ਸਮੂਹ ਸਟਾਫ ਨੇ ਵੱਖ-ਵੱਖ ਪਿੰਡਾਂ ਜਿਲਿਆਂ ਤੋਂ ਆਏ ਹੋਏ ਵਿਅਕਤੀਆਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM International Newspaper & WEB TV

# ਗੁ: ਗੁਰੂ ਕੀ ਬੇਰ ਸਾਹਿਬ ਵਿਖੇ ਗੁੰਬਦ ਤੇ ਕਲਸ਼ ਚੜਾਉਣ ਦਾ ਸਮਾਗਮ ਅੱਜ



**ਚੌਂਕ ਮਹਿਤਾ, 21 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮੀਰੀ ਪੀਰੀ ਦੇ ਮਾਲਕ ਸਾਹਿਬ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੀ ਚਰਨ ਛੋਹ ਪ੍ਰਾਪਤ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ (ਮੱਤੇਵਾਲ) ਦੇ ਮੁਖੀ ਸੰਤ ਬਾਬਾ ਸੱਜਣ ਸਿੰਘ ਜੀ ਅਗਵਾਈ ਹੇਠ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਅਵਤਾਰ ਪੁਰਬ ਦੀਆਂ ਖੁਸੀਆਂ ਵਿੱਚ 22 ਜੂਨ 2024( 9 ਹਾੜ) ਦਿਨ ਸ਼ਨੀਵਾਰ ਨੂੰ ਸਵੇਰੇ 10 ਵਜੇ ਤੋਂ 12 ਤੱਕ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਦੇ ਗੁੰਬਦ ਤੇ ਸੋਨੇ ਦੇ ਕਲਸ਼ ਦੀ ਸੇਵਾ ਸਮੂਹ ਇਲਾਕਾ ਨਿਵਾਸੀ ਸੰਗਤਾ ਸਹਿਯੋਗ ਨਾਲ ਕੀਤੀ ਜਾਵੇਗੀ। ਇਸ ਸਬੰਧੀ ਜਾਣਕਾਰੀ ਦਿੰਦਿਆਂ ਬਾਬਾ ਸੱਜਣ ਸਿੰਘ ਨੇ ਦੱਸਿਆ ਕਿ ਇਸ ਸਮਾਗਮ ਵਿੱਚ ਸੰਤ ਸਮਾਜ ਅਤੇ ਅਨੇਕਾਂ ਮਹਾਂਪੁਰਖ ਪਹੁੰਚ ਰਹੇ ਹਨ ਅਤੇ ਸਮੂਹ ਸੰਗਤ ਨੂੰ ਬੇਨਤੀ ਹੈਂ ਕਿ ਇਸ ਸਮਾਗਮ ਵਿੱਚ ਵੱਧ ਤੋਂ ਵੱਧ ਹਾਜ਼ਰੀ ਭਰ ਕੇ ਗੁਰੂ ਘਰ ਦੀ ਰੌਣਕ ਵਧਾਉ ਜੀ ਅਤੇ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਦੀਆਂ ਖ਼ੁਸ਼ੀਆਂ ਪ੍ਰਾਪਤ ਕਰੋ ਜੀ, ਅਤੇ ਗੁਰੂ ਜੀ ਕਾ ਲੰਗਰ ਅਤੁੱਟ ਵਰਤੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

# ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋ ਸਰਕਾਰੀ ਵੱਣ ਵਿਭਾਗ ਵਿੱਚੋ ਜੋ ਪੌਦੇ ਫ੍ਰੀ ਲਗਾਉਣ ਲਈ ਸੰਸਥਾਵਾ ਨੂੰ ਦਿੱਤੇ ਜਾਂਦੇ ਸਨ ਦੇ ਵੀ ਮੁੱਲ ਵੇਚਣਾ ਨਿੰਦਣਯੋਗ ਕਾਰਵਾਈ ਹੈ ਸਰਕਾਰ ਇਹ ਫੈਸਲਾ ਵਾਪਸ ਲਵੇ



**ਅੰਮ੍ਰਿਤਸਰ ਸਾਹਿਬ, 21 ਜੂਨ (ਇਕਬਾਲ ਸਿੰਘ ਤੁੰਗ)**-ਪੌਦੇ ਲਗਾ ਸੇਵਾ ਨਿਭਾ ਰਹੇ ਵਾਤਾਵਰਣ ਪ੍ਰੇਮੀਆਂ / ਗੈਰ ਸਰਕਾਰੀ ਸੰਸਥਾਵਾਂ ਨੂੰ ਵਣ ਵਿਭਾਗ ਹੁਣ ਦੇਵੇਗਾ ਮੁੱਲ ਪੌਦੇ ਤੇਜ਼ੀ ਨਾਲ ਸ਼ਹਿਰੀਕਰਨ ਅਤੇ ਉਦਯੋਗੀਕਰਨ ਲਈ ਰੁੱਖਾਂ/ ਜੰਗਲਾਂ ਦੀ ਕਟਾਈ ਹੋਣ ਨਾਲ ਦੁਨੀਆ ਭਰ ਵਿੱਚ ਜਲ ਵਾਯੂ ਤਬਦੀਲੀ ਹੋ ਰਹੀ ਹੈ ।ਪੰਜਾਬ ਵਿੱਚ ਵੀ ਤਾਪਮਾਨ ਦਾ ਵਧਣਾ , ਧਰਤੀ ਦੇ ਪਾਣੀ ਦਾ ਹੇਠਾਂ ਜਾਣਾ ਚਿੰਤਾਜਨਕ ਹੁੰਦਾ ਜਾ ਰਿਹਾ ਹੈ । ਭਾਰਤ ਦੀ ਰਾਸ਼ਟਰੀ ਜੰਗਲਾਤ ਨੀਤੀ ਅਨੁਸਾਰ ਵਾਤਾਵਰਨ ਦੀ ਸਥਿਰਤਾ ਨੂੰ ਬਣਾਈ ਰੱਖਣ ਲਈ ਭੂਗੋਲਕ ਖੇਤਰ ਦਾ 33% ਰੁੱਖਾਂ ਦਾ ਹੋਣਾ ਜ਼ਰੂਰੀ ਹੈ ।ਪਰ ਪੰਜਾਬ ਵਿਚ ਇਹ ਸਿਰਫ 4% ਦੇ ਕਰੀਬ ਹੀ ਰਹਿ ਗਿਆ ਹੈ, ਜਿਸ ਨੂੰ ਵਧਾਉਣ ਲਈ ਸਰਕਾਰੀ, ਗੈਰ-ਸਰਕਾਰੀ ਸੰਸਥਾਵਾਂ, ਧਾਰਮਿਕ ਸੰਸਥਾਵਾਂ ਅਤੇ ਹੋਰ ਬਹੁਤ ਸਾਰੇ ਵਾਤਾਵਰਣ ਪ੍ਰੇਮੀ ਯਤਨਸ਼ੀਲ ਹਨ। ਸਾਰੀਆਂ NGOs ਜਨਤਕ ਸਮਰਥਨ ਜੁਟਾਉਣ, ਵਾਤਾਵਰਣ ਸੰਬੰਧੀ ਸਰਕਾਰੀ ਨੀਤੀਆਂ ਦੀ ਵਕਾਲਤ ਕਰਨ, ਜਨਤਕ ਜਾਗਰੂਕਤਾ ਪੈਦਾ ਕਰਨ ਅਤੇ ਆਪਣੇ ਮੈਂਬਰਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਨਾਲ ਕੰਮ ਕਰਦੇ ਹੋਏ ਇਸਨੂੰ ਪੂਰਾ ਕਰਨ ਦੀ ਕੋਸ਼ਿਸ਼ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ। ਪਰ ਅੱਜ ਜਦੋਂ ਹਰਿਆਵਲ ਪੰਜਾਬ ਦੀ ਇਕਾਈ " ਏਕ ਪੇੜ ਦੇਸ਼ ਕੇ ਨਾਮ" ਦੇ ਪ੍ਰਧਾਨ ਇੰਜੀ. ਮਨਜੀਤ ਸਿੰਘ ਸੈਣੀ , ਸੀਨੀ. ਮੀਤ ਪ੍ਰਧਾਨ ਸਰਦਾਰ ਇਕਬਾਲ ਸਿੰਘ ਤੁੰਗ , ਹਰਿਆਵਲ ਪੰਜਾਬ ਅੰਮ੍ਰਿਤਸਰ ਦੇ ਸੰਯੋਜਕ ਪ੍ਰੋਫੈਸਰ ਰਾਜੀਵ ਸ਼ਰਮਾ ਅਤੇ ਅੰਮ੍ਰਿਤਸਰ ਹਰਿਆਵਲ ਮੰਚ ਦੇ ਸੀਨੀ ? ਮੀਤ ਪ੍ਰਧਾਨ ਸਰਦਾਰ ਨਿਰਮਲ ਸਿੰਘ ਆਨੰਦ ਨੇ ਪੌਦੇ ਪ੍ਰਾਪਤ ਕਰਨ ਲਈ ਜੰਗਲਾਤ ਵਿਭਾਗ ਅੰਮ੍ਰਿਤਸਰ ਨਾਲ ਸੰਪਰਕ ਕੀਤਾ ਤਾਂ ਵਿਭਾਗ ਨੇ ਵਣ ਮੰਤਰੀ ਵੱਲੋਂ ਅਪਣੇ ਯੂ.ਓ. ਨੰ 281- ਫ ਮਿਤੀ 28/05/2024 ਅਤੇ ਮਿਤੀ 11-06-2024 ਇਨਡੋਰਸ ਕੀਤਾ ਪੱਤਰ ਦਿਖਾਇਆ , ਜਿਸ ਅਨੁਸਾਰ ਸਭ ਗੈਰ ਸਰਕਾਰੀ ਸੰਗਠਨ ਅਤੇ ਵਾਤਾਵਰਨ ਪ੍ਰੇਮੀ ਜਨਤਕ ਥਾਵਾਂ ਤੇ ਪੌਦੇ ਲਾਉਣ ਲਈ ਪੱਤਰ ਵਿੱਚ ਦਰਜ ਰਾਸ਼ੀ ਜਮਾਂ ਕਰਵਾ ਹੀ ਪੌਦੇ ਲੈ ਸਕਦੇ ਹਨ। ਭਾਂਵੇ ਸੰਗਠਨ ਵਲੋਂ ਉਸ ਸਮੇਂ ਲੋੜੀਦੇਂ ਕੁਝ ਪੌਦੇ ਰਕਮ ਜਮਾਂ ਕਰਵਾ ਲੈ ਲਏ ਗਏ , ਪਰ ਸੰਸਥਾ ਨੇ ਮਹਿਸੂਸ ਕੀਤਾ ਕਿ ਸਰਕਾਰ ਸੱਚੇ ਦਿਲੋਂ ਇਸ ਸੰਕਟ ਨੂੰ ਨਜਿੱਠਣ ਲਈ ਬਹੁਤੀ ਗੰਭੀਰ ਨਹੀਂ ਹੈ। ਸਾਰੇ ਵਾਤਾਵਰਣ ਪ੍ਰੇਮੀ ; ਗੈਰ-ਸਰਕਾਰੀ ਸੰਸਥਾਵਾਂ, ਹੁਣ ਸਮਾਜ ਵਿੱਚ ਜਾਗਰੂਕਤਾ ਪੈਦਾ ਕਰਕੇ ਅਤੇ ਆਪਣੇ ਸਾਧਨਾਂ ਦੀ ਵਰਤੋਂ ਕਰਕੇ, ਖਾਦ ਆਦਿ ਖਰੀਦ ਕੇ ਪੌਦੇ ਲਗਾਉਣ ਦੀ ਮੁਹਿੰਮ ਵਿੱਚ ਮਦਦ ਕਰ ਰਹੀਆਂ ਹਨ ਅਤੇ ਹੁਣ ਇਸ ਤੋਂ ਇਲਾਵਾ, ਜੇਕਰ ਉਨ੍ਹਾਂ ਨੂੰ 500 ਪੌਦਿਆਂ ਲਈ 15000 ਰੁਪਏ ਸਰਕਾਰ ਨੂੰ ਜਮਾਂ ਕਰਵਾਉਣੇ ਪੈਂਦੇ ਹਨ, ਤਾਂ ਇਹਨਾਂ ਲੋਕਾਂ ਦੀ ਇਸ ਕੰਮ ਪ੍ਰਤੀ ਰੁਚੀ ਘਟੇਗੀ , ਅੰਤ ਵਿੱਚ ਮੌਜੂਦਾ 4% ਦੀ ਬਜਾਏ 33% ਗਰੀਨ ਕਵਰ ਦੇ ਟੀਚੇ ਨੂੰ ਪ੍ਰਾਪਤ ਕਰਨ ਵਿੱਚ ਨੁਕਸਾਨ ਹੋਵੇਗਾ ਰੁੱਖ ਨਾ ਸਿਰਫ ਹਵਾ ਦੀ ਗੁਣਵੱਤਾ ਵਿੱਚ ਸੁਧਾਰ ਕਰਦੇ ਹਨ ਬਲਕਿ ਆਪਣੀਆਂ ਜੜ੍ਹਾਂ ਵਿੱਚ ਬਹੁਤ ਵੱਡਾ ਪਾਣੀ ਵੀ ਸੋਖ ਲੈਂਦੇ ਹਨ ,ਰੁੱਖ ਵਧਾਉਣ ਨਾਲ ਸਤ੍ਹਾ ਦੇ ਪਾਣੀ ਦੇ ਪੱਧਰ ਦੇ ਦਿਨ-ਬ-ਦਿਨ ਗਿਰਾਵਟ ਦੀ ਦਰ ਵਿੱਚ ਸੁਧਾਰ ਹੋ ਸਕਦਾ ਹੈ। ਇਸ ਲਈ ਅਸੀਂ ਸਰਕਾਰ ਨੂੰ ਆਪਣੇ ਫੈਸਲੇ 'ਤੇ ਮੁੜ ਵਿਚਾਰ ਕਰਨ ਦੀ ਬੇਨਤੀ ਕਰਦੇ ਹਾਂ ।ਹਰਿਆਵਲ ਪੰਜਾਬ ਦੀ ਟੀਮ ਪੰਜਾਬ ਸਰਕਾਰ ਦੇ ਇਸ ਫੈਸਲੇ ਪੈਸੇ ਲੈ ਕੇ ਪੌਦੇ ਦੇਣ ਦੀ ਨਿੰਦਿਆ ਕਰਦੀ ਹੈ ਸਰਕਾਰ ਰਜਿਸਟਡ ਸੁਸਾਇਟੀਆਂ ਜੋ ਫ੍ਰੀ ਸੇਵਾ ਕਰਦੀਆਂ ਹਨ ਨੂੰ ਪਹਿਲਾ ਵਾਗ ਫ੍ਰੀ ਹੀ ਸਰਕਾਰੀ ਨਰਸਰੀਆ ਤੋ ਪੌਦੇ ਲਗਾਉਣ ਲਈ ਦੇਵੇ ਤਾਂਕਿ ਪੰਜਾਬ ਪੰਜਾਬੀਅਤ ਨੂੰ ਅਉਣ ਵਾਲੇ ਸੰਕਟਮਈ ਮੁਸ਼ਕਲਾ ਤੋ ਬਚਾਇਆ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV

# ਜੂਨ '84 ਘੱਲੂਘਾਰੇ ਦੀ 40ਵੀਂ ਵਰ੍ਹੇਗੰਢ ਮਨਾਉਣ ਸੰਤ ਗਿ.ਹਰਨਾਮ ਸਿੰਘ ਖਾਲਸਾ ਪੁੱਜੇ ਇੰਗਲੈਂਡ

## ਵੱਡੀ ਗਿਣਤੀ 'ਚ ਹਾਜ਼ਰ ਸੰਗਤਾਂ ਵੱਲੋਂ ਹੀਥਰੋ ਏਅਰਪੋਰਟ 'ਤੇ ਦਮਦਮੀ ਟਕਸਾਲ ਮੁਖੀ ਦਾ ਨਿੱਘਾ ਸਵਾਗਤ













**ਚੌਂਕ ਮਹਿਤਾ, 21ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**- ਦਮਦਮੀ ਟਕਸਾਲ ਦੇ ਮੁਖੀ ਤੇ ਸੰਤ ਸਮਾਜ ਦੇ ਪ੍ਰਧਾਨ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ ਭਿੰਡਰਾਂਵਾਲੇ ਆਪਣੀ ਸੰਖੇਪ ਇੰਗਲੈਂਡ ਫੇਰੀ ਦੌਰਾਨ ਬੀਤੇ ਕੱਲ੍ਹ ਹੀਥਰੋ ਏਅਰਪੋਰਟ ਪਹੁੰਚੇ, ਜਿੱਥੇ ਇੰਗਲੈਂਡ ਦੇ ਕੋਨੇ-ਕੋਨੇ ਤੋਂ ਪੁੱਜੀਆ ਹਜ਼ਾਰਾ ਦੀ ਗਿਣਤੀ 'ਚ ਸੰਗਤਾਂ ਨੇ ਉਨ੍ਹਾਂ ਦਾ ਸ਼ਰਧਾ ਤੇ ਸਤਿਕਾਰ ਨਾਲ ਨਿੱਘਾ ਸੁਆਗਤ ਕੀਤਾ।ਜੂਨ 84 ਤੀਸਰੇ ਘੱਲੂਘਾਰੇ ਦੌਰਾਨ ਗੁਰਧਾਮਾਂ ਦੀ ਰੱਖਿਆ ਕਰਦੇ ਹੋਏ ਸ਼ਹਾਦਤ ਦਾ ਜਾਮ ਪੀਣ ਵਾਲੇ ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਭਿੰਡਰਾਂਵਾਲੇ ਤੇ ਉਨ੍ਹਾਂ ਦੇ ਨਾਲ ਸ਼ਹੀਦ ਹੋਣ ਵਾਲੇ ਭਾਈ ਅਮਰੀਕ ਸਿੰਘ,ਬਾਬਾ ਠਾਹਰਾ ਸਿੰਘ ਤੇ ਜਰਨਲ ਸੁਬੇਗ ਸਿੰਘ ਤੋਂ ਇਲਾਵਾ ਹੋਰ ਸੈਂਕੜੇ ਸ਼ਹੀਦਾਂ ਦੀ 40ਵੀਂ 40ਵੀਂ ਸ਼ਹੀਦੀ ਵਰੇਗੰਢ ਮੌਕੇ ਇੰਗਲੈਂਡ ਅਤੇ ਯੂਰਪ ਦੀਆਂ ਸੰਗਤਾਂ ਵੱਲੋਂ ਦਮਦਮੀ ਟਕਸਾਲ ਦੀ ਅਗਵਾਈ ਹੇਠ 21 ਤੋਂ 23 ਜੂਨ ਤੱਕ ਲੰਡਨ ਤੇ 28 ਤੋਂ 30 ਜੂਨ ਤੱਕ ਬਰਮਿੰਘਮ ਵਿਖੇ ਵੱਡੇ ਸਮਾਗਮ ਆਯੋਜਿਤ ਕੀਤੇ ਗਏ ਹਨ ਤੇ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਵੱਲੋਂ ਇੰਨ੍ਹਾਂ ਸ਼ਹੀਦੀ ਸਮਾਗਮਾਂ 'ਚ ਹਾਜ਼ਰੀ ਭਰਦੇ ਹੋਏ ਸਮੂਹ ਸ਼ਹੀਦਾਂ ਨੂੰ ਸ਼ਰਧਾਂ ਦੇ ਫੁੱਲ ਅਰਪਿਤ ਕੀਤੇ ਜਾਣਗੇ।ਇੰਗਲੈਂਡ ਦੀਆਂ ਸੰਗਤਾਂ ਅੰਦਰ ਆਪਣੇ ਸ਼ਹੀਦਾਂ ਪ੍ਰਤੀ ਪਿਆਰ ਤੇ ਸ਼ਹੀਦੀ ਸਮਾਗਮਾਂ ਪ੍ਰਤੀ ਉਤਸ਼ਾਹ ਨੂੰ ਦੇਖ ਕੇ ਖੁਸ਼ੀ ਪ੍ਰਗਟ ਕਰਦਿਆ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਕਿਹਾ ਕਿ ਸਿੱਖ ਕੌਮ ਦੀ ਜੜ੍ਹਾਂ ਬਹੁਤ ਡੂੰਘੀਆਂ ਤੇ ਦੂਰ ਤੱਕ ਫੈਲੀਆ ਹੋਈਆ ਹਨ ਤਾਂ ਹੀ ਅੱਜ ਵਿਦੇਸ਼ੀ ਧਰਤੀ 'ਤੇ ਵੀ ਸਿੱਖ ਸੰਗਤਾਂ ਏਨੀਆਂ ਜਾਗਰੂਕ ਹਨ ਤੇ ਆਪਣੇ ਸ਼ਹੀਦਾਂ ਨੂੰ ਲੈ ਕੇ ਪੂਰੀ ਤਰ੍ਹਾਂ ਨਾਲ ਭਾਵੁਕ ਹਨ।ਇਸ ਮੌਕੇ ਭਾਈ ਗੁਰਮੇਲ ਸਿੰਘ ਮੱਲ੍ਹੀ ਸਾਬਕਾ ਪ੍ਰਧਾਨ ਗੁ.ਸਾਊਥਹਾਲ,ਭਾਈ ਕੁਲਵੰਤ ਸਿੰਘ ਭਿੰਡਰ ਮੌਜੂਦਾ ਉਪ ਪ੍ਰਧਾਨ ਸਿੰਘ ਸਭਾ ਸਾਊਥਾਲ,ਸਰਪੰਚ ਹਰਜੀਤ ਸਿੰਘ,ਭਾਈ ਦਯਾ ਸਿੰਘ ਪ੍ਰਧਾਨ ਗੁ.ਹਰਿਰਾਏ ਸਾਹਿਬਵੈਸਟ ਬਰੌਮਚ ,ਭਾਈ ਸਤਵਿੰਦਰ ਸਿੰਘ ਜਾਗੋ,ਭਾਈ ਹਰਜੀਤ ਸਿੰਘ ਜਾਗੋ,ਭਾਈ ਰਘਬੀਰ ਸਿੰਘ ਪ੍ਰਧਾਨ ਗੁ.ਬਾਬਾ ਸੰਗ ਜੀ ਬਰਮਿੰਘਮ,ਭਾਈ ਸਰਵਣ ਸਿੰਘ,ਭਾਈ ਸੁਖਦੀਪ ਸਿੰਘ ਪਤਾਰਾ,ਭਾਈ ਬਲਵਿੰਦਰ ਸਿੰਘ ਚਹੇੜੂ ,ਭਾਈ ਹਰਮੀਤ ਸਿੰਘ ਜਰਨਲ ਸੈਕਟਰੀ,ਰੇਸ਼ਮ ਸਿੰਘ,ਜਸਬੀਰ ਸਿੰਘ,ਬਹਾਦਰ ਸਿੰਘ,ਜਸਵਿੰਦਰ ਸਿੰਘ ਜੱਸੀ,ਗੁਰਮੀਤ ਸਿੰਘ ਚਹੇੜੂ,ਗੁਰਨਾਮ ਸਿੰਘ,ਭਾਈ ਇਸ਼ਟਮੀਤ ਸਿੰਘ,ਭਾਈ ਅਮਨਦੀਪ ਸਿੰਘ,ਭਾਈ ਗੁਰਵਿੰਦਰ ਸਿੰਘ,ਭਾਈ ਬਲਜੀਤ ਸਿੰਘ,ਭਾਈ ਸਰਬਜੀਤ ਸਿੰਘ ਲੀਡਜ਼,ਭਾਈ ਨਰਿੰਦਰਜੀਤ ਸਿੰਘ,ਭਾਈ ਸਰੂਪ ਸਿੰਘ,ਭਾਈ ਦਵਿੰਦਰ ਸਿੰਘ,ਭਾਈ ਰਾਜਮਨਵਿੰਦਰ ਸਿੰਘ ਕੰਗ ਪ੍ਰਧਾਨ ਗੁ.ਤੇਗ ਬਹਾਦਰ ਲੈਸਟਰ,ਭਾਈ ਲੈਹਬਰ ਸਿੰਘ ਡਰਬੀ,ਭਾਈ ਮਨਜੀਤ ਸਿੰਘ ਦਮਦਮੀ ਟਕਸਾਲ,ਭਾਈ ਦਵਿੰਦਰ ਸਿੰਘ,ਭਾਈ ਗੁਰਚਰਨ ਸਿੰਘ ਬਿਲਗਾ,ਗਿ.ਕਮਲਜੀਤ ਸਿੰਘ,ਗਿ.ਜੋਧਾ ਸਿੰਘ, ਭਾਈ ਹਰਜੀਤ ਸਿੰਘ ਦਿਓਲ,ਭਾਈ ਜਸਵਿੰਦਰ ਸਿੰਘ ਪੱਤੜਾ,ਭਾਈ ਜਸਵੰਤ ਸਿੰਘ ਬਲਪੁਰੀਆਂ,ਭਾਈ ਸੁਖਰਾਜ ਸਿੰਘ,ਭਾਈ ਸੁਖਪ੍ਰੀਤ ਸਿੰਘ ਸੁੱਖ,ਭਾਈ ਨਰਿੰਦਰਪਾਲ ਸਿੰਘ ਕਾਲਾ,ਭਾਈ ਕਸ਼ਮੀਰ ਸਿੰਘ,ਭਾਈ ਸਿਮਰਨ ਸਿੰਘ ਜਾਗੋ,ਭਾਈ ਕੁਲਬੀਰ ਸਿੰਘ ਜਰਮਨ,ਭਾਈ ਮੁਖਵਿੰਦਰ ਸਿੰਘ ਸੁੱਖਾ ਫਾਰਮ ਹਾਊਸ,ਭਾਈ ਕਮਲਜੀਤ ਸਿੰਘ,ਭਾਈ ਖਾਲਸਾ ਸਿੰਘ,ਭਾਈ ਤਰਵਿੰਦਰ ਸਿੰਘ ਅਮਰੀਕਾ,ਭਾਈ ਦਲਬੀਰ ਸਿੰਘ ਅਮਰੀਕਾ,ਭਾਈ ਮੇਜਰ ਸਿੰਘ ਅਮਰੀਕਾ,ਭਾਈ ਸਰਬਜੋਤ ਸਿੰਘ ਜੋਤਾ ਅਮਰੀਕਾ,ਭਾਈ ਗੁਰਜੀਤ ਸਿੰਅ ਅਮਰੀਕਾ,ਭਾਈ ਮਨਦੀਪ ਸਿੰਘ ਜੌਹਲ,ਹਸਨਦੀਪ ਸਿੰਘ ਕੈਨੇਡਾ,ਤਰਲੋਚਨ ਸਿੰਘ ਭੁਮੱਦੀ ਢਾਡੀ ਜਥਾ,ਭਾਈ ਜਸਬੀਰ ਸਿੰਘ,ਭਾਈ ਰਾਜਨ ਸਿੰਘ,ਭਾਈ ਗੁਰਰਾਜਨ ਸਿੰਘ, ਤੇ ਗਿਆਨੀ ਸਾਹਬ ਸਿੰਘ ਦਮਦਮੀ ਟਕਸਾਲ ਆਦਿ ਤੋਂ ਇਲਾਵਾ ਵੱਡੀ ਗਿਣਤੀ 'ਚ ਸੰਗਤਾਂ ਮੌਜੂਦ ਸਨ। ••

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# ਅਰਵਿੰਦ ਕੇਜਰੀਵਾਲ ਨੂੰ ਲੱਗਿਆ ਵੱਡਾ ਝਟਕਾ, ਦਿੱਲੀ ਹਾਈਕੋਰਟ ਨੇ ਜ਼ਮਾਨਤ 'ਤੇ ਲਾਈ ਰੋਕ



**ਨਵੀਂ ਦਿੱਲੀ, 21 ਜੂਨ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਸ਼ਰਾਬ ਨੀਤੀ ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ 'ਚ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਝਟਕਾ ਲੱਗਿਆ ਹੈ। ਕੇਜਰੀਵਾਲ ਦੀ ਜ਼ਮਾਨਤ ਪਟੀਸ਼ਨ 'ਤੇ ਦਿੱਲੀ ਹਾਈਕੋਰਟ ਨੇ ਕਿਹਾ ਕਿ ਸੁਣਵਾਈ ਤੱਕ ਹੇਠਲੀ ਅਦਾਲਤ ਦੇ ਹੁਕਮ 'ਤੇ ਰੋਕ ਰਹੇਗੀ। ਯਾਨੀ ਕੇਜਰੀਵਾਲ ਉਦੋਂ ਤੱਕ ਤਿਹਾੜ ਜੇਲ੍ਹ ਤੋਂ ਰਿਹਾਅ ਨਹੀਂ ਹੋਣਗੇ, ਜਦੋਂ ਤੱਕ ਹਾਈਕੋਰਟ ਮਾਮਲੇ ਦੀ ਸੁਣਵਾਈ ਨਹੀਂ ਕਰ ਲੈਂਦਾ। ਦਿੱਲੀ ਹਾਈਕੋਰਟ ਨੇ ਅਰਵਿੰਦ ਕੇਜਰੀਵਾਲ ਨੂੰ ਮਿਲੀ ਜ਼ਮਾਨਤ ਵਿਰੁੱਧ ਈਡੀ ਦੀ ਪਟੀਸ਼ਨ 'ਤੇ ਤੁਰੰਤ ਸੁਣਵਾਈ ਦੀ ਇਜਾਜ਼ਤ ਦੇ ਦਿੱਤੀ ਹੈ। ਹਾਈਕੋਰਟ ਨੇ ਕਿਹਾ, "ਜਦੋਂ ਤੱਕ ਅਸੀਂ ਮਾਮਲੇ ਦੀ ਸੁਣਵਾਈ ਨਹੀਂ ਕਰ ਲੈਂਦੇ, ਉਦੋਂ ਤੱਕ ਹੇਠਲੀ ਅਦਾਲਤ ਦਾ ਹੁਕਮ ਪ੍ਰਭਾਵੀ ਨਹੀਂ ਹੋਵੇਗਾ।" ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕਰਦਿਆਂ ਹੋਇਆਂ ਈਡੀ ਨੇ ਦਲੀਲ ਦਿੱਤੀ ਕਿ ਸਾਨੂੰ ਹੇਠਲੀ ਅਦਾਲਤ ਵਿੱਚ ਆਪਣੇ ਵਿਚਾਰ ਪੇਸ਼ ਕਰਨ ਦਾ ਮੌਕਾ ਨਹੀਂ ਮਿਲਿਆ। ਇਸ ਦੇ ਜਵਾਬ ਵਿੱਚ ਕੇਜਰੀਵਾਲ ਦੇ ਵਕੀਲ ਨੇ ਕਿਹਾ ਕਿ ਅਜਿਹਾ ਕਹਿਣਾ ਸਹੀ ਨਹੀਂ ਹੈ। ਵੀਰਵਾਰ (20 ਜੂਨ, 2024) ਨੂੰ ਹੇਠਲੀ ਅਦਾਲਤ ਨੇ ਆਮ ਆਦਮੀ ਪਾਰਟੀ (ਆਪ) ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੂੰ ਦਿੱਲੀ ਆਬਕਾਰੀ ਨੀਤੀ ਨਾਲ ਸਬੰਧਤ ਮਾਮਲੇ ਵਿੱਚ ਜ਼ਮਾਨਤ ਦੇ ਦਿੱਤੀ ਸੀ। ਅਜਿਹੇ 'ਚ ਕੇਜਰੀਵਾਲ ਸ਼ੁੱਕਰਵਾਰ (21 ਜੂਨ 2024) ਨੂੰ ਤਿਹਾੜ ਜੇਲ 'ਚੋਂ ਬਾਹਰ ਆ ਸਕਦੇ ਸਨ ਪਰ ਹਾਈ ਕੋਰਟ ਨੇ ਇਸ 'ਤੇ ਰੋਕ ਲਗਾ ਦਿੱਤੀ ਹੈ। ਈਡੀ ਨੇ ਵੀਰਵਾਰ ਨੂੰ ਅਦਾਲਤ ਵਿੱਚ ਦਲੀਲ ਦਿੱਤੀ ਸੀ ਕਿ ਕੇਜਰੀਵਾਲ ਅਪਰਾਧ ਦੀ ਕਥਿਤ ਕਮਾਈ ਅਤੇ ਸਹਿ-ਦੋਸ਼ੀਆਂ ਨਾਲ ਜੁੜੇ ਹੋਏ ਹਨ। ਕੇਜਰੀਵਾਲ ਦੇ ਵਕੀਲ ਨੇ ਕਿਹਾ ਸੀ ਕਿ ਕੇਂਦਰੀ ਜਾਂਚ ਏਜੰਸੀ ਕੋਲ ਇਸ ਸਬੰਧੀ ਕੋਈ ਸਬੂਤ ਨਹੀਂ ਹੈ। ਅਜਿਹੇ 'ਚ ਜ਼ਮਾਨਤ ਦਿੱਤੀ ਜਾਣੀ ਚਾਹੀਦੀ ਹੈ।

# ਠੇਕੇ ਦੇ ਬਾਹਰ ਬੋਰਡ ਲਗਾਉਣ ਦੇ ਮਾਮਲੇ ਨੂੰ ਲੈ ਕੇ ਨਿਹੰਗ ਸਿੰਘਾਂ ਤੇ ਪੁਲਸ ਵਿਚਾਲੇ ਝੜਪ



**ਜਲੰਧਰ, 21 ਜੂਨ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਤੋਂ ਵੱਡੀ ਖ਼ਬਰ ਸਾਹਮਣੇ ਆਈ ਹੈ। ਦਰਅਸਲ ਠੇਕੇ ਦੇ ਬਾਹਰ ਬੋਰਡ ਲਗਾਉਣ ਦੇ ਮਾਮਲੇ ਨੂੰ ਲੈ ਕੇ ਜਾਂਚ ਵਿਚ ਜੁਟੀ ਪੁਲਸ 'ਤੇ ਹਮਲਾ ਕਰ ਦਿੱਤਾ ਗਿਆ। ਪੁਲਸ ਨੇ 6 ਨਿਹੰਗਾਂ ਨੂੰ ਹਿਰਾਸਤ ਵਿਚ ਲਿਆ ਹੈ, ਜਿਨ੍ਹਾਂ ਵਿਚੋਂ ਦੋ ਨਾਬਾਲਗ ਹਨ। ਦੱਸਣਯੋਗ ਹੈ ਕਿ ਗੜ੍ਹਾ ਰੋਡ 'ਤੇ ਇਕ ਸ਼ਰਾਬ ਦੇ ਠੇਕੇ ਦੇ ਬਾਹਰ ਅਤੇ ਆਲੇ-ਦੁਆਲੇ ਧਮਕੀ ਭਰੇ ਸ਼ਬਦ ਲਿਖੇ ਬੋਰਡ ਲਾਏ ਜਾਣ 'ਤੇ ਮਾਹੌਲ ਤਣਾਅਪੂਰਨ ਹੋ ਗਿਆ ਸੀ। ਜਿਵੇਂ ਹੀ ਪੁਲਸ ਅਧਿਕਾਰੀਆਂ ਤਕ ਇਹ ਗੱਲ ਪਹੁੰਚੀ ਤਾਂ ਪੁਲਸ ਤੁਰੰਤ ਹਰਕਤ ਵਿਚ ਆਈ ਅਤੇ ਜਾਂਚ ਸ਼ੁਰੂ ਕਰ ਦਿੱਤੀ। ਗੜ੍ਹਾ ਰੋਡ 'ਤੇ ਠੇਕੇ ਦੇ ਬਾਹਰ ਧਮਕੀ ਭਰੇ ਬੋਰਡ ਲਗਾਉਣ ਦੇ ਮਾਮਲੇ ਦੀ ਜਾਂਚ ਕਰਨ ਆਈ ਪੁਲਸ ਪਾਰਟੀ 'ਤੇ ਨਿਹੰਗ ਸਿੰਘਾਂ ਨੇ ਹਮਲਾ ਕਰ ਦਿੱਤਾ। ਇਸ ਦੌਰਾਨ ਥਾਣਾ 6 ਦੇ ਐੱਸ. ਐੱਚ. ਓ. ਅਤੇ ਏ. ਸੀ. ਪੀ. ਮਾਡਲ ਟਾਊਨ ਜ਼ਖ਼ਮੀ ਹੋ ਗਏ। ਏ. ਸੀ. ਪੀ. ਅਤੇ ਐੱਸ. ਐੱਚ. ਓ. 'ਤੇ ਹਮਲਾ ਹੁੰਦੇ ਹੀ ਪੁਲਸ ਫੋਰਸ ਨੇ ਤੁਰੰਤ 6 ਨਿਹੰਗ ਸਿੰਘਾਂ ਨੂੰ ਹਿਰਾਸਤ 'ਚ ਲੈ ਲਿਆ ਅਤੇ ਉਨ੍ਹਾਂ ਦੇ ਹਥਿਆਰ ਵੀ ਖੋਹ ਲਏ ਗਏ। ਸਾਰਿਆਂ ਨੂੰ ਥਾਣਾ 7 ਵਿਚ ਲਿਜਾਇਆ ਗਿਆ ਹੈ, ਹਾਲਾਂਕਿ ਏ. ਸੀ. ਪੀ. ਅਤੇ ਐੱਸ. ਐੱਚ. ਓ. ਦੇ ਹੱਥਾਂ 'ਤੇ ਸੱਟਾਂ ਲੱਗੀਆਂ ਹਨ। ਫਿਲਹਾਲ ਪੁਲਸ ਦਾ ਕਹਿਣਾ ਹੈ ਕਿ ਉਹ ਮਾਮਲੇ ਦੀ ਜਾਂਚ ਕਰ ਰਹੀ ਹੈ। ਪੁਲਸ ਨੇ ਪੂਰੇ ਝਗੜੇ ਦੀ ਵੀਡੀਓਗ੍ਰਾਫ਼ੀ ਵੀ ਕਰ ਲਈ ਹੈ ਜੋਕਿ ਕੁਝ ਸਮੇਂ ਬਾਅਦ ਪੁਲਸ ਵੱਲੋਂ ਜਨਤਕ ਕੀਤੀ ਜਾਵੇਗੀ। ਪੁਲਸ ਨੇ ਨਿਹੰਗ ਸਿੰਘਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕਰਨ ਦੀ ਤਿਆਰੀ ਸ਼ੁਰੂ ਕਰ ਦਿੱਤੀ ਹੈ। ਜ਼ਿਕਰਯੋਗ ਹੈ ਕਿ ਸ਼ਰਾਬ ਦੇ ਠੇਕੇ ਬਾਹਰ ਬੋਰਡ ਦੇ ਉੱਪਰ ਪਹਿਲਾਂ ਤਾਂ ਅੰਗਰੇਜ਼ੀ ਵਿਚ ਲਿਖਿਆ ਸੀ ਕਿ ਜੇਕਰ ਸ਼ਰਾਬ ਪੀਤੀ ਤਾਂ ਝਟਕਾ ਡੈੱਥ ਹੋਵੇਗੀ। ਇਸ ਦੇ ਹੇਠਾਂ ਪੰਜਾਬੀ ਭਾਸ਼ਾ ਵਿਚ ਲਿਖਿਆ ਸੀ ਕਿ ਜੇਕਰ ਇਸ ਠੇਕੇ ਤੋਂ ਕੋਈ ਸ਼ਰਾਬ ਖ਼ਰੀਦਦਾ ਹੈ ਤਾਂ ਉਸ ਦਾ ਅੰਜਾਮ ਬੁਰਾ ਹੋਵੇਗਾ। ਹਾਲਾਂਕਿ ਪਹਿਲਾਂ ਕਿਹਾ ਗਿਆ ਸੀ ਕਿ ਬੋਰਡ ਉਤਾਰ ਦਿੱਤਾ ਗਿਆ ਹੈ ਪਰ ਪੁਲਸ ਨੇ ਇਸ ਦੀ ਪੁਸ਼ਟੀ ਨਹੀਂ ਕੀਤੀ। ਥਾਣਾ ਨੰਬਰ 7 ਦੇ ਡਿਊਟੀ ਅਫ਼ਸਰ ਏ. ਐੱਸ. ਆਈ. ਸਤਵਿੰਦਰ ਸਿੰਘ ਦਾ ਕਹਿਣਾ ਸੀ ਕਿ ਪੁਲਸ ਅਧਿਕਾਰੀ ਖ਼ੁਦ ਇਸ ਮਾਮਲੇ ਦੀ ਜਾਂਚ ਕਰ ਰਹੇ ਹਨ।

# ਪੱਕੇ ਤੌਰ 'ਤੇ ਬੰਦ ਹੋਵੇਗਾ ਪੰਜਾਬ ਦਾ ਸਭ ਤੋਂ ਮਹਿੰਗਾ ਟੋਲ ਪਲਾਜ਼ਾ ! ਕਿਸਾਨਾਂ ਨੇ ਧਰਨੇ ਦੌਰਾਨ ਕਰ 'ਤਾ ਵੱਡਾ ਐਲਾਨ



**ਲੁਧਿਆਣਾ, 21 ਜੂਨ (ਆਵਾਜ਼ਿ ਕੌਮ ਬਿਊਰੋ)**-ਨੈਸ਼ਨਲ ਹਾਈਵੇ 'ਤੇ ਸਥਿਤ ਪੰਜਾਬ ਸਮੇਤ ਦੇਸ਼ ਦੇ ਸਭ ਤੋਂ ਮਹਿੰਗੇ ਟੋਲ ਪਲਾਜ਼ੇ 'ਤੇ ਪਿਛਲੇ 6 ਦਿਨਾਂ ਤੋਂ ਕਿਸਾਨ ਸੰਗਠਨਾਂ ਦਾ ਧਰਨਾ ਜਾਰੀ ਹੈ। ਕਿਸਾਨਾਂ ਵੱਲੋਂ ਅਣਮਿੱਥੇ ਸਮੇਂ ਲਈ ਇਹ ਧਰਨਾ ਲਗਾਇਆ ਗਿਆ ਹੈ। ਇਸ ਦੌਰਾਨ ਸਾਰੇ ਵਾਹਨਾਂ ਨੂੰ ਮੁਫ਼ਤ ਵਿਚ ਇੱਥੋਂ ਲੰਘਾਇਆ ਜਾ ਰਿਹਾ ਹੈ। ਇਸ ਵਿਚਾਲੇ ਅੱਜ ਕਿਸਾਨਾਂ ਵੱਲੋਂ ਇਕ ਹੋਰ ਵੱਡਾ ਐਲਾਨ ਕਰ ਦਿੱਤਾ ਗਿਆ ਹੈ। ਅੱਜ ਭਾਰਤੀ ਕਿਸਾਨ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਦਿਲਬਾਗ ਸਿੰਘ ਗਿੱਲ ਅਤੇ ਭਾਰਤੀ ਕਿਸਾਨ ਯੂਨੀਅਨ ਦੋਆਬਾ ਮਾਲਵਾ ਜ਼ੋਨ ਦੇ ਪ੍ਰਧਾਨ ਇੰਦਰਵੀਰ ਸਿੰਘ ਕਾਦੀਆਂ ਨੇ ਐਲਾਨ ਕੀਤਾ ਕਿ ਜੇਕਰ 30 ਜੂਨ ਤਕ ਉਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ ਗਈਆਂ ਤਾਂ 30 ਜੂਨ ਨੂੰ ਭਾਰਤੀ ਕਿਸਾਨ ਯੂਨੀਅਨ ਦੇ ਵੱਖ-ਵੱਖ ਸੰਗਠਨ ਟੋਲ ਪਲਾਜ਼ਾ 'ਤੇ ਰਲ਼ ਕੇ ਵੱਡਾ ਇਕੱਢ ਕਰਨਗੇ। ਇਸ ਮਗਰੋਂ ਟੋਲ ਪਲਾਜ਼ਾ ਨੂੰ ਪੱਕੇ ਤੌਰ 'ਤੇ ਬੰਦ ਕਰਵਾ ਕੇ ਤਾਲੇ ਲਗਾ ਦੇਣਗੇ। ਕਿਸਾਨਾਂ ਨੇ ਕਿਹਾ ਕਿ ਪਿਛਲੇ 6 ਦਿਨਾਂ ਤੋਂ ਲਾਡੋਵਾਲ ਟੋਲ ਪਲਾਜ਼ਾ 'ਤੇ ਧਰਨਾ ਜਾਰੀ ਹੈ। ਵਾਹਨ ਚਾਲਕਾਂ ਨੂੰ ਮੁਫ਼ਤ ਵਿਚ ਇੱਥੋਂ ਕਢਵਾਇਆ ਜਾ ਰਿਹਾ ਹੈ। ਜੇਕਰ ਇਹ ਅੱਗੇ ਵੀ ਜਾਰੀ ਰਹੇਗਾ। ਉਨ੍ਹਾਂ ਕਿਹਾ ਕਿ ਜਦੋਂ ਤਕ ਟੋਲ ਰੇਟਾਂ ਵਿਚ ਕੀਤੇ ਗਏ ਵਾਧੇ ਨੂੰ ਵਾਪਸ ਨਹੀਂ ਲਿਆ ਜਾਂਦਾ, ਉਹ ਧਰਨਾ ਜਾਰੀ ਰੱਖਣਗੇ।

## ਗੁਰੂ ਕਾਸ਼ੀ ਯੂਨੀਵਰਸਿਟੀ ਨੇ

# ਮਨਾਇਆ 10ਵਾਂ 'ਅੰਤਰ ਰਾਸ਼ਟਰੀ ਯੋਗ ਦਿਵਸ'










**ਤਲਵੰਡੀ ਸਾਬੋ, 21 ਜੂਨ (ਗੁਰਜੰਟ ਸਿੰਘ ਨਥੇਹਾ)**- 10ਵਾਂ ਅੰਤਰ ਰਾਸ਼ਟਰੀ ਯੋਗ ਦਿਵਸ ਗੁਰੂ ਕਾਸ਼ੀ ਯੂਨੀਵਰਸਿਟੀ ਦੇ ਡਾਇਰੈਕਟਰ ਆਫ਼ ਸਪੋਰਟਸ ਤੇ ਐਨ.ਐਸ.ਐਸ ਵਿਭਾਗ ਵੱਲੋਂ ਉਪ ਕੁਲਪਤੀ ਪ੍ਰੋ.(ਡਾ.) ਐਸ.ਕੇ.ਬਾਵਾ ਦੀ ਰਹਿ-ਨੁਮਾਈ ਹੇਠ ਯੋਗ, ਪ੍ਰਣਾਯਾਮ, ਸੂਰਯਾ ਨਮਸਕਾਰ, ਆਲੋਮ-ਵਿਲੋਮ, ਕਪਾਲ ਭਾਤੀ ਤੇ ਯੋਗ ਆਸਣ ਕਰਕੇ ਮਨਾਇਆ ਗਿਆ।ਇ ਸ ਮੌਕੇ ਆਪਣੇ ਸੰਦੇਸ਼ ਵਿੱਚ ਡਾ. ਬਾਵਾ ਨੇ ਕਿਹਾ ਕਿ ਯੋਗ ਸਾਡੀ ਭਾਰਤੀ ਸੰਸਕ੍ਰਿਤੀ ਦਾ ਹਿੱਸਾ ਹੈ ਜਿਸ ਰਾਹੀਂ ਅਸੀਂ ਸਰੀਰਿਕ ਤੰਦਰੁਸਤੀ ਤੋਂ ਇਲਾਵਾ ਮਾਨਸਿਕ ਤਣਾਅ ਤੋਂ ਛੁਟਕਾਰਾ ਪਾ ਸਕਦੇ ਹਾਂ ਤੇ ਮਨ ਦੀ ਸ਼ਾਂਤੀ ਹਾਸਿਲ ਕਰ ਸਕਦੇ ਹਾਂ। ਉਨ੍ਹਾਂ ਦੱਸਿਆ ਕਿ ਯੋਗ ਰਾਹੀਂ ਸ਼ਰੀਰਿਕ ਅਤੇ ਮਾਨਸਿਕ ਬਿਮਾਰੀਆਂ ਤੋਂ ਬਚਿਆ ਜਾ ਸਕਦਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਹਰ ਰੋਜ਼ ਅੱਧਾ ਘੰਟਾ ਯੋਗ ਕਰਨ ਨਾਲ ਸਰੀਰਿਕ ਤੰਦਰੁਸਤੀ, ਮਾਨਸਿਕ ਚੇਤਨਤਾ, ਰੂਹਾਨੀ ਸ਼ਾਂਤੀ ਅਤੇ ਮਨ ਨੂੰ ਸਕੂਨ ਮਿਲਦਾ ਹੈ। ਉਨ੍ਹਾਂ ਵਿਸ਼ੇਸ਼ ਤੌਰ 'ਤੇ ਮਹਿਲਾ ਸ਼ਕਤੀ ਨੂੰ ਆਪਣੇ ਘਰੇਲੂ ਕੰਮਾਂ ਦੇ ਨਾਲ-ਨਾਲ ਹਰ ਰੋਜ਼ ਕਸਰਤ ਅਤੇ ਯੋਗ ਕਰਨ ਲਈ ਪ੍ਰੇਰਿਤ ਕੀਤਾ।ਸਮਾਰੋਹ ਵਿੱਚ ਡਾ. ਬਲਵਿੰਦਰ ਸ਼ਰਮਾ, ਡਾਇਰੈਕਟਰ ਸਪੋਰਟਸ, ਵੱਖ-ਵੱਖ ਵਿਭਾਗਾਂ ਦੇ ਡੀਨ, ਫੈਕਲਟੀ ਮੈਂਬਰ, ਸਟਾਫ ਅਤੇ 'ਵਰਸਿਟੀ ਦੇ ਸਮੂਹ ਕਰਮਚਾਰੀਆਂ ਨੇ ਹਿੱਸਾ ਲਿਆ। ਇਸ ਮੌਕੇ ਯੋਗ ਮਾਹਿਰ ਡਾ. ਪੁਨੀਤ ਮਿਸ਼ਰਾ ਵੱਲੋਂ ਯੋਗ ਆਸਣ ਕਰਵਾਉਂਦੇ ਹੋਏ ਉਨ੍ਹਾਂ ਲਾਭ ਅਤੇ ਕਰਨ ਦੇ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ ਗਈ।ਮੰ ਚ ਸੰਚਾਲਨ ਕਰਦੇ ਹੋਏ ਲਵਲੀਨ ਸੱਚਦੇਵਾ, ਡਿਪਟੀ ਡਾਇਰੈਕਟਰ, ਲੋਕ ਸੰਪਰਕ ਵੱਲੋਂ ਯੋਗ ਦਿਵਸ ਦੇ ਇਤਿਹਾਸ ਅਤੇ ਇਸ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਗਈ।ਐਨ.ਐਸ.ਐਸ. ਕੁਆਰਡੀਨੇਟਰ, ਪ੍ਰੋਗਰਾਮ ਅਫ਼ਸਰਾ ਅਤੇ ਵਲੰਟੀਅਰਾਂ ਵੱਲੋਂ ਕੀਤਾ ਗਿਆ ਪ੍ਰਬੰਧ ਸ਼ਲਾਘਾਯੋਗ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

# ਜੀਤਮਹਿੰਦਰ ਸਿੰਘ ਸਿੱਧੂ ਅਤੇ ਗੁਰਬਾਜ਼ ਸਿੰਘ ਸਿੱਧੂ ਨੇ ਵਰਕਰਾਂ ਦੇ ਨਿੱਜੀ ਪ੍ਰੋਗਰਾਮਾਂ 'ਚ ਕੀਤੀ ਸ਼ਮੂਲੀਅਤ



**ਤਲਵੰਡੀ ਸਾਬੋ, 21 ਜੂਨ (ਗੁਰਜੰਟ ਸਿੰਘ ਨਥੇਹਾ)**- ਲੋਕ ਸਭਾ ਚੋਣਾਂ 'ਚ ਬਠਿੰਡਾ ਹਲਕੇ ਤੋਂ ਕਾਂਗਰਸ ਪਾਰਟੀ ਦੇ ਉਮੀਦਵਾਰ ਰਹਿ ਚੁੱਕੇ ਜੀਤਮਹਿੰਦਰ ਸਿੰਘ ਸਿੱਧੂ ਸਾਬਕਾ ਵਿਧਾਇਕ ਵੱਲੋਂ ਵਰਕਰਾਂ ਦੇ ਨਿੱਜੀ ਪ੍ਰੋਗਰਾਮਾਂ 'ਚ ਹਾਜ਼ਰੀ ਭਰਨ ਦੇ ਚੋਣਾਂ ਮਗਰੋਂ ਫਿਰ ਤੋਂ ਆਰੰਭੇ ਸਿਲਸਿਲੇ ਤਹਿਤ ਅੱਜ ਲੋਕ ਸਭਾ ਹਲਕੇ ਦੇ ਵੱਖ-ਵੱਖ ਪਿੰਡਾਂ 'ਚ ਪੁੱਜ ਕੇ ਕਈ ਵਰਕਰਾਂ ਦੇ ਪਰਿਵਾਰਿਕ ਮੈਂਬਰਾਂ ਦੇ ਅਕਾਲ ਚਲਾਣੇ 'ਤੇ ਦੁੱਖ ਪ੍ਰਗਟਾਇਆ ਗਿਆ। ਟੀਮ ਸਿੱਧੂ ਵੱਲੋਂ ਮਿਲੀ ਜਾਣਕਾਰੀ ਮੁਤਾਬਿਕ ਸਬ ਡਵੀਜ਼ਨ ਤਲਵੰਡੀ ਸਾਬੋ ਦੇ ਪਿੰਡ ਰਤਨਗੜ੍ਹ ਕਣਕਵਾਲ ਦੇ ਮੁਹਤਬਰ ਆਗੂ ਅਮਰਜੀਤ ਸਿੰਘ ਚਹਿਲ ਜੋ ਬੀਤੇ ਦਿਨ ਅਕਾਲ ਚਲਾਣਾ ਕਰ ਗਏ ਹਨ ਦੇ ਘਰ ਅੱਜ ਜੀਤਮਹਿੰਦਰ ਸਿੰਘ ਸਿੱਧੂ ਆਪਣੇ ਸਪੁੱਤਰ ਅਤੇ ਨੌਜਵਾਨ ਕਾਂਗਰਸੀ ਆਗੂ ਗੁਰਬਾਜ਼ ਸਿੰਘ ਸਿੱਧੂ ਸਮੇਤ ਪੁੱਜੇ ਅਤੇ ਉਨਾਂ ਨੇ ਪੀੜਿਤ ਪਰਿਵਾਰ ਨਾਲ ਦੁੱਖ ਦਾ ਇਜ਼ਹਾਰ ਕੀਤਾ।ਜੀਤਮਹਿੰਦਰ ਸਿੰਘ ਸਿੱਧੂ ਅਤੇ ਗੁਰਬਾਜ਼ ਸਿੰਘ ਸਿੱਧੂ ਨੇ ਇਸ ਮੌਕੇ ਅਮਰਜੀਤ ਸਿੰਘ ਚਹਿਲ ਦੇ ਅਕਾਲ ਚਲਾਣੇ ਨੂੰ ਨਾ ਕੇਵਲ ਪਰਿਵਾਰ ਸਗੋਂ ਸਮੁੱਚੇ ਨਗਰ ਲਈ ਨਾ ਪੂਰਾ ਹੋਣ ਵਾਲਾ ਘਾਟਾ ਦੱਸਿਆ। ਉਨਾਂ ਦੇ ਨਾਲ ਸਿੱਧੂ ਪਰਿਵਾਰ ਦੇ ਪੁਰਾਣੇ ਸਾਥੀ ਸੁਖਦੀਪ ਸਿੰਘ ਕਣਕਵਾਲ ਵੀ ਮੌਜੂਦ ਰਹੇ।ਉੱਧਰ ਜੀਤਮਹਿੰਦਰ ਸਿੰਘ ਸਿੱਧੂ ਅਤੇ ਗੁਰਬਾਜ਼ ਸਿੰਘ ਸਿੱਧੂ ਵੱਲੋਂ ਮੌੜ ਹਲਕੇ ਦੇ ਪਿੰਡਾਂ ਕਮਾਲੂ ਸਵੈਚ ਅਤੇ ਗਹਿਰੀ ਬਾਰਾ ਸਿੰਘ ਵਿਖੇ ਵੀ ਪੁੱਜ ਕੇ ਕਈ ਨਿੱਜੀ ਪ੍ਰੋਗਰਾਮਾਂ 'ਚ ਹਾਜ਼ਰੀ ਭਰੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ 37.50 ਲੱਖ ਦੀ ਲਾਗਤ

# ਵਾਲੀਆਂ 5 ਨਵੀਆਂ ਟਾਟਾ ਏਸ ਗੱਡੀਆਂ ਹਰੀ ਝੰਡੀ ਦਿਖਾ ਕੇ ਰਵਾਨਾ




**ਸੰਗਰੂਰ, ( ਰਣਜੀਤ ਸਿੰਘ ਪੇਧਨੀ)**-ਵਿਧਾਇਕ ਨਰਿੰਦਰ ਕੌਰ ਭਰਾਜ ਨੇ ਅੱਜ ਸੰਗਰੂਰ ਸ਼ਹਿਰ ਨੂੰ ਕੂੜਾ ਕਰਕਟ ਤੋਂ ਮੁਕਤ ਕਰਨ ਲਈ ਚੁੱਕੇ ਜਾ ਰਹੇ ਸਾਰਥਕ ਕਦਮਾਂ ਦੀ ਅਹਿਮ ਕੜੀ ਵਜੋਂ 5 ਨਵੀਆਂ ਟਾਟਾ ਏਸ ਗੱਡੀਆਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਉੱਪਲੀ ਰੋਡ 'ਤੇ ਸਥਿਤ ਫਾਇਰ ਬ੍ਰਿਗੇਡ ਦਫ਼ਤਰ ਤੋਂ ਗੱਡੀਆਂ ਨੂੰ ਰਵਾਨਾ ਕਰਨ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ ਨਿਰਦੇਸ਼ਾਂ ਹੇਠ ਸੰਗਰੂਰ ਹਲਕੇ ਨੂੰ ਹਰ ਪੱਖੋਂ ਮੋਹਰੀ ਬਣਾਉਣ ਦੀ ਦਿਸ਼ਾ ਵਿੱਚ ਅਸੀਂ ਨਿਰੰਤਰ ਕਾਰਜਸ਼ੀਲ ਹਾਂ ਅਤੇ ਇਸੇ ਕੜੀ ਤਹਿਤ ਸੰਗਰੂਰ ਸ਼ਹਿਰ ਵਿੱਚ ਕੂੜੇ ਦੇ ਉਚਿਤ ਨਿਪਟਾਰੇ ਤੇ ਯੋਜਨਾਬੱਧ ਪ੍ਰਬੰਧਨ ਲਈ ਅੱਜ 37.50 ਲੱਖ ਰੁਪਏ ਦੀ ਲਾਗਤ ਵਾਲੀਆਂ 5 ਹੋਰ ਟਾਟਾ ਏਸ ਨਗਰ ਕੌਂਸਲ ਨੂੰ ਸੌਂਪ ਦਿੱਤੀਆਂ ਗਈਆਂ ਹਨ ਜੋ ਕਿ ਸ਼ਹਿਰੀ ਵਾਰਡਾਂ ਵਿੱਚ ਜਾ ਕੇ ਸੁੱਕਾ ਤੇ ਗਿੱਲਾ ਕੂੜਾ ਇਕੱਤਰ ਕਰਨਗੀਆਂ ਅਤੇ ਇਸ ਨਾਲ ਸੈਕੰਡਰੀ ਡੰਪਾਂ ਵਿੱਚੋਂ ਕੂੜੇ ਦਾ ਉਚਿਤ ਨਿਪਟਾਰਾ ਹੋਵੇਗਾ ਤੇ ਲਗਭਗ 50 ਫੀਸਦੀ ਹਿੱਸਾ ਪੂਰੀ ਤਰ੍ਹਾਂ ਕੂੜਾ ਰਹਿਤ ਹੋ ਸਕੇਗਾ। ਵਿਧਾਇਕ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਸ਼ਹਿਰ ਵਿੱਚ ਅਜਿਹੀਆਂ 10 ਟਾਟਾ ਏਸ ਚੱਲ ਰਹੀਆਂ ਹਨ ਅਤੇ ਜਲਦੀ ਹੀ 10 ਹੋਰ ਨਵੀਆਂ ਨੂੰ ਖਰੀਦਣ ਲਈ ਪ੍ਰੋਜੈਕਟ ਪ੍ਰਗਤੀ ਅਧੀਨ ਹੈ ਜਿਸ ਨਾਲ ਆਉਣ ਵਾਲੇ ਸਮੇਂ ਵਿੱਚ ਸੰਗਰੂਰ ਸ਼ਹਿਰ ਦੇ ਹਰ ਵਾਰਡ ਲਈ ਇੱਕ ਵੱਖਰੀ ਟਾਟਾ ਏਸ ਉਪਲਬਧ ਹੋ ਜਾਵੇਗੀ ਤੇ ਕੂੜੇ ਦਾ ਯੋਗ ਪ੍ਰਬੰਧਨ ਹੋ ਸਕੇਗਾ।ਉਨ੍ਹਾਂ ਸ਼ਹਿਰ ਵਾਸੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਸ਼ਹਿਰ ਨੂੰ ਕੂੜਾ ਮੁਕਤ ਕਰਨ ਲਈ ਚਲਾਈ ਜਾ ਰਹੀ ਇਸ ਮੁਹਿੰਮ ਵਿੱਚ ਆਪਣੀ ਸਰਗਰਮ ਭੂਮਿਕਾ ਨਿਭਾਉਣ ਤੇ ਘਰਾਂ ਵਿੱਚੋਂ ਹੀ ਸੁੱਕਾ ਤੇ ਗਿੱਲਾ ਕੂੜਾ ਵੱਖ ਵੱਖ ਤੌਰ 'ਤੇ ਇਨ੍ਹਾਂ ਵਾਹਨਾਂ ਵਿੱਚ ਪਾਉਣ ਤਾਂ ਜੋ ਸਾਫ਼ ਸਫਾਈ ਦੇ ਯਤਨਾਂ ਨੂੰ ਬੂਰ ਪੈ ਸਕੇ। ਵਿਧਾਇਕ ਨਰਿੰਦਰ ਕੌਰ ਭਰਾਜ ਨੇ ਕਿਹਾ ਕਿ ਸਫਾਈ ਕਰਮਚਾਰੀਆਂ ਅਤੇ ਵਾਹਨਾਂ ਲਈ ਡਰਾਇਵਰਾਂ ਦੀ ਘਾਟ ਨੂੰ ਦੂਰ ਕਰਨ ਲਈ ਵੀ ਉਪਰਾਲੇ ਚੱਲ ਰਹੇ ਹਨ ਅਤੇ ਜਲਦੀ ਹੀ ਨਗਰ ਕੌਂਸਲ ਸੰਗਰੂਰ ਵਿੱਚ ਢੁਕਵੀਂ ਮਸ਼ੀਨਰੀ ਤੇ ਮੈਨ ਪਾਵਰ ਮੁਹੱਈਆ ਕਰਵਾ ਦਿੱਤੀ ਜਾਵੇਗੀ ਤਾਂ ਜੋ ਭਵਿੱਖ ਵਿੱਚ ਇਸ ਸਮੱਸਿਆ ਦਾ ਸਥਾਈ ਹੱਲ ਹੋ ਸਕੇ। ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਵੱਲੋਂ ਨਗਰ ਕੌਂਸਲ ਨੂੰ 2.20 ਲੱਖ ਰੁਪਏ ਦੀ ਲਾਗਤ ਵਾਲੀਆਂ ਦੋ ਫੌਗਿੰਗ ਮਸ਼ੀਨਾਂ ਵੀ ਸੌਂਪੀਆਂ ਗਈਆਂ ਤਾਂ ਜੋ ਮੱਛਰਾਂ ਦੁਆਰਾ ਫੈਲਾਈਆਂ ਜਾਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਹੋ ਸਕੇ। ਇਸ ਮੌਕੇ ਈ.ਓ ਨਗਰ ਕੌਂਸਲ ਮੋਹਿਤ ਸ਼ਰਮਾ , ਆਪ ਆਗੂ ਹਰਮਨਦੀਪ ਕੌਰ ਸੰਗਰੂਰ ਅਤੇ ਪਾਰਟੀ ਦੇ ਆਗੂ ਵੀ ਹਾਜ਼ਰ ਸਨ।

**ਸੰਗਰੂਰ ਸ਼ਹਿਰ ਨੂੰ ਕੂੜਾ ਕਰਕਟ ਤੋਂ ਮੁਕਤ ਕਰਨ ਲਈ ਸਾਰਥਕ ਉਪਰਾਲੇ ਜਾਰੀ: ਨਰਿੰਦਰ ਕੌਰ ਭਰਾਜ**

### ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ

# ਜ਼ਿਲ੍ਹਾ ਫਿਰੋਜ਼ਪੁਰ ਦੀ ਅਹਿਮ ਮੀਟਿੰਗ ਹੋਈ



ਫਿਰੋਜ਼ਪੁਰ 21 ਜੂਨ (ਮਨਹੋਰ ਲਾਲ): ਭਾਰਤੀ ਕਿਸਾਨ ਯੂਨੀਅਨ ਏਕਤਾ ਡਕੌਂਦਾ ਜ਼ਿਲ੍ਹਾ ਫਿਰੋਜ਼ਪੁਰ ਦੀ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਜਗੀਰ ਸਿੰਘ ਖਹਿਰਾ ਅਤੇ ਜ਼ਿਲ੍ਹਾ ਜਨਰਲ ਸਕੱਤਰ ਗੁਲਜ਼ਾਰ ਸਿੰਘ ਦੀ ਅਗਵਾਈ ਹੇਠ ਗੁਰਦੁਆਰਾ ਸਾਰਾਗੜ੍ਹੀ ਸਾਹਿਬ ਵਿਖੇ ਕੀਤੀ ਗਈ। ਜਿਸ ਵਿੱਚ ਬੁਲਾਰਿਆਂ ਨੇ ਕਿਹਾ ਕਿ ਪਿਛਲੇ ਦਿਨੀਂ ਜੋ ਕੇਂਦਰੀ ਕੈਬਨਿਟ ਦੁਆਰਾ ਸਾਉਣੀ ਦੀਆਂ ਫ਼ਸਲਾਂ ਲਈ ਐੱਮਐੱਸਪੀ ਨੂੰ ਪ੍ਰਵਾਨਗੀ ਦਿੱਤੀ ਹੈ ਅਤੇ ਸਾਉਣੀ ਦੀਆਂ 10 ਫਸਲਾਂ ਦੇ ਭਾਅ ਵਿੱਚ ਵਾਧਾ ਕੀਤਾ ਹੈ ਇਸ ਵਾਧੇ ਨੂੰ ਜਥੇਬੰਦੀ ਵੱਲੋਂ ਨਿਗੂਣਾ ਵਾਧਾ ਦੱਸਦਿਆਂ ਹੋਇਆ ਨਕਾਰਿਆ ਗਿਆ, ਕਿਉਂਕਿ ਡੀਜ਼ਲ ਦੀ ਕੀਮਤ ਵਿੱਚ ਵਾਧਾ ਜ਼ਿਆਦਾ ਹੋਣ ਕਾਰਨ ਟਰੈਕਟਰ ਦੀ ਟੁੱਟ ਭੱਜ ਅਤੇ ਸੰਦ ਜ਼ਿਆਦਾ ਮਹਿੰਗੇ ਹੋਣ ਕਾਰਨ ਫ਼ਸਲ ਦੇ ਰੇਟ ਵਿਚ ਵਾਧਾ ਬਹੁਤ ਘੱਟ ਕੀਤਾ ਗਿਆ ਹੈ। ਇਸ ਦੇ ਨਾਲ ਨਾਲ ਪੰਜਾਬ ਵਿੱਚ ਕਣਕ ਅਤੇ ਝੋਨੇ ਦੀ ਫਸਲ ਤੇ ਗਰੰਟੀ ਕਾਨੂੰਨ ਹੋਣ ਕਾਰਨ ਇਹ ਦੋ ਫਸਲਾਂ ਸਹੀ ਐੱਮਐੱਸਪੀ ਗਰੰਟੀ ਕਾਨੂੰਨ ਅਨੁਸਾਰ ਵਿਕ ਰਹੀਆਂ ਹਨ, ਬਾਕੀ ਮੱਕੀ, ਮੂੰਗੀ ਅਤੇ ਦਾਲਾਂ ਉਪਰ ਪਹਿਲਾ ਵੀ ਸਰਕਾਰ ਨੇ ਐੱਮਐੱਸਪੀ ਦਿੱਤੀ ਹੋਈ ਹੈ, ਪਰ ਗਰੰਟੀ ਕਾਨੂੰਨ ਨਾ ਹੋਣ ਕਾਰਨ ਇਹ ਸਾਰੀਆਂ ਫਸਲਾਂ ਪ੍ਰਾਈਵੇਟ ਵਪਾਰੀ ਦੁਆਰਾ ਘੱਟ ਰੇਟ ਉਪਰ ਖਰੀਦੀਆਂ ਜਾਂਦੀਆਂ ਹਨ ਅਤੇ ਇਸ ਵਿਚ ਕਿਸਾਨ ਦੀ ਲੁੱਟ ਹੁੰਦੀ ਹੈ।ਜਥੇਬੰਦੀ ਵੱਲੋਂ ਮੰਗ ਕੀਤੀ ਗਈ ਹੈ ਕਿ ਇਨ੍ਹਾਂ ਸਾਰੀਆਂ ਫਸਲਾਂ ਉਪਰ ਐੱਮਐੱਸਪੀ ਗਰੰਟੀ ਕਾਨੂੰਨ ਬਣਾਇਆ ਜਾਵੇ ਅਤੇ ਇਨ੍ਹਾਂ ਫਸਲਾਂ ਦੀ ਖਰੀਦ ਮੰਡੀ ਵਿੱਚ ਕੀਤੀ ਜਾਵੇ ਤਾਂ ਜੋ ਵੱਡੇ ਕੋਆਪਰੇਟਿਵ ਘਰਾਣਿਆਂ ਵੱਲੋਂ ਕਿਸਾਨ ਦੀ ਲੁੱਟ ਨੂੰ ਬਚਾਇਆ ਜਾ ਸਕੇ। ਇਸ ਮੌਕੇ ਜ਼ਿਲ੍ਹਾ ਸੀਨੀਅਰ ਮੀਤ ਪ੍ਰਧਾਨ ਦਰਸ਼ਨ ਸਿੰਘ ਕੜਮਾ, ਜ਼ਿਲ੍ਹਾ ਮੈਂਬਰ ਸ਼ਮਸ਼ੇਰ ਸਿੰਘ ਸ਼ਿਹਜ਼ਾਦੀ, ਬਲਕਾਰ ਸਿੰਘ ਜੋਧਪੁਰ, ਅਮਰੀਕ ਸਿੰਘ ਪੱਲ੍ਹਾ ਮੇਘਾ, ਹਰਬੰਸ ਸਿੰਘ ਜੋਧਪੁਰ, ਜੋਗਿੰਦਰ ਸਿੰਘ ਨੂਰਪੁਰ, ਸੁਖਦੇਵ ਸਿੰਘ, ਗੁਰਚਰਨ ਸਿੰਘ ਨਾਜੂ ਸ਼ਾਹਵਾਲਾ, ਜ਼ਿਲ੍ਹਾ ਮੈਂਬਰ ਪ੍ਰਨੀਤ ਸਿੰਘ ਭੜਾਣਾ ਆਦਿ ਹਾਜ਼ਰ ਸਨ।

# 1947 ਦੇ ਉਜਾੜੇ ਦੀ ਦਾਸਤਾਨ ਬਿਆਨਦਾ ਗੀਤ 'ਸਾਂਝਾਂ' ਰਿਲੀਜ਼



**ਫਿਰੋਜ਼ਪੁਰ, 21 ਜੂਨ (ਮਨਹੋਰ ਲਾਲ)**-1947 ਵਿਚ ਲਹਿੰਦੇ ਤੇ ਚੜ੍ਹਦੇ ਪੰਜਾਬਾਂ ਦੀ ਹੋਈ ਵੰਡ ਦੇ ਜ਼ਖ਼ਮ ਹਾਲੇ ਤੱਕ ਵੀ ਨਹੀਂ ਭਰੇ। ਬੇਸ਼ੱਕ ਇਹ ਬਟਵਾਰਾ ਰਾਜਨੀਤੀ ਦਾ ਨਤੀਜਾ ਸੀ ਪਰ ਦੋਵਾਂ ਪੰਜਾਬ ਦੀ ਅਵਾਮ ਵਿੱਚ ਅੱਜ ਵੀ ਉਹੀ ਮੁਹੱਬਤ ਹੈ ਅਤੇ ਆਪਣੇ ਘਰਾਂ/ ਪਿੰਡਾਂ ਨੂੰ ਵੇਖਣ ਦੀ ਉਮੀਦ ਲਗਾਈ ਬੈਠੇ ਹਨ। ਏਸੇ ਵਿਸ਼ੇ ਦੇ ਅਧਾਰਿਤ ਪ੍ਰਸਿੱਧ ਗੀਤਕਾਰ ਗਾਮਾ ਸਿੱਧੂ ਦੁਆਰਾ ਲਿਖਿਆ ਅਤੇ ਸੁਰੀਲੇ ਗਾਇਕ ਦਰਸ਼ਨਜੀਤ ਵੱਲੋਂ ਗਾਇਆ ਗੀਤ ਸਾਂਝਾਂ ਰਿਲੀਜ਼ ਹੋ ਚੁੱਕਾ ਹੈ। ਸਥਾਪਿਤ ਕਮੇਡੀਅਨ ਗੁਰਚੇਤ ਚਿੱਤਰਕਾਰ ਦੀ ਆ ਰਹੀ ਫ਼ਿਲਮ 'ਸਾਂਝਾ ਪੰਜਾਬ' ਜਿਸ ਵਿਚ ਲਹਿੰਦੇ ਅਤੇ ਚੜ੍ਹਦੇ ਪੰਜਾਬ ਦੇ ਕਲਾਕਾਰਾਂ ਨੇ ਭੂਮਿਕਾ ਨਿਭਾਈ ਹੈ,ਵਿਚਲਾ ਇਹ ਗੀਤ ਯੂ ਟਿਊਬ ਚੈਨਲ ਫੈਮਲੀ 420 'ਤੇ ਰਿਲੀਜ਼ ਕੀਤਾ ਗਿਆ ਹੈ। ਗੀਤ ਦੇ ਬੋਲ ਓਸ ਮੌਕੇ ਲੀਡਰਾਂ ਵੱਲੋਂ ਸੌੜੇ ਹਿੱਤਾਂ ਖਾਤਿਰ ਕੀਤੀ ਗਈ ਵੰਡ 'ਤੇ ਕਰਾਰੀ ਚੋਟ ਕਰਦੇ ਹਨ। ਗੀਤ ਦੇ ਬੋਲਾਂ "ਦੇਸ਼ ਹੀ ਵੰਡ ਸਕਦੇ ਸੀ ਵੰਡ ਲਏ, ਪਰ ਸੋਚਾਂ ਕਿੱਦਾਂ ਵੰਡੋਗੇ" ਵਿਚ ਅੰਤਾਂ ਦਾ ਦਰਦ ਭਰਿਆ ਗਿਆ ਹੈ। ਜਿੰਨੀ ਡੂੰਘਾਈ ਵਿਚ ਗੀਤ ਨੂੰ ਲਿਖਿਆ ਗਿਆ ਹੈ ਓਸੇ ਹੀ ਸ਼ਿੱਦਤ ਨਾਲ ਗਾਇਕ ਵੱਲੋਂ ਇਸ ਨੂੰ ਨਿਭਾਇਆ ਗਿਆ ਹੈ। ਇਸ 'ਸਾਂਝਾਂ' ਗੀਤ ਦੀ ਚੁਫੇਰਿਓਂ ਤਾਰੀਫ਼ ਹੋ ਰਹੀ ਹੈ।ਨਾਮੀ ਲੇਖਕਾਂ ਵੱਲੋਂ ਗੀਤ ਦੀ ਸ਼ਲਾਘਾ ਕੀਤੀ ਜਾ ਰਹੀ ਹੈ। ਗੀਤਕਾਰ ਗਾਮਾ ਸਿੱਧੂ ਅਤੇ ਗਾਇਕ ਦਰਸ਼ਨਜੀਤ ਨੇ ਕਿਹਾ ਕਿ ਕੁਝ ਗੀਤ ਵਪਾਰਿਕ ਨਹੀਂ ਹੁੰਦੇ ਪਰ ਲੋਕਾਂ ਦੀ ਗੱਲ ਰੱਖਣੀ ਬਹੁਤ ਜ਼ਰੂਰੀ ਹੁੰਦੀ ਹੈ ਅਤੇ ਇਹ ਗੀਤ ਵੀ ਅਜਿਹਾ ਹੀ ਹੈ ਜਿਸ ਵਿਚ 1947 ਵਿਚ ਪਏ ਵਿਛੋੜੇ ਦੀ ਪੀੜ੍ਹ ਬਿਆਨ ਕੀਤੀ ਗਈ ਹੈ।

# ਸਿਹਤ ਦੀ ਤੰਦਰੁਸਤੀ ਲਈ ਯੋਗਾ ਜਰੂਰੀ ਹੈ - ਐਸ ਆਈ ਅਸ਼ੋਕ ਕੁਮਾਰ




ਧੂਰੀ ( ਰਣਜੀਤ ਸਿੰਘ ਪੇਧਨੀ ) ਸਿਵਲ ਸਰਜਨ ਡਾਕਟਰ ਕਿਰਪਾਲ ਸਿੰਘ ਜੀ ਦੇ ਦਿਸ਼ਾ ਨਿਰਦੇਸ਼ਾ ਅਤੇ ਐਸ ਐਮ ਓ ਡਾਕਟਰ ਮਹੁੰਮਦ ਆਖਤਰ ਜੀ ਦੀ ਯੋਗ ਅਗਵਾਈ ਅਤੇ ਹਰਦੇਵ ਸਿੰਘ ਏ ਐਮ ਓ ਅਤੇ ਐਸ ਆਈ ਅਸ਼ੌਕ ਕੁਮਾਰ ਦੀ ਸੁਪਰਵੀਜਨ ਵਿੱਚ ਅੰਤਰਰਾਸ਼ਟਰੀ ਯੋਗ ਦਿਵਸ ਸੀ ਐਚ ਸੀ ਸ਼ੇਰਪੁਰ ਅਧੀਨ ਪੀ ਐਚ ਸੀ ਕਾਂਝਲਾ ਦੇ ਹੈਲਥ ਵੈਲਨੈਸ਼ ਸੈਂਟਰ ਲੱਡਾਂ ਵਿਖੇ ਮਨਾਇਆ ਗਿਆ ।ਇਸ ਮੌਕੇ ਸਿਹਤ ਅਧਿਕਾਰੀ ਹਰਦੇਵ ਸਿੰਘ ਏ ਐਮ ਐਮ ,ਅਸ਼ੌਕ ਕੁਮਾਰ ਐਸ ਆਈ ਅਤੇ ਡਾਕਟਰ ਵਰਿੰਦਰ ਸਿੰਘ ਸੀ ਐਚ ਓ ਨੇ ਕਿਹਾ ਕਿ ਹਰ ਰੋਜ਼ ਯੋਗ ਕਰਨ ਨਾਲ ਸਾਡਾ ਸ਼ਰੀਰ ਤੰਦਰੁਸਤ ਰਹਿੰਦਾ ਹੈ ਤੇ ਸ਼ਰੀਰ ਵਿੱਚ ਬਿਮਾਰੀਆਂ ਨਾਲ ਲੜਨ ਦੀ ਤਾਕਤ ਬਣੀ ਰਹਿੰਦੀ ਹੈ,ਆਪਣੀ ਰੁਝੇਵਿਆਂ ਭਰੀ ਜਿੰਦਗੀ ਵਿੱਚੋਂ ਤਣਾਅ ਖਤਮ ਕਰਨ ਵਿੱਚ ਯੋਗ ਬਹੁਤ ਸਹਾਇਤਾ ਕਰਦਾ ਹੈ ।ਯੋਗ ਕਰਨ ਨਾਲ ਮਨ ਸ਼ਾਤ ਰਹਿੰਦਾ ਹੈ ਤੇ ਇਨਸਾਨ ਲੰਮੀ ਉਮਰ ਭੋਗਦਾ ਹੈ । ਉਹਨਾਂ ਕਿਹਾ ਕਿ ਕੋਵਿਡ ਦੇ ਸਮੇਂ ਤੰਦਰੁਸਤ ਰਹਿਣ ਵਿੱਚ ਯੋਗ ਨੇ ਬਹੁਤ ਸਹਾਇਤਾ ਕੀਤੀ ਸੀ। ਸੋ ਸਾਨੂੰ ਹਰ ਰੋਜ਼ ਯੋਗ ਕਰਨਾ ਚਾਹੀਦਾ ਹੈ । ਇਸ ਮੌਕੇ ਰਾਜਿੰਦਰ ਕੌਰ,ਹਰਜਿੰਦਰ ਕੌਰ ਮ,ਪ,ਹ ਵ (ਫ),ਜਸਵਿੰਦਰ ਸਿੰਘ ਮ,ਪ,ਹ,ਵ (ਮ) ਹਾਜ਼ਰ ਸਨ।

## ਹਾ ਹਾ ਬੀ ਹੈਪੀ ਗਰੁੱਪ ਫਿਰੋਜ਼ਪੁਰ ਵੱਲੋਂ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ



ਫਿਰੋਜ਼ਪੁਰ 21 ਜੂਨ (ਮਨੋਹਰ ਲਾਲ): ਹਾ ਹਾ ਬੀ ਹੈਪੀ ਗਰੁੱਪ, ਫਿਰੋਜਪੁਰ ਵੱਲੋਂ ਅੰਤਰਰਾਸ਼ਟਰੀ ਯੋਗ ਦਿਵਸ, ਤਿੰਨ ਦਿਨਾ ਯੋਗਾ ਕੈਂਪ ਦੀ ਸਮਾਪਤੀ ਕਰਦੇ ਹੋਏ, ਬਾਗੀ ਪਾਰਕ, ਚੋਕ ਨਾਮਦੇਵ, ਫਿਰੋਜਪੁਰ ਵਿਖੇ ਮਨਾਇਆ ਗਿਆ। ਗਰੁੱਪ ਦੀ ਰਸਮੀ ਸ਼ੁਰੂਆਤ, ਗੋਰਵ ਭਾਸਕਰ, ਸੀ ਈ ਓ, ਵਿਵੇਕਾਨੰਦ ਵਰਲਡ ਸਕੂਲ ਵਲੋਂ ਕੀਤੀ ਗਈ। 200 ਤੋਂ ਵੱਧ, ਯੋਗਾ ਸਾਧਕਾਂ ਨਾ ਇਸ, ਤਿੰਨ ਰੋਜਾ, ਯੋਗ ਕੈਂਪ ਹਾਜਿਰ ਰਹੇ। ਅੱਜ ਸਮਾਪਤੀ ਦਿਨ, ਅੰਤਰਰਾਸ਼ਟਰੀ ਦਿਵਸ ਦੇ ਰੂਪ 'ਚ ਮਨਾਇਆ। ਅੱਜ ਦੇ ਮੁੱਖ ਮਹਿਮਾਨ, ਡਾ. ਕਮਲ ਬਾਗੀ ਜੀ, ਸੀ ਈ ਓ, ਬਾਗੀ ਹਸਪਤਾਲ, ਫਿਰੋਜ਼ਪੁਰ ਵੱਲੋਂ ਗਰੁੱਪ ਦੇ ਯੋਗ ਸਾਧਕਾਂ ਵੱਲੋ ਕੀਤੇ ਗਏ, ਯੋਗ ਆਸਾਨ ਤੇ ਕੈਂਪ ਦੇ ਮੁਸ਼ਕਲ, ਆਯੋਜਨ ਲਈ ਕੀਤੀ ਮਿਹਨਤ ਲਈ ਸ਼ਲਾਘਾ ਕਰਦੇ ਹਰ ਸੰਭਵ ਸਹਾਇਤਾ ਦਾ ਯਕੀਨ ਦਿਵਾਇਆ। ਗਰੁੱਪ, ਪ੍ਰੋਜੈਕਟ ਚੇਅਰਮੈਨ ਰੋਸ਼ਨ ਬਾਜਾਜ, ਕੋ ਚੇਅਰਮੈਨ ਡਾ. ਸੁਰਿੰਦਰ ਕਪੂਰ ਤੇ ਗਰੁੱਪ ਨੂੰ ਸਹਿਯੋਗ ਕਰਨ ਲਈ ਅੱਗੇ ਆ ਰਹੀਆਂ, ਸੰਸਥਾਵਾ ਨੂੰ ਵੀ ਸਨਮਾਨਿਤ ਕੀਤਾ ਗਿਆ। ਸਮਾਰੋਹ ਦਾ ਸੰਚਾਲਨ, ਗਰੁੱਪ ਦੇ ਫਾਊਂਡਰ ਮੈਂਬਰ, ਅਮਰਜੀਤ ਸਿੰਘ, ਵਲੋਂ ਕੀਤਾ ਗਿਆ। ਗਰੁੱਪ ਕੋਆਰਡੀਨੇਟਰ ਦੇਵ ਰਾਜ ਖੁੱਲਰ, ਵੱਲੋਂ ਮਹਿਮਾਨਾਂ ਦਾ ਧੰਨਵਾਦ ਕੀਤਾ।

ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੰਜਾਬ ਦੇ ਭਲੇ ਲਈ ਪੀਰ ਮੁਹੰਮਦ ਨੇ

# ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕਰਨ ਦੀ ਭਾਵੁਕ ਅਪੀਲ







**ਸਾਊਥਾਲ, 21 ਜੂਨ (ਸਰਬਜੀਤ ਸਿੰਘ ਬਨੂੜ)**- ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਸਕੱਤਰ ਸ ਕਰਨੈਲ ਸਿੰਘ ਪੀਰ ਮੁਹੰਮਦ ਦਾ ਸਾਊਥਾਲ ਵਿੱਚ ਐਨ.ਆਰ.ਆਈ ਪੰਜਾਬੀਆਂ ਵੱਲੋਂ ਗਰਮ ਜੋਸ਼ੀ ਨਾਲ ਸਵਾਗਤ ਕੀਤਾ ਗਿਆ। ਸਾਊਥਾਲ ਦੇ ਨੂਰ ਮਹਿਲ ਹਾਲ ਵਿੱਚ ਈਲਿੰਗ ਸਾਊਥਾਲ ਦੇ ਸਾਬਕਾ ਐਮ ਪੀ ਸ਼੍ਰੀ ਵਰਿੰਦਰ ਸ਼ਰਮਾ, ਕੌਂਸਲਰ ਕਮਲਪ੍ਰੀਤ ਕੌਰ, ਸ ਸੁਖਵਿੰਦਰ ਸਿੰਘ ਸੁੱਖੀ, ਸਾਬਕਾ ਕੌਂਸਲਰ ਕਮਲਜੀਤ ਕੌਰ, ਸ ਸਰਬਜੀਤ ਸਿੰਘ ਗਰੇਵਾਲ ਨੇ ਸ ਕਰਨੈਲ ਸਿੰਘ ਪੀਰ ਮੁਹੰਮਦ ਦਾ ਸਵਾਗਤ ਕੀਤਾ ਗਿਆ। ਇਸ ਮੌਕੇ ਪੰਜਾਬ ਨਾਲ ਪਿਆਰ ਰੱਖਣ ਵਾਲੇ ਪੰਜਾਬੀਆਂ ਨੇ ਸ ਪੀਰ ਮੁਹੰਮਦ ਨੂੰ ਜੀ ਆਈਆਂ ਆਖਦੇ ਹੋਏ ਸਮੇਂ ਸਮੇਂ ਤੇ ਪਾਰਟੀ ਪ੍ਰਧਾਨ ਵੱਲੋਂ ਕੀਤੀਆਂ ਬੱਜਰ ਕੁਰਤਿਆਂ ਬਾਰੇ ਵਿਚਾਰ ਚਰਚਾ ਕਰਕੇ ਮਾਫ਼ੀ ਮੰਗਣ ਦੀ ਗੱਲ ਕੀਤੀ ਗਈ। ਇਸ ਮੌਕੇ ਸ ਕਰਨੈਲ ਸਿੰਘ ਪੀਰ ਮੁਹੰਮਦ ਨੇ ਕਿਹਾ ਕਿ ਉਨ੍ਹਾਂ ਦਾ ਜੀਵਨ ਸਿੱਖ ਕੌਮ ਤੇ ਪੰਜਾਬ ਨੂੰ ਸਮਰਪਿਤ ਹੈ ਉਹ ਕੌਮ ਦੀ ਆਵਾਜ ਬਣ ਕੇ ਸਿੱਖ ਕੌਮ ਦੀ ਚੜ੍ਹਦੀ ਕਲਾ ਲਈ ਕੰਮ ਕਰਦੇ ਰਹਿਣਗੇ। ਉਨ੍ਹਾਂ ਕਿਹਾ ਕਿ ਪੰਜਾਬ ਦੇ ਭਲੇ ਲਈ ਖੇਤਰੀ ਮਾਂ ਪਾਰਟੀ ਸ਼੍ਰੋਮਣੀ ਅਕਾਲੀ ਦਲ ਦਾ ਮਜ਼ਬੂਤ ਹੋਣਾ ਬਹੁਤ ਜ਼ਰੂਰੀ ਹੈ। ਸਾਡੇ ਬੁਜ਼ਰਗਾਂ ਨੇ ਅਕਾਲੀ ਦਲ ਦੀ ਮਜ਼ਬੂਤੀ ਤੇ ਪੰਜਾਬ ਦੇ ਹਿੱਤਾ ਨੂੰ ਬਚਾਉਣ ਲਈ ਆਪਣੇ ਖ਼ੂਨ ਦਾ ਇੱਕ ਇੱਕ ਕਤਰਾ ਦੇ ਕੇ ਇਸ ਨੂੰ ਸਿੰਜੀਆਂ ਹੈ। ਉਨ੍ਹਾਂ ਕਿਹਾ ਕਿ ਐਨ ਆਰ ਆਈ ਭਰਾਵਾਂ ਵੱਲੋਂ ਦਿੱਤੇ ਬਹੁਮੁੱਲੇ ਵਿਚਾਰ ਤੇ ਮੁਸ਼ਕਲਾਂ ਦੇ ਹੱਲ ਸੰਬੰਧੀ ਪਾਰਟੀ ਪ੍ਰਧਾਨ ਨੂੰ ਜਾਣੂ ਕਰਵਾਉਣਗੇ। ਇਸ ਮੌਕੇ ਹੋਰਨਾ ਤੋ ਇਲਾਵਾ ਸ ਬਲਵਿੰਦਰ ਸਿੰਘ ਪੀਰ ਮੁਹੰਮਦ, ਸ ਅਮਰੀਕ ਸਿੰਘ ਨੂਰ ਮਹਿਲ, ਸ ਮਨਪ੍ਰੀਤ ਸਿੰਘ ਖਾਲਸਾ, ਸੋਨੂੰ ਬਾਜਵਾ, ਅਮਨ ਘੁੰਮਣ, ਗੁਰਪ੍ਰੀਤ ਕੌਰ, ਸਰਬਜੀਤ ਸਿੰਘ ਗਰੇਵਾਲ, ਅਵਤਾਰ ਸਿੰਘ ਚੌਹਾਨ, ਸਤਨਾਮ ਸਿੰਘ ਚੌਹਾਨ, ਦਰਸ਼ਨ ਸਿੰਘ ਅਜ਼ਾਦ, ਗੁਰਪ੍ਰੀਤ ਕੌਰ ਆਦਿ ਨੇ ਵੀ ਆਪਣੇ ਵਿਚਾਰ ਰੱਖੇ। ਇਸ ਮੌਕੇ ਸਾਬਕਾ ਐਮ ਪੀ ਸ਼੍ਰੀ ਵਰਿੰਦਰ ਸ਼ਰਮਾ, ਕੌਂਸਲਰ ਕਮਲਪ੍ਰੀਤ ਕੌਰ ਨੇ ਸ ਕਰਨੈਲ ਸਿੰਘ ਪੀਰ ਮੁਹੰਮਦ ਨੂੰ ਸਿਰੋਪਾ ਪਾ ਸਨਮਾਨਿਤ ਕੀਤਾ ਗਿਆ।

**ਸਾਡੇ ਬੁਜਰਗਾਂ ਨੇ ਆਪਣੀਆਂ ਕੁਰਬਾਨੀਆਂ ਦੇ ਕੇ ਸ਼੍ਰੋਮਣੀ ਅਕਾਲੀ ਦਲ ਨੂੰ ਮਜ਼ਬੂਤ ਕੀਤਾ - ਕਰਨੈਲ ਸਿੰਘ ਪੀਰ ਮੁਹੰਮਦ**

### ਵਿਸ਼ਵ ਪ੍ਰਸਿੱਧ ਲੇਖਿਕਾ ਅਰੁੰਧਤੀ ਰਾਏ ਅਤੇ ਕਸ਼ਮੀਰੀ ਪ੍ਰੋਫੈਸਰ ਸ਼ੇਖ ਸ਼ੌਕਤ ਹੁਸੈਨ ਖ਼ਿਲਾਫ਼ ਉਪ ਰਾਜਪਾਲ ਵੱਲੋਂ

# ਮੁਕੱਦਮਾ ਦਰਜ਼ ਕਰਨ ਦੀ ਮਨਜ਼ੂਰੀ ਦੇਣਾ ਜ਼ਮਹੂਰੀਅਤ ਦਾ ਘਾਣ- ਡੀ.ਟੀ.ਐੱਫ

**ਤਲਵੰਡੀ ਸਾਬੋ, 21 ਜੂਨ (ਗੁਰਜੰਟ ਸਿੰਘ ਨਥੇਹਾ)**- ਪ੍ਰਤੀਨਿਧ ਅਧਿਆਪਕ ਜਥੇਬੰਦੀ ਡੈਮੋਕ੍ਰੇਟਿਕ ਟੀਚਰਜ਼ ਫਰੰਟ ਨੇ ਕੇਂਦਰੀ ਮੋਦੀ ਹਕੂਮਤ ਦੇ ਇਸ਼ਾਰੇ 'ਤੇ ਦਿੱਲੀ ਦੇ ਉਪ ਰਾਜਪਾਲ ਵੱਲੋਂ ਉੱਘੀ ਸਮਾਜਿਕ ਕਾਰਕੁੰਨ ਅਤੇ ਵਿਸ਼ਵ ਪ੍ਰਸਿੱਧ ਲੇਖਿਕਾ ਅਰੁੰਧਤੀ ਰਾਏ ਅਤੇ ਕਸ਼ਮੀਰੀ ਪ੍ਰੋਫੈਸਰ ਸ਼ੇਖ ਸ਼ੌਕਤ ਹੁਸੈਨ ਖਿਲਾਫ ਯੂ.ਏ.ਪੀ.ਏ ਤਹਿਤ ਮੁਕੱਦਮਾ ਚਲਾਉਣ ਦੀ ਮਨਜ਼ੂਰੀ ਦਿੱਤੇ ਜਾਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ। ਜਥੇਬੰਦੀ ਦੇ ਜ਼ਿਲ੍ਹਾ ਪ੍ਰਧਾਨ ਰੇਸ਼ਮ ਸਿੰਘ ਖੇਮੂਆਣਾ ਤੇ ਜ਼ਿਲ੍ਹਾ ਸਕੱਤਰ ਜਸਵਿੰਦਰ ਸਿੰਘ ਨੇ ਸਮੂਹ ਲੋਕਾਂ ਨੂੰ ਇਸ ਧੱਕੇਸ਼ਾਹੀ ਖਿਲਾਫ ਲਾਮਬੰਦ ਹੋਣ ਦਾ ਸੱਦਾ ਦਿੱਤਾ ਹੈ। ਉਨ੍ਹਾਂ ਕਿਹਾ ਕਿ ਦੇਸ਼ ਭਰ ਦੀਆਂ ਅਦਾਲਤਾਂ ਅਤੇ ਸਿਖਰਲੀ ਅਦਾਲਤ ਵੱਲੋਂ ਵੱਖ-ਵੱਖ ਸਮੇਂ 'ਤੇ ਇਸ ਕਨੂੰਨ ਦੀ ਦੁਰਵਰਤੋਂ ਸਬੰਧੀ ਟਿੱਪਣੀਆਂ ਕੀਤੀਆਂ ਜਾਂਦੀਆਂ ਰਹੀਆਂ ਹਨ। ਸੀਨੀਅਰ ਮੀਤ ਪ੍ਰਧਾਨ ਬਰਜਿੰਦਰ ਸਿੰਘ, ਮੀਤ ਪ੍ਰਧਾਨ ਵਿਕਾਸ ਗਰਗ ਨੇ ਦੋਸ਼ ਲਾਇਆ ਕਿ ਲੰਘੀਆਂ ਚੋਣਾਂ ਦੌਰਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵੱਲੋਂ ਆਪਣੇ ਭਾਸ਼ਣਾਂ ਦੌਰਾਨ ਘੱਟ ਗਿਣਤੀਆਂ ਪ੍ਰਤੀ ਕੀਤੀਆਂ ਨਫ਼ਰਤੀ ਟਿੱਪਣੀਆਂ, ਭਾਜਪਾਈ ਆਗੂ ਅਨੁਰਾਗ ਠਾਕੁਰ ਅਤੇ ਅਜ਼ੇ ਮਿਸ਼ਰਾ ਟੈਣੀ ਦੇ ਕਾਰਨਾਮੇ ਪੂਰਾ ਦੇਸ਼ ਜਾਣਦਾ ਹੈ। ਪ੍ਰੰਤੂ ਇਨ੍ਹਾਂ ਲੋਕਾਂ ਲਈ ਕਨੂੰਨ ਦੇ ਮਾਪਦੰਡ ਕਥਿਤ ਤੌਰ 'ਤੇ ਵੱਖਰੇ ਹਨ ਅਤੇ ਆਮ ਲੋਕਾਂ ਲਈ ਵੱਖਰੇ। ਆਗੂਆਂ ਨੇ ਕਿਹਾ ਮੋਦੀ ਹਕੂਮਤ ਲੋਕ ਪੱਖੀ ਬੁੱਧੀਜੀਵੀਆਂ ਨੂੰ ਹਕੂਮਤੀ ਗੁੰਡਾਗਰਦੀ ਦੇ ਜ਼ੋਰ 'ਤੇ ਝੂਠੇ ਕੇਸਾਂ ਤਹਿਤ ਫ਼ਸਾ ਕੇ ਜ਼ੇਲ੍ਹਾਂ ਵਿੱਚ ਡੱਕਣ ਦੀ ਨੀਤੀ 'ਤੇ ਪਿਛਲੇ ਦਸ ਸਾਲਾਂ ਤੋਂ ਚੱਲਦੀ ਆਈ ਹੈ। ਇਸ ਨੇ ਯੂ.ਏ.ਪੀ.ਏ ਵਰਗੇ ਕਾਲੇ ਕਾਨੂੰਨਾਂ ਦੀ ਇਸ ਮੰਤਵ ਲਈ ਬੇਦਰੇਗ ਵਰਤੋਂ ਕੀਤੀ ਹੈ। ਈ.ਡੀ. ਸਮੇਤ ਹਰ ਤਰ੍ਹਾਂ ਦੇ ਸਰਕਾਰੀ ਅਦਾਰਿਆਂ ਨੂੰ ਸਿਆਸੀ ਵਿਰੋਧੀਆਂ ਖਿਲਾ.ਫ ਖੁੱਲ੍ਹ ਕੇ ਵਰਤਿਆ ਹੈ। ਦੇਸ਼ ਵਿਦੇਸ਼ਾਂ ਵਿੱਚੋਂ ਇਸ ਵਰਤਾਰੇ ਖ਼ਿਲਾ.ਫ ਉਠਣ ਵਾਲੀ ਆਵਾਜ਼ ਨੂੰ ਦਰਕਿਨਾਰ ਕੀਤਾ ਹੈ। ਜ਼ਿਲ੍ਹਾ ਵਿੱਤ ਸਕੱਤਰ ਅਨਿਲ ਭੱਟ, ਜਥੇਬੰਦਕ ਸਕੱਤਰ ਕੁਲਵਿੰਦਰ ਸਿੰਘ, ਪ੍ਰੈੱਸ ਸਕੱਤਰ ਗੁਰਪ੍ਰੀਤ ਖੇਮੂਆਣਾ ਨੇ ਕਿਹਾ ਕਿ ਭਾਜਪਾ ਹਕੂਮਤ ਸਟੈਨਸਵਾਮੀ ਵਰਗੇ ਸਮਾਜਿਕ ਕਾਰਕੁਨ ਦੀ ਮੌਤ ਸਮੇਤ ਲੰਬੇ ਸਮੇਂ ਤੱਕ ਲੋਕ ਪੱਖੀ ਲੇਖਕਾਂ ਬੁੱਧੀਜੀਵੀਆਂ ਨੂੰ ਝੂਠੇ ਕੇਸਾਂ ਵਿੱਚ ਫਸਾਉਣ ਅਤੇ ਜੇਲ੍ਹਾਂ ਵਿੱਚ ਡੱਕੀ ਰੱਖਣ ਦੀ ਜ਼ਿੰਮੇਵਾਰ ਹੈ। ਹੁਣ ਤੀਜੀ ਵਾਰ ਸੱਤਾ ਵਿੱਚ ਆ ਕੇ ਉਹ ਉਸੇ ਅਮਲ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਉਣਾ ਲੱਗੀ ਹੋਈ ਹੈ। ਉਨ੍ਹਾਂ ਦੋਸ਼ ਲਾਇਆ ਕਿ ਦਿੱਲੀ ਦੇ ਉਪ ਰਾਜਪਾਲ ਨੂੰ ਤੰਦੂਰ ਵਾਂਗੂੰ ਤਪ ਰਹੀ ਦਿੱਲੀ ਦੇ ਲੋਕਾਂ ਲਈ ਪਾਣੀ ਦਾ ਪ੍ਰਬੰਧ ਕਰਨ, ਝੁੱਗੀਆਂ ਝੌਂਪੜੀਆਂ ਵਿੱਚ ਨਰਕ ਵਰਗੀ ਜ਼ਿੰਦਗੀ ਜੀਅ ਰਹੇ ਲੋਕਾਂ ਦੇ ਸਿਰ 'ਤੇ ਛੱਤ ਦਾ ਪ੍ਰਬੰਧ ਕਰਨ ਦੀ ਚਿੰਤਾ ਨਹੀਂ ਸਗੋਂ ਸਾਜ਼ਿਸ਼ ਤਹਿਤ ਬੁੱਧੀਜੀਵੀਆਂ ਨੂੰ ਨਿਸ਼ਾਨਾ ਬਣਾਉਣ ਦੀ ਵਧੇਰੇ ਫ਼ਿਕਰ ਹੈ। ਜ਼ਿਲ੍ਹਾ ਆਗੂਆਂ ਨੇ ਕਿਹਾ ਕਿ ਅਰੁੰਧਤੀ ਰਾਏ ਅਜਿਹੀ ਬੇਬਾਕ ਆਵਾਜ਼ ਹੈ ਜੋ ਹਕੂਮਤ ਦੀਆਂ ਧੱਕੇਸ਼ਾਹੀਆਂ ਖਿਲਾਫ ਵਾਰ ਵਾਰ ਉੱਠਦੀ ਰਹੀ ਹੈ। ਉਨ੍ਹਾਂ ਕਿਹਾ ਕਿ ਗੋਦੀ ਮੀਡੀਆ ਸਰਕਾਰ ਨੂੰ ਸੁਆਲ ਕਰਨ ਵਾਲੇ ਪੱਤਰਕਾਰਾਂ, ਬੁੱਧੀਜੀਵੀਆਂ ਖ਼ਿਲਾ.ਫ ਲਗਾਤਾਰ ਮਿੱਥ ਕੇ ਨਾਂਹ ਪੱਖੀ ਪ੍ਰਚਾਰ ਕਰਨ ਵਿੱਚ ਵੱਧ ਚੜ੍ਹ ਕੇ ਜੁਟਿਆ ਹੋਇਆ ਹੈ। ਜਥੇਬੰਦੀ ਦੇ ਆਗੂਆਂ ਨੇ ਦੇਸ਼ ਭਰ ਦੇ ਜਮਹੂਰੀ ਹਿੱਸਿਆਂ ਨੂੰ ਅਰੁੰਧਤੀ ਰਾਏ ਅਤੇ ਕਸ਼ਮੀਰੀ ਪ੍ਰੋ. ਸ਼ੇਖ ਸ਼ੌਕਤ ਹੁਸੈਨ ਦੇ ਹੱਕ ਵਿੱਚ ਖੜ੍ਹੇ ਹੋਣ ਦੀ ਅਪੀਲ ਕਰਦਿਆਂ ਇਸ ਧੱਕੇਸ਼ਾਹੀ ਖ਼ਿਲਾ.ਫ ਪੈਦਾ ਹੋਣ ਵਾਲੇ ਲੋਕ ਰੋਹ ਦਾ ਬਾ-ਅਵਾਜ਼ ਹਿੱਸਾ ਬਣਨ ਦਾ ਅਹਿਦ ਕੀਤਾ। ਇਸ ਸਮੇਂ ਵੱਖ ਵੱਖ ਬਲਾਕਾਂ ਤੋਂ ਬਲਾਕ ਪ੍ਰਧਾਨ ਰਾਜਵਿੰਦਰ ਸਿੰਘ ਜਲਾਲ, ਭੁਪਿੰਦਰ ਸਿੰਘ ਮਾਈਸਰਖਾਨਾ, ਭੋਲਾ ਰਾਮ ਤਲਵੰਡੀ, ਬਲਕਰਨ ਕੋਟ ਸ਼ਮੀਰ, ਅਸ਼ਵਨੀ ਕੁਮਾਰ, ਰਣਦੀਪ ਕੌਰ ਖਾਲਸਾ, ਮੈਡਮ ਬਲਜਿੰਦਰ ਕੌਰ ਸਮੇਤ ਵੱਡੀ ਗਿਣਤੀ ਵਿੱਚ ਅਧਿਆਪਕ ਆਗੂ ਹਾਜ਼ਰ ਸਨ।



# ਅਮਰੀਕਾ ਇਸ ਗੱਲ ਦੀ ਛਾਣਬੀਨ ਕਰੇ ਕਿ ਸਿੱਖਾਂ ਨੂੰ ਮਾਰਨ ਵਾਲੇ ਕਾਤਲਾਂ ਦੇ ਵਕੀਲਾਂ ਦੇ ਖਰਚ ਇੰਡੀਆਂ ਹਕੂਮਤ ਵੱਲੋਂ ਕੌਣ ਭੁਗਤਾਨ ਕਰ ਰਿਹਾ ਹੈ ? : ਮਾਨ



ਨਵੀਂ ਦਿੱਲੀ, 21 ਜੂਨ (ਮਨਪ੍ਰੀਤ ਸਿੰਘ ਖਾਲਸਾ):- "ਜੋ ਇੰਡੀਅਨ ਹੁਕਮਰਾਨਾਂ ਅਤੇ ਇਥੋ ਦੀਆਂ ਏਜੰਸੀਆ ਆਈ.ਬੀ, ਰਾਅ ਦੇ ਮੁੱਖੀ ਰਵੀ ਸਿਨ੍ਹਾ, ਮਿਲਟਰੀ ਇੰਨਟੈਲੀਜੈਸ, ਗ੍ਰਹਿ ਵਿਭਾਗ, ਵਿਦੇਸ਼ ਵਿਭਾਗ, ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਅਤੇ ਰਾਅ ਦੇ ਸਾਬਕਾ ਮੁੱਖੀ ਸੰਮਤ ਗੋਇਲ, ਐਨ.ਆਈ.ਏ. ਵੱਲੋ ਸਾਂਝੇ ਤੌਰ ਤੇ ਆਜਾਦੀ ਚਾਹੁੰਣ ਵਾਲੇ ਸਰਗਰਮ ਉਨ੍ਹਾਂ ਸਿੱਖਾਂ ਜੋ ਵਿਦੇਸ਼ਾਂ ਵਿਚ ਵੱਸਦੇ ਹਨ ਅਤੇ ਇੰਡੀਆ ਵਿਚ ਵੱਸਦੇ ਹਨ, ਉਨ੍ਹਾਂ ਨੂੰ ਕਤਲ ਕਰਵਾਉਣ ਵਾਲੇ ਕਾਤਲਾਂ ਦੇ ਵਕੀਲਾਂ ਦੇ ਖਰਚ ਕਿਥੋ ਹੋ ਰਿਹਾ ਹੈ ਅਤੇ ਕੌਣ ਕਰ ਰਿਹਾ ਹੈ, ਫਿਰ ਖੁਦ-ਬ-ਖੁਦ ਇਹ ਸੱਚ ਸਾਹਮਣੇ ਆ ਜਾਵੇਗਾ ਕਿ ਜੋ ਤਾਕਤ ਜਾਂ ਏਜੰਸੀਆਂ ਇਨ੍ਹਾਂ ਕਾਤਲਾਂ ਨੂੰ ਖਰਚ ਪ੍ਰਦਾਨ ਕਰ ਰਹੀਆ ਹਨ, ਉਸ ਲਈ ਇੰਡੀਆ ਦੇ ਹੁਕਮਰਾਨ ਹੀ ਦੋਸ਼ੀ ਪਾਏ ਜਾਣਗੇ ।"

ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਬੀਤੇ ਕੁਝ ਲੰਮੇ ਸਮੇ ਤੋ ਵਿਦੇਸ਼ਾਂ ਵਿਚ ਵੱਸਣ ਵਾਲੇ ਸਿੱਖਾਂ ਤੇ ਇੰਡੀਆ ਵਿਚ ਵੱਸਣ ਵਾਲੇ ਆਜਾਦੀ ਚਾਹੁੰਣ ਵਾਲੇ ਸਿੱਖਾਂ ਨੂੰ ਇੰਡੀਆ ਵੱਲੋ ਸਾਜਸੀ ਢੰਗ ਨਾਲ ਮਾਰ ਦੇਣ ਦੀਆਂ ਕਾਰਵਾਈਆ ਦੀ ਨਿਰਪੱਖਤਾ ਨਾਲ ਛਾਣਬੀਨ ਕਰਨ ਅਤੇ ਇਨ੍ਹਾਂ ਕਾਤਲਾਂ ਨੂੰ ਖਰਚ ਦੇਣ ਅਤੇ ਵਕੀਲਾਂ ਦੇ ਖਰਚਾਂ ਦੇ ਵੇਰਵਿਆ ਦੀ ਜਾਂਚ ਕਰਨ ਦੀ ਅਮਰੀਕਾ ਸਰਕਾਰ ਨੂੰ ਮਨੁੱਖੀ ਅਧਿਕਾਰਾਂ ਦੇ ਬਿਨ੍ਹਾਂ ਤੇ ਸੰਜੀਦਾ ਅਪੀਲ ਕਰਦੇ ਹੋਏ ਜਾਹਰ ਕੀਤੇ । ਉਨ੍ਹਾਂ ਕਿਹਾ ਕਿ ਅਮਰੀਕਾ ਨੇ ਸੰਬੰਧਤ ਦੋਸ਼ੀ ਨੂੰ ਚੈਕੋਸਲਵਾਕੀਆ ਤੋਂ ਹਵਾਲਗੀ ਸੰਧੀ ਅਧੀਨ ਸ. ਗੁਰਪਤਵੰਤ ਸਿੰਘ ਪੰਨੂ ਨੂੰ ਮਾਰਨ ਦੀ ਸਾਜਿਸ ਦੇ ਅੰਤ ਤੱਕ ਪਹੁੰਚਣ ਲਈ ਹੀ ਅਮਰੀਕਾ ਵਿਖੇ ਲਿਆਂਦਾ ਹੈ । ਜੋ ਆਪਣੇ-ਆਪ ਵਿਚ ਇਕ ਕੌਮਾਂਤਰੀ ਪੱਧਰ ਦਾ ਪ੍ਰਤੱਖ ਸਬੂਤ ਹੈ । ਉਨ੍ਹਾਂ ਕਿਹਾ ਕਿ ਜੋ ਅਮਰੀਕਨ ਨਾਗਰਿਕ ਸ. ਗੁਰਪਤਵੰਤ ਸਿੰਘ ਪੰਨੂ ਨੂੰ ਮਾਰਨ ਦੀ ਸਾਜਿਸ ਨੂੰ ਨੇਪਰੇ ਚਾੜਨ ਲਈ ਗ੍ਰਿਫਤਾਰ ਕੀਤੇ ਗਏ ਨਿਖਲ ਗੁਪਤਾ ਦੇ ਪਰਿਵਾਰਿਕ ਮੈਬਰਾਂ ਤੇ ਮਾਪਿਆ ਨੇ ਇੰਡੀਅਨ ਹੁਕਮਰਾਨਾਂ ਤੋ ਉਸਦੀ ਅਮਰੀਕਨ ਕਾਨੂੰਨ ਤੋ ਖੁਲਾਸੀ ਲਈ ਜੋ ਮਦਦ ਮੰਗੀ ਹੈ, ਉਸ ਤੋ ਪ੍ਰਤੱਖ ਸਾਬਤ ਹੋ ਜਾਂਦਾ ਹੈ ਕਿ ਦੋਸ਼ੀ ਨਿਖਲ ਗੁਪਤਾ ਨੂੰ ਇਸ ਮੰਦਭਾਵਨਾ ਭਰੇ ਮਿਸਨ ਨੂੰ ਸਫਲ ਕਰਨ ਲਈ ਜੋ ਖਰਚ ਉਪਲੱਬਧ ਕਰਵਾਏ ਗਏ ਹਨ ਅਤੇ ਉਸਦੇ ਵਕੀਲਾਂ ਤੇ ਜੋ ਖਰਚ ਹੋ ਰਿਹਾ ਹੈ, ਉਹ ਆਈ.ਬੀ ਅਤੇ ਰਾਅ ਦੀਆਂ ਏਜੰਸੀਆ ਦੇ ਗੁਪਤ ਫੰਡ ਵਿਚੋ ਹੀ ਹੋ ਰਿਹਾ ਹੈ । ਜਿਸ ਨਾਲ ਸਾਡੇ ਸਿੱਖਾਂ ਦੇ ਕਾਤਲਾਂ ਦਾ ਸੱਚ ਖੁਦ-ਬ-ਖੁਦ ਦੁਨੀਆ ਸਾਹਮਣੇ ਆ ਜਾਂਦਾ ਹੈ । ਇਥੇ ਇਹ ਵੀ ਵਰਨਣ ਕਰਨਾ ਜਰੂਰੀ ਹੈ ਨਿਖਲ ਗੁਪਤਾ ਨੂੰ ਭੇਜੇ ਜਾਣ ਵਾਲੇ ਖਰਚ ਹਿੰਦੂ ਸਟੇਟ ਦੀ ਵਸਿੰਗਟਨ ਡੀਸੀ ਵਿਖੇ ਸਥਾਪਿਤ ਅੰਬੈਸੀ ਰਾਹੀ, ਰਾਅ ਦੇ ਮੁੱਖੀ ਸ੍ਰੀ ਰਵੀ ਸਿਨ੍ਹਾ ਅਤੇ ਸੁਰੱਖਿਆ ਸਲਾਹਕਾਰ ਅਜੀਤ ਡੋਵਾਲ ਰਾਹੀ ਉਨ੍ਹਾਂ ਗੁਪਤ ਫੰਡਾਂ ਵਿਚੋਂ ਭੇਜੇ ਜਾ ਰਹੇ ਹਨ ਜਿਨ੍ਹਾਂ ਦਾ ਕਦੀ ਵੀ ਕਿਸੇ ਵੀ ਪ੍ਰਕਿਰਿਆ ਰਾਹੀ ਆਡਿਟ ਹੀ ਨਹੀ ਹੁੰਦਾ ।

# ਸੀਐੱਮ ਦੀ ਯੋਗਸ਼ਾਲਾ ਦੇ ਅੰਤਰਗਤ ਜ਼ਿਲ੍ਹਾ ਗੁਰਦਾਸਪੁਰ ਦੀਆਂ ਵੱਖ-ਵੱਖ ਥਾਵਾਂ 'ਤੇ ਮਨਾਇਆ ਗਿਆ ਅੰਤਰਰਾਸ਼ਟਰੀ ਯੋਗ ਦਿਵਸ



**ਸ਼੍ਰੀ ਹਰਗੋਬਿੰਦਪੁਰ ਸਾਹਿਬ ਜੀ, 21 ਜੂਨ (ਕੁਲਜੀਤ ਸਿੰਘ ਖੋਖਰ)**-ਅੰਤਰਰਾਸ਼ਟਰੀ ਯੋਗ ਦਿਵਸ ਦੇ ਸਬੰਧ ਵਿੱਚ ਜ਼ਿਲ੍ਹਾ ਗੁਰਦਾਸਪੁਰ ਵਿੱਚ ਸੀਐੱਮ ਦੀ ਯੋਗਸ਼ਾਲਾ ਦੇ ਅੰਤਰਗਤ ਵੱਖ-ਵੱਖ ਯੋਗ ਕੈਂਪ ਲਗਾਏ ਗਏ। ਸਰਕਾਰੀ ਕਾਲਜ ਗੁਰਦਾਸਪੁਰ ਦੇ ਹਾਕੀ ਗਰਾਊਂਡ ਵਿੱਚ ਅੰਤਰਰਾਸ਼ਟਰੀ ਯੋਗ ਦਿਵਸ ਸਬੰਧੀ ਕਰਵਾਏ ਗਏ ਵਿਸ਼ੇਸ਼ ਯੋਗਾ ਅਭਿਆਸ ਦੌਰਾਨ ਗੁਰਦਾਸਪੁਰ ਸ਼ਹਿਰ ਵਾਸੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਇਸ ਮੌਕੇ ਐੱਸ.ਡੀ.ਐੱਮ. ਗੁਰਦਾਸਪੁਰ ਡਾ. ਕਰਮਜੀਤ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਯੋਗਾ ਮਾਹਿਰਾਂ ਵੱਲੋਂ ਯੋਗ ਅਭਿਆਸ ਦੇ ਵੱਖ-ਵੱਖ ਆਸਣ ਕਰਵਾ ਕੇ ਉਨ੍ਹਾਂ ਦੀ ਮਹੱਤਤਾ ਬਾਰੇ ਵੀ ਜਾਣਕਾਰੀ ਦਿੱਤੀ। ਇਸ ਦੌਰਾਨ ਐੱਸ.ਡੀ.ਐੱਮ. ਗੁਰਦਾਸਪੁਰ ਡਾ. ਕਰਮਜੀਤ ਸਿੰਘ ਨੇ ਕਿਹਾ ਕਿ ਯੋਗ ਸਾਡੇ ਭਾਰਤ ਦੀ ਸੰਸਕ੍ਰਿਤੀ ਹੈ ਜਿਸ ਨੇ ਪੂਰੀ ਮਨੁੱਖਤਾ ਨੂੰ ਸਰੀਰਕ ਅਤੇ ਆਤਮਿਕ ਤੌਰ 'ਤੇ ਨਿਰੋਗ ਰਹਿਣ ਦਾ ਰਾਹ ਦੱਸਿਆ ਹੈ। ਉਨ੍ਹਾਂ ਕਿਹਾ ਕਿ ਹਰ ਕਿਸੇ ਨੂੰ ਤੰਦਰੁਸਤ ਜ਼ਿੰਦਗੀ ਲਈ ਯੋਗ ਨੂੰ ਆਪਣੇ ਜੀਵਨ ਦਾ ਹਿੱਸਾ ਬਣਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਸੀਐੱਮ ਦੀ ਯੋਗਸ਼ਾਲਾ ਤਹਿਤ 164 ਕਲਾਸਾਂ ਚੱਲ ਰਹੀਆਂ ਹਨ ਜਿਨ੍ਹਾਂ ਦੇ ਵਿੱਚ ਲਗਭਗ 5000 ਦੇ ਕਰੀਬ ਲੋਕੀ ਭਾਗ ਲੈ ਰਹੇ ਹਨ। ਉਨ੍ਹਾਂ ਕਿਹਾ ਕਿ ਕਿਸੇ ਵੀ ਮੁਹੱਲੇ ਜਾਂ ਪਿੰਡ ਦੇ ਵਾਸੀ ਸੀਐੱਮ ਦੀ ਯੋਗਸ਼ਾਲਾ ਪ੍ਰੋਜੈਕਟ ਦੇ ਅੰਤਰਗਤ ਆਪਣੇ ਮੁਹੱਲੇ ਜਾਂ ਪਿੰਡ ਵਿੱਚ ਯੋਗਾ ਕਲਾਸਾਂ ਸ਼ੁਰੂ ਕਰਵਾਉਣਾ ਚਾਹੁੰਦੇ ਹਨ ਤਾਂ ਉਹ ਮੋਬਾਈਲ ਨੰਬਰ 7669400500 ਉੱਪਰ ਕਾਲ ਕਰ ਸਕਦੇ ਹਨ। ਇਸੇ ਤਰਾਂ ਅੱਜ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਸੀਐੱਮ ਦੀ ਯੋਗਸ਼ਾਲਾ ਦੇ ਟੇਰਨਰਾਂ ਵੱਲੋਂ ਵੱਖ-ਵੱਖ ਬਲਾਕਾਂ ਵਿੱਚ ਵੀ ਬਲਾਕ ਪੱਧਰ ਉੱਪਰ ਯੋਗ ਦਿਵਸ ਮਨਾਇਆ ਗਿਆ। ਸੀਐੱਮ ਦੀ ਯੋਗਸ਼ਾਲਾ ਦੇ ਕੋਆਰਡੀਨੇਟਰ ਲਵਪ੍ਰੀਤ ਸਿੰਘ ਨੇ ਦੱਸਿਆ ਅੱਜ ਅੰਤਰਰਾਸ਼ਟਰੀ ਯੋਗ ਦਿਵਸ ਮੌਕੇ ਦੀਨਾ ਨਗਰ ਦੇ ਵਿੱਚ ਸਿਟੀ ਪਾਰਕ, ਕਲਾਨੌਰ ਦੇ ਸ਼ਿਵ ਮੰਦਿਰ ਪਾਰਕ, ਡੇਰਾ ਬਾਬਾ ਨਾਨਕ ਦੀ ਅਜਿਤਾ ਰੰਧਾਵਾ ਪਾਰਕ , ਫ਼ਤਿਹਗੜ੍ਹ ਚੂੜੀਆਂ ਚੇਅਰਮੈਨ ਪੈਲੇਸ, ਕਾਦੀਆਂ ਦੇ ਭਗਤਪੁਰਾ ਮਿਡਲ ਸਕੂਲ, ਬਟਾਲਾ ਦੇ ਮੁਰਗ.ੀ ਮਹੱਲੇ ਵਿੱਚ ਯੋਗਾ ਅਭਿਆਸ ਕਰਵਾਏ ਗਏ। ਬਟਾਲਾ ਦੇ ਆਰ.ਡੀ. ਖੋਸਲਾ ਸੀਨੀਅਰ ਸਕੈਂਡਰੀ ਸਕੂਲ ਵਿਖੇ ਜ਼ਿਲ੍ਹਾ ਪੱਧਰੀ ਯੋਗਾ ਦਿਵਸ ਮਨਾਇਆ ਗਿਆ ਜਿਸ ਵਿੱਚ ਵਧੀਕ ਡਿਪਟੀ ਕਮਿਸ਼ਨਰ (ਜ) ਸ੍ਰੀ ਸੁਭਾਸ਼ ਚੰਦਰ ਅਤੇ ਐੱਸ.ਡੀ.ਐੱਮ. ਬਟਾਲਾ ਸ੍ਰੀਮਤੀ ਸ਼ਾਇਰੀ ਭੰਡਾਰੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ AWAZE QAUM International Newspaper & WEB TV
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਮਾਤਾ ਦਲੀਪ ਕੌਰ ਨੂੰ ਵੱਖ-ਵੱਖ ਆਗੂਆਂ ਵੱਲੋਂ

# ਸ਼ਰਧਾਂਜਲੀ ਭੇਂਟ ਕੀਤੀ ਗਈ



ਧੂਰੀ ( ਰਣਜੀਤ ਸਿੰਘ ਪੇਧਨੀ ) ਆਮ ਆਦਮੀ ਪਾਰਟੀ ਸਪੋਰਟਸ ਵਿੰਗ ਪੰਜਾਬ ਦੇ ਜਨਰਲ ਸਕੱਤਰ ਸ, ਰਾਜਵੰਤ ਸਿੰਘ ਘੁੱਲੀ ਚੇਅਰਮੈਨ ਮਾਰਕੀਟ ਕਮੇਟੀ ਧੂਰੀ ਦੇ ਵੱਡੇ ਭਰਾ ਸਵ: ਸ, ਪ੍ਰੀਤਮ ਸਿੰਘ ਦੀ ਧਰਮ ਪਤਨੀ ਮਾਤਾ ਦਲੀਪ ਕੌਰ ਪਿਛਲੇ ਦਿਨੀ ਦਿਨੀ ਪਰਿਵਾਰ ਨੂੰ ਅਚਾਨਕ ਸਦੀਵੀ ਵਿਛੋੜਾ ਦੇ ਗਏ ਸਨ । ਪਰਿਵਾਰ ਵੱਲੋਂ ਉਹਨਾਂ ਦੇ ਨਮਿੱਤ ਸ੍ਰੀ ਸਹਿਜ ਪਾਠ ਆਰੰਭ ਕਰਵਾਏ ਗਏ ਸਨ ,ਜਿਨਾਂ ਦੇ ਛੀਟਾਂਵਾਲਾ ਗੁਰਦੁਆਰਾ ਸਾਹਿਬ ਵਿਖੇ ਭੋਗ ਪਾਏ ਗਏ। ਜਿਸ ਵਿੱਚ ਵਿਸ਼ੇਸ਼ ਤੌਰ ਤੇ ਮਾਤਾ ਦਲੀਪ ਕੌਰ ਨੂੰ ਸ਼ਰਧਾਂਜਲੀ ਭੇਂਟ ਕਰਨ ਦੇ ਲਈ ਪੰਜਾਬ ਦੇ ਮੁੱਖ ਮੰਤਰੀ ਸ, ਭਗਵੰਤ ਸਿੰਘ ਸਤਿਕਾਰਯੋਗ ਮਾਤਾ ਜੀ ਮਾਤਾ ਹਰਪਾਲ ਕੌਰ ,ਦੇਵ ਮਾਨ ਐਮ,ਐਲ,ਏ ਨਾਭਾ, ਅੰਮ੍ਰਿਤ ਬਰਾੜ ਦਫ਼ਤਰ ਇੰਚਾਰਜ, ਡਾਕਟਰ ਅਨਵਰ ਭਸੌੜ ਮੈਂਬਰ ਵੱਖ ਬੋਰਡ ਪੰਜਾਬ , ਸਪੋਰਟਸ ਵਿੰਗ ਦੇ ਸੈਕਟਰੀ ਅਮਰਦੀਪ ਸਿੰਘ ਧਾਂਦਰਾ, ਪੱਤਰਕਾਰ ਅਨਵਰ ਬਾਗੜੀਆ, ਸਾਬਕਾ ਸਰਪੰਚ ਨਾਹਰ ਸਿੰਘ , ਮਾਣਾ ਗਰੇਵਾਲ, ਗੁਰੀ ਮਾਨ ਧੂਰੀ, ਭਿੰਦਾ ਵਿਰਕ , ਸਰਨੀ ਵਿਰਕ , ਪਰਮਜੀਤ ਸਿੰਘ ਕਾਂਝਲਾ, ਰਣਜੋਤ ਸਿੰਘ ਕਾਂਝਲਾ , ਬਿੱਲਾ ਸਾਹੀਵਾਲ , ਬੱਗਾ ਤੋਲਾਵਾਲ , ਰਣਜੀਤ ਸਿੰਘ ਸੇਰਗਿੱਲ, ਜਗਦੀਪ ਸਿੰਘ ਯੋਧਾ, ਨਿਰਮਲ ਸਿੰਘ , ਆਪ ਆਗੂ ਦਾਰਾ ਸਿੰਘ ਭੋਜੋਵਾਲੀ , ਆਪ ਆਗੂ ਗੁਰਵਿੰਦਰ ਸਿੰਘ, ਆਪ ਆਗੂ ਸਰਬਜੀਤ ਸਿੰਘ, ਆਪ ਆਗੂ ਅਮਰੀਕ ਸਿੰਘ ਈਸੜਾ, ਆਪ ਆਗੂ ਗੁਰੀ ਈਸੜਾ, ਸੁਖਦੇਵ ਸਿੰਘ ਖਰੈਤੀ ਹਾਜ਼ਰ ਹੋਏ।

# ਤਰਸਿੱਕਾ ਵਿਖੇ ਯੋਗਾ ਦਿਵਸ ਮਨਾਇਆ



**ਚੌਕ ਮਹਿਤਾ,21ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਸਿਵਲ ਸਰਜਨ ਅੰਮ੍ਰਿਤਸਰ ਡਾ. ਸੁਮਿਤ ਸਿੰਘ ਜੀ ਦੇ ਮਿਲੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਐਸ. ਐਮ. ਓ ਤਰਸਿੱਕਾ ਡਾ ਮੋਨਾ ਚਤਰਥ ਜੀ ਦੀ ਯੋਗ ਅਗਵਾਈ ਹੇਠ ਸੀ ਐਚ ਸੀ ਤਰਸਿੱਕਾ ਵਿਖੇ 10ਵਾ ਅੰਤਰਰਾਸ਼ਟਰੀ ਯੋਗ ਦਿਵਸ ਮਨਾਇਆ ਗਿਆ ਇਸ ਮੋਕੇ ਐਸ. ਐਮ. ਓ ਤਰਸਿੱਕਾ ਜੀ ਵੇ ਦੱਸਿਆ ਕਿ ਯੋਗ ਮਨੁੱਖ ਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਸਿਹਤਮੰਦ ਰੱਖਣ ਦਾ ਬਿਹਤਰੀਨ ਸਾਧਨ ਹੈ। ਉਹਨਾਂ ਕਿਹਾ ਕਿ ਯੋਗ ਪ੍ਰਾਚੀਨ ਭਾਰਤੀ ਵਿਗਿਆਨ ਹੈ ਜਿਸ ਨੂੰ ਅੱਜ ਸਾਰੀ ਦੁਨੀਆ ਅਪਣਾ ਰਹੀ ਹੈ। ਕਿਹਾ ਕਿ ਯੋਗ ਮਨੁੱਖ ਨੂੰ ਸਰੀਰਕ ਅਤੇ ਮਾਨਸਿਕ ਤੌਰ 'ਤੇ ਸਿਹਤਮੰਦ ਰੱਖਣ ਦਾ ਬਿਹਤਰੀਨ ਸਾਧਨ ਹੈ। ਉਹਨਾਂ ਕਿਹਾ ਕਿ ਯੋਗ ਪ੍ਰਾਚੀਨ ਭਾਰਤੀ ਵਿਗਿਆਨ ਹੈ ਜਿਸ ਨੂੰ ਅੱਜ ਸਾਰੀ ਦੁਨੀਆ ਅਪਣਾ ਰਹੀ ਹੈ। ਡਾ ਰਾਜਬੀਰ ਕੋਰ ਅਤੇ ਡਾ ਸਿਮਰਨਜੀਤ ਸਿੰਘ ਵਲੋ ਮਰੀਜਾ ਨੂੰ ਯੋਗਾ ਕਰਵਾਇਆ ਗਿਆ ਇਸ ਮੋਕੇ ਗੁਰਮੁਖ ਸਿੰਘ ਬੀਈਈ ਯੌਗਸ਼ ਸੀ ਐ ਓ ਕੰਵਲਜੀਤ ਕੌਰ ਏਐਨਐਮ ਸਿਮਰਜੀਤ ਕੌਰ ਸਟਾਫ਼ ਨਰਸ ਹਾਜ਼ਰ ਸਨ

# ਨਹਿਰੀ ਪਾਣੀ ਦੇ ਮਾਮਲੇ 'ਚ ਮਾਨ ਸਰਕਾਰ ਦਾ ਫਰਾਡ ਲੋਕਾਂ ਸਾਹਮਣੇ ਹੋਇਆ ਉਜਾਗਰ-ਦਲ ਖਾਲਸਾ

## ਨਹਿਰੀ ਪਾਣੀ ਦੀ ਜਰੂਰਤ ਤੇ ਭਵਿੱਖ ਬਾਰੇ ਸਰਕਾਰ ਰੱਖੇ ਆਪਣਾ ਪੱਖ



ਨਵੀਂ ਦਿੱਲੀ, 21 ਜੂਨ (ਮਨਪ੍ਰੀਤ ਸਿੰਘ ਖਾਲਸਾ):-ਨਹਿਰੀ ਪਾਣੀਆਂ ਦੇ ਮਸਲੇ 'ਤੇ ਪਟਵਾਰੀਆਂ ਤੋਂ ਧੱਕੇਸ਼ਾਹੀ ਨਾਲ ਗਲਤ ਤੱਥ ਪੇਸ਼ ਕਰਵਾਉਣ 'ਚ ਨਾਕਾਮਯਾਬ ਭਗਵੰਤ ਮਾਨ ਦੇ ਝੂਠਾਂ ਦਾ ਘੜਾ ਲੋਕਾਂ ਦੀ ਸੱਥ ਵਿਚ ਭੰਨਿਆ ਗਿਆ ਹੈ। ਹੁਣ ਸਮਾਂ ਹੈ ਕਿ ਮਾਨ ਸਰਕਾਰ ਪੰਜਾਬ ਵਿਚ ਨਹਿਰੀ ਪਾਣੀ ਦੀ ਜਰੂਰਤ ਤੇ ਭਵਿੱਖ ਬਾਰੇ ਆਪਣਾ ਪੱਖ ਜਨਤਾ ਦੀ ਕਚਹਿਰੀ ਵਿਚ ਪੇਸ਼ ਕਰੇ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਦਲ ਖ਼ਾਲਸਾ ਜਥੇਬੰਦੀ ਵੱਲੋਂ ਉਹਨਾਂ ਦੇ ਜਿਲ੍ਹਾ ਬਠਿੰਡਾ ਪ੍ਰਧਾਨ ਭਾਈ ਪਰਨਜੀਤ ਸਿੰਘ ਜੱਗੀ ਬਾਬਾ ਵਲੋਂ ਜਾਰੀ ਪ੍ਰੈਸ ਨੋਟ ਵਿਚ ਕੀਤਾ ਗਿਆ। ਦਲ ਖ਼ਾਲਸਾ ਦੀ ਕੇਂਦਰੀ ਵਰਕਿੰਗ ਕਮੇਟੀ ਮੈਂਬਰ ਬਾਬਾ ਹਰਦੀਪ ਸਿੰਘ ਮਹਿਰਾਜ, ਭਾਈ ਗੁਰਵਿੰਦਰ ਸਿੰਘ ਬਠਿੰਡਾ, ਜਿਲ੍ਹਾ ਮਾਨਸਾ ਪ੍ਰਧਾਨ ਭਾਈ ਰਾਜਵਿੰਦਰ ਸਿੰਘ ਟਿੱਬੀ, ਭਾਈ ਜੀਵਨ ਸਿੰਘ ਗਿੱਲ ਕਲਾਂ, ਭਾਈ ਭਗਵਾਨ ਸਿੰਘ ਸੰਧੂ ਖੁਰਦ ਨੇ ਕਿਹਾ ਕਿ ਅਜੋਕੇ ਵੇਲੇ ਵੀ ਪੰਜਾਬ ਦੇ ਤਿੰਨੇ ਖਿੱਤਿਆਂ ਮਾਲਵਾ, ਮਾਝਾ ਤੇ ਦੁਆਬਾ ਵਿਚ ਨਹਿਰੀ ਪਾਣੀ ਦੀ ਵੱਡੀ ਕਮੀ ਹੈ, ਇਹ ਜਮੀਨ ਵਿਚ ਲਾਉਣ ਵਾਲੇ, ਪੀਣ ਵਾਲੇ ਤੇ ਹੋਰ ਕੰਮਾਂ ਲਈ ਵਰਤਣ ਵਾਲੇ ਪਾਣੀ ਦੀ ਲਗਾਤਾਰ ਕਮੀ ਹੋ ਰਹੀ ਹੈ। ਉਹਨਾਂ ਕਿਹਾ ਕਿ ਫ਼ਸਲਾਂ ਤੇ ਰਹਿਣ ਸਹਿਣ ਦੇ ਢੰਗ ਤਰੀਕੇ ਬਦਲਣ ਨਾਲ ਪਾਣੀ ਦੀ ਜਰੂਰਤ ਵਿਚ ਲਗਾਤਾਰ ਵਾਧਾ ਹੋ ਰਿਹਾ ਹੈ ਪਰ ਇਸ ਦੇ ਉਲਟ ਪੰਜਾਬ ਵਿਚ ਨਹਿਰੀ ਪਾਣੀ ਤੋਂ ਵਗੈਰ ਵਾਹੁਣ ਬੰਜਰ ਹੋ ਰਹੇ ਨੇ। ਉਹਨਾਂ ਕਿਹਾ ਕਿ ਪੰਜਾਬ ਦੀ ਖੁਸ਼ਹਾਲੀ ਤੇ ਪੰਜਾਬ ਦੇ ਪਾਣੀਆਂ 'ਤੇ ਦੁਸ਼ਮਣਾਂ ਦੀ ਅੱਖ ਹੈ, ਜੋ ਇਹ ਕੀਮਤੀ ਖ਼ਜਾਨਾ ਲੁੱਟਣਾ ਚਾਹੁੰਦੇ ਹਨ ਤੇ ਪੰਜਾਬ ਅਤੇ ਸਿੱਖ ਦੀ ਬਦਕਿਸਮਤੀ ਹੈ ਕਿ ਪੰਜਾਬ ਦਾ ਰਾਜ ਕਰਤਾ ਵਰਗ ਚਾਹੇ ਉਹ ਬਾਦਲ ਦਲ, ਕਾਂਗਰਸ, ਬਦਲਾਵ ਦੇ ਨਾਂ 'ਤੇ ਆਪ ਆਦਿ ਸਭ ਧਰੋਹ ਕਮਾ ਰਹੇ ਹਨ। ਉਹਨਾਂ ਚਿਤਾਵਨੀ ਦਿੰਦਿਆ ਕਿਹਾ ਕਿ ਪੰਜਾਬ ਨਾਲ ਅਜਿਹਾ ਧੱਕਾ ਕਰਨ ਵਾਲੇ ਚੁਰਾਸੀਂ ਤੋਂ ਚੁਰਾਨਵੇਂ ਦਾ ਦੌਰ ਯਾਦ ਕਰਨ।

## ਨਸ਼ਾ ਤਸਕਰੀ ਕਰਨ ਵਾਲਿਆਂ ਨੂੰ ਕਿਸੇ ਵੀ ਸੂਰਤ ਤੇ ਬਖਸ਼ਿਆ ਨਹੀਂ ਜਾਵੇਗਾ ਐਸ ਐਚ ਓ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 21 ਜੂਨ (ਕੁਲਜੀਤ ਸਿੰਘ ਖੋਖਰ)**-ਪੰਜਾਬ ਸਰਕਾਰ ਅਤੇ ਪੁਲਿਸ ਜ਼ਿਲ੍ਹਾ ਬਟਾਲਾ ਦੇ ਮੁਖੀ ਮੈਡਮ ਅਸ਼ਵਨੀ ਗੁਟਿਆਲ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਡੀ ਐਸ ਪੀ ਸ੍ਰੀ ਹਰਗੋਬਿੰਦਪੁਰ ਸਾਹਿਬ ਜੀ ਦੇ ਹੁਕਮਾ ਅਨੁਸਾਰ ਐਸ਼ ਐਚ ਓ ਸ੍ਰੀ ਹਰਗੋਬਿੰਦਪੁਰ ਸਾਹਿਬ ਇੰਸਪੈਕਟਰ ਸਤਪਾਲ ਸਿੰਘ ਨੇ ਚਾਰਜ ਸੰਭਾਲਣ ਉਪਰੰਤ ਪਤਰਕਾਰਾਂ ਦੇ ਰੂਬਰੂ ਹੋ ਕੇ ਕਿਹਾ ਕਿ ਥਾਣਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਅਧੀਨ ਆਉਂਦੇ ਸਾਰੇ ਪਿੰਡਾਂ ਦੇ ਲੋਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਨਸ਼ਾ ਤਸਕਰੀ ਕਰਨ ਵਾਲਿਆਂ ਅਤੇ ਨਸ਼ਾ ਕਰਨ ਵਾਲਿਆਂ ਨੂੰ ਕਿਸੇ ਵੀ ਸੂਰਤ ਤੇ ਬਖਸ਼ਿਆ ਨਹੀਂ ਜਾਵੇਗਾ ਉਹਨਾਂ ਕਿਹਾ ਕਿ ਇਹ ਮੇਰੀ ਪਹਿਲੀ ਤੇ ਆਖਰੀ ਲੋਕਾਂ ਨੂੰ ਅਪੀਲ ਹੈ ਕਿ ਉਹ ਆਪਣੇ ਨਸ਼ੇ ਦੇ ਕਾਰੋਬਾਰ ਨੂੰ ਛੱਡ ਕੇ ਕੋਈ ਸਖ਼ਤ ਮੇਹਨਤ ਕਰਨ ਪ੍ਰਣ ਲੈਣ ਅਗੇ ਉਹਨਾਂ ਕਿਹਾ ਕਿ ਸਾਡੀਆਂ ਟੀਮਾਂ ਹਰ ਪਿੰਡ ਵਿੱਚ ਨਸ਼ਿਆਂ ਦੇ ਵਪਾਰੀਆਂ ਖ਼ਿਲਾਫ਼ ਸਰਚ ਅਭਿਆਨ ਕਰਨਗੀਆਂ ਤੇ ਕਾਬੂ ਆਉਣ ਤੇ ਨਸ਼ੇ ਦੇ ਕਾਰੋਬਾਰ ਵਾਲਿਆਂ ਤੇ ਕਨੂੰਨੀ ਕਾਰਵਾਈ ਕਰਕੇ ਸਲਾਖਾਂ ਪਿੱਛੇ ਭੇਜਿਆ ਜਾਵੇਗਾ ਉਹਨਾਂ ਇਹ ਵੀ ਕਿਹਾ ਕਿ ਨਸ਼ਾ ਤਸਕਰੀ ਕਰਨ ਵਾਲਿਆਂ ਬਾਰੇ ਜੇ ਕੋਈ ਵਿਅਕਤੀ ਪੁਲਿਸ ਨੂੰ ਦੱਸੇ ਗਾ ਤਾਂ ਉਸ ਵਿਆਕਤੀ ਨੂੰ ਸਰਕਾਰ ਵੱਲੋਂ ਇਨਾਮ ਦਵਾਇਆ ਜਾਵੇਗਾ ਤੇ ਉਸ ਵਿਆਕਤੀ ਦਾ ਨਾਂ ਨੰਬਰ ਗੁਪਤ ਰੱਖਿਆ ਜਾਵੇਗਾ ਇਸ ਮੌਕੇ ਉਨ੍ਹਾਂ ਨਾਲ ਥਾਣਾ ਮੁਖ ਮੁਨਸ਼ੀ ਏ ਐਸ ਆਈ ਪਰਮਜੀਤ ਸਿੰਘ ਐਸ ਆਈ ਸਕੱਤਰ ਸਿੰਘ ਅਤੇ ਭਾਰੀ ਪੁਲਿਸ ਬਲ ਤੋਂ ਇਲਾਵਾ ਹੋਰ ਵੀ ਪਤਵੰਤੇ ਹਾਜਰ ਸਨ

## ਪਿਸਤੌਲ ਵਿਖਾ ਕੇ ਲੁਟੇਰਿਆਂ ਨੇ ਦੁਕਾਨਦਾਰ ਕੋਲੋਂ 30 ਹਜਾਰ ਰੁਪਏ ਲੁੱਟੇ



ਚੌਕ ਮਹਿਤਾ , 21 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ ) ਬੀਤੀ ਰਾਤ ਕਰੀਬ 8 ਵਜੇ ਅੱਡਾ ਬਾਉਲੀ ਨੇੜੇ ਦੋ ਹਥਿਆਰਬੰਦ ਲੁਟੇਰਿਆਂ ਨੇ ਪਿਸਤੌਲ ਅਤੇ ਕਿਰਚ ਨਾਲ ਡਰਾ ਕੇ ਸੱਗੂ ਕਰਿਆਨਾ ਸਟੋਰ ਦੇ ਮਾਲਕ ਗੁਰਚਰਨ ਸਿੰਘ ਦੇ ਗੱਲੇ ਵਿੱਚੋਂ ਕਰੀਬ 30 ਹਜਾਰ ਰੁਪਏ ਜਬਰੀ ਲੁੱਟ ਲਏ ਅਤੇ ਮੌਕੇ ਤੇ ਫਰਾਰ ਹੋ ਗਏ। ਘਟਨਾ ਸਬੰਧੀ ਜਾਣਕਾਰੀ ਦਿੰਦਿਆਂ ਪੀੜਤ ਦੁਕਾਨਦਾਰ ਗੁਰਚਰਨ ਸਿੰਘ ਸੱਗੂ ਨੇ ਦੱਸਿਆ ਕਿ ਉਹ ਰਾਤ ਕਰੀਬ 8 ਵਜੇ ਆਪਣੀ ਦੁਕਾਨ ਦੀ ਸਾਫ ਸਫਾਈ ਕਰ ਰਿਹਾ ਸੀ ਤਾਂ ਦੋ ਹੱਟੇ ਕੱਟੇ ਮੋਨੇ ਨੌਜਵਾਨ ਜਿਨਾਂ ਨੇ ਕਾਲੇ ਕੱਪੜੇ ਨਾਲ ਆਪਣੇ ਮੂੰਹ ਬੱਧੇ ਹੋਏ ਸਨ, ਸਪਲੈਂਡਰ ਮੋਟਰ ਸਾਈਕਲ ਤੇ ਆਏ ਅਤੇ ਆਉਂਦੇ ਹੀ ਉਸ ਤੇ ਇੱਕ ਲੁਟੇਰੇ ਨੇ ਪਿਸਤੌਲ ਤਾਣ ਕੇ ਗੋਲੀ ਮਾਰਨ ਦੀ ਧਮਕੀ ਦਿੱਤੀ ਅਤੇ ਦੂਸਰਾ ਕਿਰਚ ਲੈ ਕੇ ਉਸਦੇ ਦੁਆਲੇ ਹੋ ਗਿਆ। ਇਸ ਤਰ੍ਹਾਂ ਡਰਾ ਧਮਕਾ ਕੇ ਉਨ੍ਹਾਂ ਨੇ ਉਸਦੇ ਗੱਲੇ ਵਿੱਚ ਪਏ 30,000 ਰੁਪਏ ਕੱਢੇ ਅਤੇ ਫਰਾਰ ਹੋ ਗਏ। ਉਸਨੇ ਦੱਸਿਆ ਕਿ ਉਹ ਰਾਮ ਤੀਰਥ ਵੱਲੋਂ ਆਏ ਸਨ ਅਤੇ ਅੰਮ੍ਰਿਤਸਰ ਨੂੰ ਚਲੇ ਗਏ, ਪਰ ਕੁਝ ਹੀ ਦੂਰੀ ਤੋਂ ਘੁੰਮ ਕੇ ਉਹ ਵਾਪਸ ਰਾਮ ਤੀਰਥ ਵਾਲੇ ਪਾਸੇ ਚਲੇ ਗਏ। ਪੀੜਤ ਦੁਕਾਨਦਾਰ ਨੇ ਦੱਸਿਆ ਕਿ ਇਸਤੋਂ ਪਹਿਲਾਂ ਵੀ ਦੋ ਵਾਰ ਉਸਦੀ ਦੁਕਾਨ ਵਿੱਚ ਚੋਰੀ ਹੋ ਚੁੱਕੀ ਹੈ, ਜਿਸ ਕਰਕੇ ਉਹ ਡਾਹਢਾ ਪਰੇਸ਼ਾਨ ਹੈ, ਉਸਨੇ ਪ੍ਰਸਾਸ਼ਨ ਨੂੰ ਅਪੀਲ ਕੀਤੀ ਕਿ ਚੋਰਾਂ, ਲੁਟੇਰਿਆਂ ਨੂੰ ਨੱਥ ਪਾਈ ਜਾਵੇ ਤਾਂ ਕਿ ਲੋਕਾਂ ਵਿੱਚੋਂ ਦਹਿਸ਼ਤ ਖਤਮ ਹੋਵੇ ਅਤੇ ਉਹ ਸੁੱਖ ਅਰਾਮ ਦੀ ਜ਼ਿੰਦਗੀ ਬਤੀਤ ਕਰ ਸਕਣ। ਇਸ ਸਬੰਧੀ ਪੁਲਿਸ ਥਾਣਾ ਕੰਬੋਅ ਵਿਖੇ ਰਿਪੋਰਟ ਦਰਜ ਕਰਵਾਈ ਗਈ ਹੈ। ਇਸ ਦੀ ਜਾਂਚ ਕਰ ਰਹੇ ਏ.ਐੱਸ.ਆਈ.ਗੱਜਣ ਸਿੰਘ ਨੇ ਦੱਸਿਆ ਕਿ ਉਹ ਕੈਮਰੇ ਖੰਘਾਲ ਰਹੇ ਹਨ ਤਾਂ ਕਿ ਦੋਸ਼ੀਆਂ ਦੀ ਭਾਲ ਕੀਤੀ ਜਾ ਸਕੇ। ਜਿਕਰਯੋਗ ਹੈ ਕਿ ਇਸ ਇਲਾਕੇ ਵਿੱਚ ਨਸ਼ਿਆਂ ਦੇ ਵੱਧਣ ਕਰਕੇ ਚੋਰੀਆਂ ਅਤੇ ਲੁੱਟ ਖੋਹ ਦੀਆਂ ਵਾਰਦਾਤਾਂ ਵਿੱਚ ਭਾਰੀ ਵਾਧਾ ਹੋਇਆ ਹੈ ਪਰ ਪੁਲਿਸ ਦੀ ਅਜੇ ਤੱਕ ਨੀਂਦ ਨਹੀਂ ਖੁੱਲ੍ਹੀ।



ਗੁਰਦੁਆਰਾ ਸਾਹਿਬ ਪਾਤਸ਼ਾਹੀ 10ਵੀਂ ਨਾਢਾ ਸਾਹਿਬ
ਪੰਚਕੂਲਾ (ਹਰਿਆਣਾ)
23 ਜੂਨ 2024
ਕਥਾ ਦਾ ਸਮਾਂ
ਸਵੇਰੇ 7 ਤੋਂ 8 ਵਜੇ
(ਲੜੀਵਾਰ ਸ਼ਬਦ ਵੀਚਾਰ)
ਕਥਾਵਾਚਕ
ਜਥੇਦਾਰ ਬਲਜੀਤ ਸਿੰਘ ਜੀ ਦਾਦੂਵਾਲ
(ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ)
LIVE ON
WPN WORLD ਪੰਜਾਬੀ
FW FASTWAY 120
TATA PLAY 1934
airtel 568
OTT PLATFORM
TATA PLAY
Jio JIO TV APP
airtel Xstream
dailyhunt

## ਗੁਰਦੁਆਰਾ ਸਾਹਿਬ ਪਾਤਸ਼ਾਹੀ 10ਵੀਂ ਨਾਢਾ ਸਾਹਿਬ ਪੰਚਕੂਲਾ ਦੇ ਮੁੱਖ ਗ੍ਰੰਥੀ

# ਸਿੰਘ ਸਾਹਿਬ ਗਿਆਨੀ ਜਗਜੀਤ ਸਿੰਘ ਜੀ ਦੇ ਸਤਿਕਾਯੋਗ ਪਿਤਾ ਬਾਪੂ ਤਰਸੇਮ ਸਿੰਘ ਜੀ ਦਾ "ਅੰਤਿਮ ਅਰਦਾਸ ਸਮਾਗਮ" ਕਰਵਾਇਆ












ਗੁਰਦੁਆਰਾ ਸਾਹਿਬ ਪਾਤਸ਼ਾਹੀ 10ਵੀਂ ਨਾਢਾ ਸਾਹਿਬ ਪੰਚਕੂਲਾ ਦੇ ਮੁੱਖ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਜੀਤ ਸਿੰਘ ਜੀ ਦੇ

ਆਵਾਜ਼ਿ ਕੌਮ AWAZE QAUM International Newspaper & WEB TV

ਸਤਿਕਾਯੋਗ ਪਿਤਾ ਬਾਪੂ ਤਰਸੇਮ ਸਿੰਘ ਜੀ ਦੀ ਅੱਜ "ਅੰਤਿਮ ਅਰਦਾਸ ਸਮਾਗਮ" ਪਿੰਡ ਮਾਨੇਪੁਰ ਜਿਲਾ ਗੁਰਦਾਸਪੁਰ ਵਿਖੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਸ਼ਰਧਾਂਜਲੀ ਭੇਂਟ ਕਰਦੇ ਹੋਏ ਨਾਲ ਸਿੰਘ ਸਾਹਿਬ ਗਿਆਨੀ ਜੋਗਿੰਦਰ ਸਿੰਘ ਜੀ ਮੁੱਖ ਗ੍ਰੰਥੀ ਗੁਰਦੁਆਰਾ ਮੋਤੀ ਬਾਗ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਭਾਈ ਗਗਨਦੀਪ ਸਿੰਘ ਗ੍ਰੰਥੀ ਨਾਢਾ ਸਾਹਿਬ,ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ,ਰਾਗੀ ਭਾਈ ਹਰਜਿੰਦਰ ਸਿੰਘ ਭੁੱਡਾ ਸਾਹਿਬ,ਭਾਈ ਮਨਜਿੰਦਰ ਸਿੰਘ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਨਾਢਾ ਸਾਹਿਬ,ਭਾਈ ਸਤਨਾਮ ਸਿੰਘ ਅਖੰਡ ਕੀਰਤਨੀ ਜਥਾ ਚੰਡੀਗੜ,ਭਾਈ ਜੋਗਿੰਦਰ ਸਿੰਘ ਫੌਜੀ ਸਾਬਕਾ ਫਲਾਇੰਗ ਅਫਸਰ ਐਸਜੀਪੀਸੀ ਅਤੇ ਸਿੱਖ ਸੰਗਤ ।













# ਇੱਕ ਨਜ਼ਰ

## ਸ: ਸਰਬਜੀਤ ਸਿੰਘ ਸੰਘਾ ਨੂੰ ਗਹਿਰਾ ਸਦਮਾ, ਸਾਂਢੂ ਸ: ਜਸਵੀਰ ਸਿੰਘ ਦਾ ਦਿਹਾਂਤ



ਸ: ਸਰਬਜੀਤ ਸਿੰਘ ਸੰਘਾ ਨੂੰ ਉਸ ਸਮੇ ਗਹਿਰਾ ਸਦਮਾ ਲੱਗਾ ਜਦੋ ਉਹਨਾ ਦੇ ਸਾਂਢੂ ਸ: ਜਸਵੀਰ ਸਿੰਘ ਬੇਵਕਤੀ ਅਕਾਲ ਚਲਾਣਾ ਕਰ ਗਿਆ।ਸ: ਜਸਵੀਰ ਸਿੰਘ ਪਿਛਲੇ ਕੁੱਝ ਦਿਨਾ ਘਰ ਵਿੱਚ ਸਿਹਤ ਵਿਗੜਨ ਕਾਰਨ ਹਸਪਤਾਲ ਵਿੱਚ ਦਾਖਲ ਕਰਾਇਆ ਤੇ ਇਲਾਜ ਚੱਲ ਰਿਹਾ ਸੀ ਅੱਜ ਦੋ ਵਜੇ ਦੇ ਕਰੀਬ ਉਹ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਕੇ ਸਦੀਵੀਂ ਵਿਛੋੜਾ ਦੇ ਗਏ।

## ਸਰੀਰਕ ਤੰਦਰੁਸਤੀ ਅਤੇ ਮਾਨਸਿਕ ਸ਼ਾਂਤੀ ਲਈ ਯੋਗਾ ਜਰੂਰੀ : ਡਾ. ਅਸ਼ੀਸ ਗਰਗ




ਨਾਭਾ, 21 ਜੂਨ (ਆਵਾਜ਼ਿ ਕੌਮ ਬਿਊਰੋ)- ਸਿਹਤ ਵਿਭਾਗ ਪੰਜਾਬ ਅਤੇ ਸਿਵਲ ਸਰਜਨ ਪਟਿਆਲਾ ਡਾ. ਸੰਜੇ ਗੋਇਲ ਦੇ ਦਿਸ਼ਾ ਨਿਰਦੇਸ਼ਾਂ ਹੇਠ ਸਿਵਲ ਹਸਪਤਾਲ ਨਾਭਾ ਦੇ ਮੈਡੀਕਲ ਅਫਸਰ ਡਾ. ਅਸ਼ੀਸ ਗਰਗ ਦੀ ਯੋਗ ਰਹਿਣੁਮਾਈ ਹੇਠ ਇੰਟਰਨੈਸ਼ਨਲ ਯੋਗਾ ਦਿਵਸ ਸਿਵਲ ਹਸਪਤਾਲ ਨਾਭਾ ਵਿਖੇ ਮਨਾਇਆ ਗਿਆ। ਇਸ ਮੌਕੇ ਡਾ. ਹਿਮਾਂਸ਼ੂ ਗਰਗ ਆਯੁਰਵੈਦਿਕ ਮੈਡੀਕਲ ਅਫਸਰ ਅਤੇ ਹੇਮੰਤ ਕੁਮਾਰ ਯੋਗਾ ਇੰਸਟਰਕਟਰ ਨੇ ਸਮੂਹ ਸਿਹਤ ਸਟਾਫ, ਨਰਸਿੰਗ ਵਿਦਿਆਰਥਣਾਂ ਅਤੇ ਮਰੀਜਾਂ ਦੇ ਰਿਸ਼ਤੇਦਾਰਾਂ ਨੂੰ ਤਨ ਅਤੇ ਮਨ ਨੂੰ ਤੰਦਰੁਸਤ ਰੱਖਣ ਲਈ ਯੋਗ ਆਸਨ ਕਰਵਾਏ ਗਏ । ਇਸ ਮੌਕੇ ਡਾ. ਆਰ.ਪੀ.ਸਿੰਘ, ਡਾ. ਰਾਜਵੰਤ ਕੌਰ, ਡਾ. ਪ੍ਰਭਸਿਮਰਨ ਸਿੰਘ, ਡਾ. ਹਰਕੀਰਤ ਕੌਰ, ਡਾ. ਜਪਨੀਤ ਕੌਰ ਅਤੇ ਪੈਰਾਮੈਡੀਕਲ ਸਟਾਫ ਨੇ ਵੀ ਯੋਗ ਅਭਿਆਸ ਕੀਤਾ। ਇਸ ਮੌਕੇ ਡਾ. ਅਸ਼ੀਸ ਗਰਗ ਨੇ ਕਿਹਾ ਕਿ ਯੋਗ ਸਾਧਨਾ ਮਨ, ਸਰੀਰ ਅਤੇ ਆਤਮਾ ਦੀ ਏਕਤਾ ਨੂੰ ਸਮਰੱਥ ਬਣਾਉਂਦਾ ਹੈ । ਉਹਨਾਂ ਦੱਸਿਆ ਕਿ ਦੇਸ਼ ਦੇ ਪ੍ਰਧਾਨ ਮੰਤਰੀ ਸ਼੍ਰੀ ਨਰਿੰਦਰ ਮੋਦੀ ਵੱਲੋਂ ਭਾਰਤ ਦੀ ਇਸ ਪ੍ਰਾਚੀਨ ਕਲਾ ਨੂੰ ਦੁਨੀਆਂ ਭਰ ਵਿੱਚ ਪਹੁੰਚਾਉਣ ਲਈ ਸਾਲ ਦਾ ਸਭ ਤੋਂ ਵੱਡਾ ਦਿਨ ਹੋਣ ਕਾਰਣ 21 ਜੂਨ ਨੂੰ ਦੁਨੀਆਂ ਭਰ ਵਿੱਚ ਯੋਗਾ ਦਿਵਸ ਵੱਜੋਂ ਮਨਾਉਣ ਦਾ ਪ੍ਰਸਤਾਵ ਰੱਖਿਆ । ਇਸ ਮੌਕੇ ਯੋਗ ਸਬੰਧੀ ਜਾਣਕਾਰੀ ਦਿੰਦਿਆਂ ਹੈਲਥ ਇੰਸਪੈਕਟਰ ਸਤਪਾਲ ਸਿੰਘ ਅਤੇ ਲਖਵਿੰਦਰ ਸਿੰਘ ਡਿਪਟੀ ਮਾਸ ਮੀਡੀਆ ਅਫਸਰ ਨੇ ਦੱਸਿਆ ਕਿ ਪ੍ਰਚੀਨ ਕਾਲ ਤੋਂ ਰਿਸ਼ੀ ਮੁਨੀ ਅਤੇ ਤਪੱਸਵੀ ਵੀ ਯੋਗ ਰਾਹੀਂ ਹੀ ਆਪਣੀ ਆਤਮਾ ਨੂੰ ਪ੍ਰਮਾਤਮਾ ਨਾਲ ਜੋੜਨ ਦਾ ਮਾਧਿਅਮ ਮੰਨਦੇ ਰਹੇ ਹਨ। ਯੋਗ ਸ਼ੈਸਨ ਦੇ ਅੰਤ ਵਿੱਚ ਡਾ. ਅਸ਼ੀਸ ਗਰਗ ਵੱਲੋਂ ਡਾ. ਹਿਮਾਂਸ਼ੂ ਗਰਗ ਅਤੇ ਯੋਗ ਇੰਸਟਰਕਟਰ ਹੇਮੰਤ ਕੁਮਾਰ ਨੂੰ ਸਰਟੀਫਿਕੇਟ ਅਤੇ ਯਾਦਗਾਰੀ ਚਿੰਨ੍ਹ ਦੇਕੇ ਸਮਨਾਮਿਤ ਕੀਤਾ।

## ਭੋੜੇ ਸਾਇਫਨ ਤੇ ਪ੍ਰਸ਼ਾਸਨ ਲੈ ਪਹੁੰਚੇ ਨਾਭਾ ਦੇ ਵਿਧਾਇਕ ਦੇਵ ਮਾਨ , ਸਫਾਈ ਦਾ ਕੰਮ ਸੁਰੂ ਕਰਵਾਇਆ



ਨਾਭਾ, 21 ਜੂਨ (ਆਵਾਜ਼ਿ ਕੌਮ ਬਿਊਰੋ)- ਪੰਜਾਬ ਦੇ ਹਰਮਨ ਪਿਆਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਵਿੱਚ ਸਾਰੀਆਂ ਡਰੇਨਾਂ ਦੀ ਸਫਾਈ ਲਈ ਵਿਭਾਗ ਨੂੰ ਹਦਾਇਤਾਂ ਜਾਰੀ ਕੀਤੀਆਂ ਹਨ ਜਿਸ ਤਹਿਤ ਭੋੜੇ ਸਾਇਫਨ ਦੀ ਸਫਾਈ ਦਾ ਕੰਮ ਸੁਰੂ ਕੀਤਾ ਗਿਆ ਹੈ ਇੰਨਾਂ ਵਿਚਾਰਾਂ ਦਾ ਪਰਗਟਾਵਾ ਗੁਰਦੇਵ ਸਿੰਘ ਦੇਵ ਮਾਨ ਐਮ ਐਲ ਏ ਨਾਭਾ ਭੋੜੇ ਸਾਇਫਨ ਦੀ ਸਫਾਈ ਦਾ ਕੰਮ ਸ਼ੁਰੂ ਕਰਨ ਉਪਰੰਤ ਕੀਤਾ ਉਨਾਂ ਦੱਸਿਆ ਕਿ ਪਿਛਲੇ ਸਾਲ ਹੜਾਂ ਦੇ ਪਾਣੀ ਨਾਲ ਕਾਫੀ ਪਿੰਡਾਂ ਦੀਆਂ ਫਸਲਾਂ ਦਾ ਨੁਕਸਾਨ ਹੋਇਆ ਸੀ ਇਸ ਵਾਰ ਨੁਕਸਾਨ ਨੂੰ ਰੋਕਣ ਲਈ ਸਫਾਈ ਦਾ ਕੰਮ ਸੁਰੂ ਕਰਵਾਇਆ ਗਿਆ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਨਾਭਾ ਹਲਕੇ ਦੀਆਂ ਹੋਰ ਡਰੇਨਾਂ ਦੀ ਸਫਾਈ ਦਾ ਕੰਮ ਸੁਰੂ ਹੋ ਰਿਹਾ , ਉਨਾ ਵਿਭਾਗ ਦੇ ਅਧਿਕਾਰੀਆਂ ਅਤੇ ਠੇਕੇਦਾਰ ਨੂੰ ਸਖਤ ਨਿਰਦੇਸ਼ ਦਿੱਤੇ ਹਨ ਕਿ ਕੰਮ ਵਿੱਚ ਕੋਈ ਵੀ ਕਮੀ ਬਰਦਾਸ਼ਤ ਨਹੀ ਕੀਤੀ ਜਾਵੇਗੀ ਇਸ ਮੋਕੇ ਉਨਾਂ ਦੇ ਨਾਲ ਤਰਸੇਮ ਚੰਦ ਐਸ ਡੀ ਐਮ ਨਾਭਾ , ਰਾਘਵ ਗਰਗ ਐਸ ਡੀ ਓ ਡਰੇਨ , ਗੋਰਭ ਸਿੰਗਲਾਂ ਜੇ ਈ ਡਰੇਨ, ਤੇਜਿੰਦਰ ਸਿੰਘ ਖਹਿਰਾ , ਗੁਰਦੀਪ ਸਿੰਘ ਦੀਪਾ ਰਾਮਗੜ੍ਹ ਚੇਅਰਮੈਨ ਮਾਰਕੀਟ ਕਮੇਟੀ ਭਾਦਸੋਂ, ਧਰਮਿੰਦਰ ਸਿੰਘ ਸੁੱਖੇਵਾਲ, ਨਿਰਭੈ ਸਿੰਘ ਘੁੰਡਰ, ਗੁਰਮੁੱਖ ਸਿੰਘ ਮੋਹਲ ਗੁਆਰਾ, ਟੋਨਾ ਮੂੰਗੋ, ਗੁਰਪ੍ਰੀਤ ਸਿੰਘ ਮੱਲੇਵਾਲ, ਸੁਖਦੀਪ ਸਿੰਘ ਖਹਿਰਾ, ਜਸਵੀਰ ਸਿੰਘ ਵਜੀਦਪੁਰ, ਭੁਪਿੰਦਰ ਸਿੰਘ ਕੱਲਰ ਮਾਜਰੀ , ਮਿੰਅਕ ਬਾਤਿਸ਼ ਠੇਕੇਦਾਰ ਅਤੇ ਹੋਰ ਅਹੁਦੇਦਾਰ ਮੌਜੂਦ ਸਨ।

## ਜੀ.ਟੀ. ਰੋਡ ’ਤੇ ਰਾਕੇਸ਼ ਕੁਮਾਰ ਦੀ ਅਗਵਾਈ ’ਚ ਸ.ਫਾਈ ਮੁਹਿੰਮ ਚਲਾਈ, ਪ੍ਰਿੰਸ ਨੇ ਕੀਤਾ ਧੰਨਵਾਦ

ਖੰਨਾ, 21 ਜੂਨ ( ਆਵਾਜ਼ਿ ਕੌਮ ਬਿਊਰੋ)- ਅੱਜ ਸ਼ਹਿਰ ’ਚੋਂ ਲੰਘਦੀ ਜੀ ਟੀ ਰੋਡ ’ਤੇ ਗੁਰਦੁਆਰਾ ਸ੍ਰੀ ਕਲਗੀਧਰ ਸਾਹਿਬ ਦੇ ਸਾਹਮਣੇ ਸ.ਫਾਈ ਸੈਨੇਟਰੀ ਮੇਟ ਰਾਕੇਸ਼ ਕੁਮਾਰ ਦੀ ਅਗਵਾਈ ’ਚ ਐਮਰਜੈਂਸੀ ਟੀਮ ਵੱਲੋਂ ਵਿਸ਼ੇਸ਼ ਤੌਰ ’ਤੇ ਸ.ਫਾਈ ਮੁਹਿੰਮ ਚਲਾਈ ਗਈ। ਸਮਾਜ ਸੇਵੀ ਸੰਸਥਾ ‘ਵਾਇਸ ਆਫ਼ ਖੰਨਾ ਸਿਟੀਜ਼ਨ’ ਦੇ ਪ੍ਰਧਾਨ ਹਰਪ੍ਰੀਤ ਸਿੰਘ ਪ੍ਰਿੰਸ ਨੇ ਇਸ ਖੇਤਰ ’ਚ ਸ.ਫਾਈ ਸਬੰਧੀ ਮੁੱਦਾ ਰਾਕੇਸ਼ ਕੁਮਾਰ ਸਫਾਈ ਸੈਨਟਰੀ ਮੇਟ ਦੇ ਧਿਆਨ ’ਚ ਲਿਆਂਦਾ ਸੀ। ਇਸ ਟੀਮ ’ਚ ਬੰਟੀ, ਪਿੰਟੂ, ਸੰਜੀਵ ਕੁਮਾਰ, ਮੁਕੇਸ਼ ਕੁਮਾਰ ਮੰਗਾ, ਮਨੀਸ਼ ਬਾਲੂ, ਲਵਾ, ਪੂਰਣ ਸਿੰਘ ਆਦਿ ਸ਼ਾਮਲ ਸਨ, ਜਿਹਨਾਂ ਨੇ ਬੜੀ ਮਿਹਨਤ ਨਾਲ ਉਕਤ ਖੇਤਰ ਦੀ ਸ.ਫਾਈ ਕੀਤੀ ਅਤੇ ਸਾਰਾ ਕੂੜਾ ਕਰਕਟ ਆਦਿ ਟਰਾਲੀ ’ਚ ਪਾ ਕੇ ਲੈ ਗਏ।

### ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ

## 6 ਜੁਲਾਈ ਨੂੰ ਵਿਧਾਨ ਸਭਾ ਹਲਕਾ ਜਲੰਧਰ ਪੱਛਮੀ ’ਚ ਕੀਤਾ ਜਾਵੇਗਾ ਝੰਡਾ ਮਾਰਚ




ਹੁਸ਼ਿਆਰਪੁਰ, 21 ਜੂਨ (ਆਵਾਜ਼ਿ ਕੌਮ ਬਿਊਰੋ)-ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ” ਦੀ ਮੀਟਿੰਗ ਫਰੰਟ ਦੇ ਕਨਵੀਨਰ ਸਾਥੀ ਭਜਨ ਸਿੰਘ ਗਿਲ ਦੀ ਪ੍ਰਧਾਨਗੀ ਹੇਠ ਪੈਨਸ਼ਨਰਜ਼ ਭਵਨ ਵਿਖੇ ਹੋਈ। ਮੀਟਿੰਗ ਉਪਰੰਤ ਪ੍ਰੈਸ ਬਿਆਨ ਜਾਰੀ ਕਰਦਿਆਂ ਸਾਂਝਾ ਫਰੰਟ ਦੇ ਆਗੂਆਂ ਸਰਵ ਸ਼੍ਰੀ ਸਤੀਸ਼ ਰਾਣਾ, ਸੁਵਿੰਦਰਪਾਲ ਸਿੰਘ ਮੋਲੋਵਾਲੀ , ਰਣਜੀਤ ਸਿੰਘ ਰਾਣਵਾਂ, ਜਰਮਨਜੀਤ ਸਿੰਘ ,ਐਨ.ਕੇ.ਕਲਸੀ,ਬਾਜ ਸਿੰਘ ਖਹਿਰਾ,ਗਗਨਦੀਪ ਬਠਿੰਡਾ, ਗੁਰਪ੍ਰੀਤ ਸਿੰਘ ਗੰਡੀਵਿੰਡ , ਮਨੋਹਰ ਲਾਲ , ਰਾਧੇ ਸ਼ਿਆਮ, ਪ੍ਰਭਜੀਤ ਸਿੰਘ ਰਸੂਲਪੁਰ , ਸੰਦੀਪ ਭੰਵਕ, ਬੋਬਿੰਦਰ ਸਿੰਘ, ਸ਼ਿੰਗਾਰਾ ਸਿੰਘ ਨੇ ਆਖਿਆ ਕਿ ਮੀਟਿੰਗ ਦੇ ਸ਼ੁਰੂ ਵਿੱਚ ਇੱਕ ਸੋਗ ਮਤੇ ਰਾਹੀਂ ਦੋ ਮਿੰਟ ਦਾ ਮੋਨ ਧਾਰਨ ਕਰਕੇ ਪੰਜਾਬ ਦੇ ਉਘੇ ਸ਼ਾਇਰ ਸੁਰਜੀਤ ਪਾਤਰ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ ।ਮੀਟਿੰਗ ਵਿੱਚ ਪਿਛਲੇ ਸੰਘਰਸ਼ ਦਾ ਮੁਲਾਕਣ ਕਰਦਿਆਂ 05 ਮਈ ਦੀ ਜਲੰਧਰ ਕਨਵੈਨਸ਼ਨ ਦੇ ਫੈਸਲੇ ਤਹਿਤ ਪੰਜਾਬ ਅੰਦਰ ਲੋਕ ਸਭਾ ਦੇ ਆਏ ਚੋਣ ਨਤੀਜਿਆਂ ਤੇ ਤਸਲੀ ਦਾ ਪ੍ਰਗਟਾਵਾ ਕੀਤਾ ਅਤੇ ਸਾਂਝਾ ਫਰੰਟ ਵਲੋਂ ਪੰਜਾਬ ਦੇ ਸਮੁੱਚੇ ਮੁਲਾਜ਼ਮਾ ਤੇ ਪੈਨਸ਼ਨਰਾ ਵਲੋਂ ਇਹਨਾਂ ਚੋਣਾਂ ਵਿੱਚ ਨਿਭਾਈ ਸਰਗਰਮ ਭੂਮਿਕਾ ਤੇ ਵਧਾਈ ਦਿੱਤੀ ।ਮੀਟਿੰਗ ਦੌਰਾਨ ਪੰਜਾਬ ਸਰਕਾਰ ਵਲੋਂ ਸਾਂਝਾ ਫਰੰਟ ਨਾਲ ਗਲ ਬਾਤ ਤੋਂ ਭੱਜਣ ਦੀ ਤਿੱਖੇ ਸ਼ਬਦਾ ਵਿੱਚ ਨਿਖੇਧੀ ਕੀਤੀ ਗਈ ਅਤੇ ਇਸ ਸਰਕਾਰ ਨੂੰ ਹੋਰ ਸਬਕ ਸਿਖਾਉਣ ਲਈ ਹੁਣ ਵਿਧਾਨ ਸਭਾ ਹਲਕਾ ਜਲੰਧਰ ਪੱਛਮੀ ਵਿਖੇ 6 ਜੁਲਾਈ ਨੂੰ ਝੰਡਾ ਮਾਰਚ ਕੀਤਾ ਜਾਵੇਗਾ ਅਤੇ ਸ਼ਹਿਰ ਅੰਦਰ ਲੋਕਾਂ ਦੀ ਕਚਹਿਰੀ ਅੰਦਰ ਅਪਣਾ ਪੱਖ ਰੱਖਿਆ ਜਾਵੇਗਾ । ਇਥੇ ਜਿਕਰਯੋਗ ਹੈ ਕਿ ਇਸ ਵਿਧਾਨ ਸਭਾ ਹਲਕੇ ਅੰਦਰ 10 ਜੁਲਾਈ ਨੂੰ ਜਿਮਨੀ ਚੋਣ ਹੋ ਰਹੀ ਹੈ ।ਆਗੂਆਂ ਆਖਿਆ ਕਿ ਇਸ ਦੀ ਮੁਕਮਲ ਤਿਆਰੀ ਲਈ 02 ਜੁਲਾਈ ਨੂੰ ਜਲੰਧਰ ਮੁੜ ਮੀਟਿੰਗ ਕੀਤੀ ਜਾਵੇਗੀ । ਸਾਂਝਾ ਫਰੰਟ ਦੇ ਉਕਤ ਆਗੂਆਂ ਨੇ ਪੰਜਾਬ ਸਰਕਾਰ ਤੇ ਦੋਸ਼ ਲਗਾਇਆ ਕਿ ਪੰਜਾਬ ਸਰਕਾਰ ਪੰਜਾਬ ਦੇ 07 ਲੱਖ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਪ੍ਰਤੀ ਕੀਤੇ ਵਾਅਦਿਆਂ ਤੋਂ ਪੂਰੀ ਤਰ੍ਹਾਂ ਮੁੱਕਰ ਗਈ ਹੈ। ਆਮ ਆਦਮੀ ਪਾਰਟੀ ਦੀ ਸਰਕਾਰ ਅਪਣੇ ਦੋ ਸਾਲ ਚਾਰ ਮਹੀਨੇ ਦੇ ਕਾਰਜ਼ਕਾਲ ਦੌਰਾਨ ਸਾਂਝੇ ਫਰੰਟ ਦੇ ਮੰਗ ਪੱਤਰ ਵਿੱਚ ਦਰਜ਼ ਕਿਸੇ ਵੀ ਮੰਗ ਨੂੰ ਪੂਰਾ ਨਹੀਂ ਕੀਤਾ ਗਿਆ। ਇਸ ਮੌਕੇ ਉਕਤ ਆਗੂਆਂ ਤੋਂ ਇਲਾਵਾ ਸੁਰਿੰਦਰ ਰਾਮ ਕੁੱਸਾ, ਤੀਰਥ ਸਿੰਘ ਬਾਸੀ ,ਜਗਦੀਸ਼ ਸ਼ਰਮਾ , ਅਵਿਨਾਸ਼ ਸ਼ਰਮਾ, ਕੁਲਦੀਪ ਵਾਲੀਆ , ਗੁਰਜੰਟ ਸਿੰਘ , ਕੁਲਵੰਤ ਸਿੰਘ , ਚਰਨ ਸਿੰਘ ਸਰਾਭਾ ,ਸੁਖਵਿੰਦਰ ਸਿੰਘ ਲੀਲ , ਪ੍ਰਵੀਨ ਕੁਮਾਰ , ਨਿਰਭੈ ਸਿੰਘ , ਜਗਤਾਰ ਸਿੰਘ , ਸੁਸ਼ੀਲ ਕੁਮਾਰ , ਜੋਗਿੰਦਰ ਸਿੰਘ ਮਲਣ ਆਦਿ ਆਗੂ ਹਾਜ਼ਰ ਸਨ।

### ਦੀ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ ਦੇ ਵਫਦ ਨੇ ਸਿਹਤ ਮੰਤਰੀ ਨਾਲ ਕੀਤੀ ਮੁਲਾਕਾਤ

## ਸਿਵਲ ਹਸਪਤਾਲ ’ਚ ਹੋ ਰਹੀਆਂ ਬੇਨਿਯਮੀਆਂ ਅਤੇ ਘਪਲਿਆਂ ਦੀ ਹੋਈ ਚਰਚਾ

**ਸੂਬਾ ਪ੍ਰਧਾਨ ਬਲਵੀਰ ਸਿੰਘ ਸੈਣੀ ਨੇ ਸਿਹਤ ਮੰਤਰੀ ਡਾਕਟਰ ਬਲਵੀਰ ਸਿੰਘ ਨੂੰ ਦੱਸਿਆ ਕਿ ਸਾਲ 2022 ਵਿੱਚ ਪੱਤਰਕਾਰਾਂ ਅਤੇ ਸਬੰਧਤ ਐਸਐਮਓ ਦਰਮਿਆਨ ਵਾਪਰੀ ਮਾਮੂਲੀ ਘਟਨਾ ਨੂੰ ਗਲਤ ਰੰਗਤ ਦੇ ਕੇ ਐਸਐਮਓ ਡਾਕਟਰ ਦੀ ਸ਼ਿਹ ਤੇ ਹੜਤਾਲ ਕਰਕੇ ਲਗਾਤਾਰ ਤਿੰਨ ਦਿਨ....**



ਹੁਸ਼ਿਆਰਪੁਰ, 21 ਜੂਨ (ਆਵਾਜ਼ਿ ਕੌਮ ਬਿਊਰੋ)-ਸਿਵਿਲ ਹਸਪਤਾਲ ਹੁਸ਼ਿਆਰਪੁਰ ਵਿੱਚ ਉੱਚ ਪ੍ਰਬੰਧਕੀ ਅਧਿਕਾਰੀਆਂ ਅਤੇ ਹੋਰ ਸੰਬੰਧਿਤ ਅਮਲੇ ਵੱਲੋਂ ਕੀਤੀਆਂ ਜਾ ਰਹੀਆਂ ਬੇਨਿਯਮੀਆਂ, ਬੇਕਾਇਦਗੀਆਂ ਅਤੇ ਭ੍ਰਿਸ਼ਟਾਚਾਰ ਦੀਆਂ ਚਰਚਾਵਾਂ ਨੂੰ ਲੈ ਕੇ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ ਪੰਜਾਬ ਆਫ ਇੰਡੀਆ ਦੇ ਸੂਬਾ ਪ੍ਰਧਾਨ ਪ੍ਰਿੰਸੀਪਲ ਬਲਵੀਰ ਸਿੰਘ ਸੈਣੀ ਦੀ ਅਗਵਾਈ ਹੇਠ ਪੱਤਰਕਾਰਾਂ ਦੇ ਇੱਕ ਵਫਦ ਨੇ ਸਿਹਤ ਮੰਤਰੀ ਡਾਕਟਰ ਬਲਵੀਰ ਸਿੰਘ ਨਾਲ ਉਨਾਂ ਦੀ ਹੁਸ਼ਿਆਰਪੁਰ ਆਮਦ ਮੌਕੇ ਮੁਲਾਕਾਤ ਕੀਤੀ, ਇਸ ਮੌਕੇ ਰਿਪੋਰਟਰਜ਼ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਬਲਵੀਰ ਸਿੰਘ ਸੈਣੀ ਨੇ ਸਿਹਤ ਮੰਤਰੀ ਡਾਕਟਰ ਬਲਵੀਰ ਸਿੰਘ ਨੂੰ ਸਾਲ ਨਵੰਬਰ 2022 ਵਿੱਚ ਸਿਵਲ ਹਸਪਤਾਲ ਹੁਸ਼ਿਆਰਪੁਰ ’ਚ ਪੱਤਰਕਾਰਾਂ ਅਤੇ ਐਸਐਮਓ ਦਰਮਿਆਨ ਵਾਪਰੀ ਬਹੁਚਰਚਿਤ ਘਟਨਾ ਬਾਰੇ ਉਸ ਸਮੇਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਤਤਕਾਲੀ ਸਿਹਤ ਮੰਤਰੀ ਚੇਤਨ ਸਿੰਘ ਜੌੜਾ ਮਾਜਰਾ, ਮੁਖ ਸਕੱਤਰ ਪੰਜਾਬ ਸਰਕਾਰ ਅਤੇ ਪ੍ਰਿੰਸੀਪਲ ਸਕੱਤਰ ਸਿਹਤ ਵਿਭਾਗ ਪੰਜਾਬ ਨੂੰ ਲਿਖੇ ਹੋਏ ਸ਼ਿਕਾਇਤ ਪੱਤਰਾਂ ਦੀਆਂ ਕਾਪੀਆਂ ਦਸਤਾਵੇਜੀ ਸਬੂਤਾਂ ਸਮੇਤ ਸੌਂਪੀਆਂ ਅਤੇ ਜਿੰਮੇਵਾਰ ਅਧਿਕਾਰੀਆਂ ਖਿਲਾਫ ਵਿਭਾਗੀ ਕਾਰਵਾਈ ਦੀ ਮੰਗ ਕੀਤੀ। ਸੂਬਾ ਪ੍ਰਧਾਨ ਬਲਵੀਰ ਸਿੰਘ ਸੈਣੀ ਨੇ ਸਿਹਤ ਮੰਤਰੀ ਡਾਕਟਰ ਬਲਵੀਰ ਸਿੰਘ ਨੂੰ ਦੱਸਿਆ ਕਿ ਸਾਲ 2022 ਵਿੱਚ ਪੱਤਰਕਾਰਾਂ ਅਤੇ ਸਬੰਧਤ ਐਸਐਮਓ ਦਰਮਿਆਨ ਵਾਪਰੀ ਮਾਮੂਲੀ ਘਟਨਾ ਨੂੰ ਗਲਤ ਰੰਗਤ ਦੇ ਕੇ ਐਸਐਮਓ ਡਾਕਟਰ ਦੀ ਸ਼ਿਹ ਤੇ ਹੜਤਾਲ ਕਰਕੇ ਲਗਾਤਾਰ ਤਿੰਨ ਦਿਨ ਓਪੀਡੀ ਬੰਦ ਕੀਤੀ ਗਈ ਸੀ ਜਿਸ ਦੌਰਾਨ ਮਰੀਜ਼ਾਂ ਅਤੇ ਆਮ ਲੋਕਾਂ ਨੂੰ ਬੇਲੋੜੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪਿਆ। ਉਹਨਾਂ ਦੱਸਿਆ ਕਿ ਇਸ ਮਾਮਲੇ ਵਿੱਚ ਪ੍ਰਸ਼ਾਸਨ ਅਤੇ ਸੰਬੰਧਿਤ ਅਥਾਰਟੀ ਦੀਆਂ ਹਦਾਇਤਾਂ ਤੇ ਹੁਕਮਾਂ ਦੀ ਘੋਰ ਉਲੰਘਣਾ ਕਰਕੇ ਪੁਲਿਸ ਪ੍ਰਸ਼ਾਸਨ ਤੇ ਵੀ ਬੇਲੋੜਾ ਦਬਾਅ ਪਾਇਆ ਗਿਆ ਸੀ। ਇਸ ਤੋਂ ਇਲਾਵਾ ਸਿਹਤ ਮੰਤਰੀ ਨੂੰ ਸਿਵਲ ਹਸਪਤਾਲ ਹੁਸ਼ਿਆਰਪੁਰ ਵਿੱਚ ਹੋ ਰਹੀਆਂ ਬੇਨਿਯਮੀਆਂ ਅਤੇ ਘਪਲਿਆਂ ਬਾਰੇ ਐਸੋਸੀਏਸ਼ਨ ਨੂੰ ਪ੍ਰਾਪਤ ਹੋਈ ਸ਼ਿਕਾਇਤ ਵੀ ਸੌਂਪੀ ਗਈ, ਸਿਹਤ ਮੰਤਰੀ ਡਾਕਟਰ ਬਲਵੀਰ ਸਿੰਘ ਨੇ ਐਸੋਸੀਏਸ਼ਨ ਦੇ ਵਫਦ ਨੂੰ ਭਰੋਸਾ ਦਵਾਇਆ ਕਿ ਇਹਨਾਂ ਮਾਮਲਿਆਂ ਵਿੱਚ ਕਾਨੂੰਨ ਅਨੁਸਾਰ ਲੋੜੀਂਦੀ ਕਾਰਵਾਈ ਜਰੂਰ ਕੀਤੀ ਜਾਵੇਗੀ। ਇਸ ਵਫਦ ਵਿੱਚ ਹੋਰਨਾ ਤੋਂ ਇਲਾਵਾ ਤਰਸੇਮ ਦੀਵਾਨਾ ਜੁਆਇੰਟ ਸਕੱਤਰ ਇੰਡੀਆ, ਗੁਰਬਿੰਦਰ ਸਿੰਘ ਪਲਾਹਾ ਵਾਈਸ ਚੇਅਰਮੈਨ ਪੰਜਾਬ,ਅਸ਼ਵਨੀ ਸ਼ਰਮਾ ਸੀਨੀਅਰ ਮੀਤ ਪ੍ਰਧਾਨ, ਨੀਤੂ ਬਾਲਾ ਸ਼ਰਮਾ ਪ੍ਰਧਾਨ ਗੜ੍ਹਸ਼ੰਕਰ ,ਕੁਲਦੀਪ ਸੈਣੀ, ਪੰਕਜ ਕੁਮਾਰ, ਵਿਕਾਸ ਸੂਦ ਜ਼ਿਲਾ ਪ੍ਰਧਾਨ ਹੁਸ਼ਿਆਰਪੁਰ, ਓਮ ਪ੍ਰਕਾਸ਼ ਰਾਣਾ ਜ਼ਿਲ੍ਹਾ ਜਨਰਲ ਸਕੱਤਰ ਅਤੇ ਐਸੋਸੀਏਸ਼ਨ ਦੇ ਹੋਰ ਅਹੁਦੇਦਾਰ ਵੀ ਮੌਜੂਦ ਸਨ ।

### ਪੰਜਾਬ ਸਰਕਾਰ ਦੇ ਯੋਗਾ ਸਮਾਗਮ ਤੋਂ ਕੁੱਝ ਫਰਲਾਂਗ ਦੂਰ ਲਾਈ

## ਅੱਗ ਨੇ ਤੰਦਰੁਸਤੀ ਜਾਗਰੂਕਤਾ ਮੁਹਿੰਮ ਦੀ ਕੱਢੀ ਫੂਕ



ਹੁਸ਼ਿਆਰਪੁਰ,21 ਜੂਨ (ਆਵਾਜ਼ਿ ਕੌਮ ਬਿਊਰੋ)- ਅੰਤਰਰਾਸ਼ਟਰੀ ਯੋਗਾ ਦਿਵਸ ਨੂੰ ਮਨਾਉਣ ਲਈ ਸੀਐਮ ਦੀ ਯੋਗ ਸ਼ਾਲਾ ਪ੍ਰੋਗਰਾਮ ਅਧੀਨ ਸਥਾਨਕ ਪੁਲਿਸ ਲਾਈਨ ਵਿੱਚ ਜ਼ਿਲਾ ਪ੍ਰਸ਼ਾਸਨ ਵੱਲੋਂ ਪ੍ਰਆਯੋਜਿਤ “ਮੈਗਾ ਯੋਗਾ ਈਵੈਂਟ” ਲੋਕਾਂ ਨੂੰ ਚੰਗੀ ਸਿਹਤ ਅਤੇ ਤੰਦਰੁਸਤੀ ਪ੍ਰਤੀ ਜਾਗਰੂਕ ਕਰਨ ਲਈ ਕੀਤਾ ਗਿਆ ਵਧੀਆ ਉਪਰਾਲਾ ਸੀ ਜਿਸ ਵਿੱਚ ਪੰਜਾਬ ਸਰਕਾਰ ਦੇ ਸਿਹਤ ਮੰਤਰੀ ਡਾ. ਬਲਵੀਰ ਸਿੰਘ ਮੁੱਖ ਮਹਿਮਾਨ ਵੱਜੋਂ ਸ਼ਾਮਿਲ ਹੋਏ ਅਤੇ ਉਹਨਾਂ ਦੇ ਨਾਲ ਕੈਬਨਟ ਮੰਤਰੀ ਬ੍ਰਹਮ ਸ਼ੰਕਰ ਜਿੰਪਾ ਨਵੇ ਚੁਣੇ ਮੈਂਬਰ ਪਾਰਲੀਮੈਂਟ ਡਾਕਟਰ ਰਾਜਕੁਮਾਰ ਚੱਬੀਵਾਲ, ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਸ਼੍ਰੀਮਤੀ ਕੋਮਲ ਮਿੱਤਲ ਸਮੇਤ ਜਿਲੇ ਦੇ ਸਾਰੇ ਆਲਾ ਦਰਜੇ ਦੇ ਉੱਚ ਅਧਿਕਾਰੀ ਮੌਜੂਦ ਰਹੇ, ਜਿਸ ਦੌਰਾਨ ਸਿਹਤ ਮੰਤਰੀ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਸਿਹਤ ਅਤੇ ਤੰਦਰੁਸਤੀ ਲਈ ਵੱਡੇ ਵੱਡੇ ਉਪਦੇਸ਼ ਦਿੱਤੇ ਪਰ ਆਮ ਲੋਕਾਂ ਨੂੰ ਦਿੱਤੇ ਗਏ ਇਹਨਾਂ ਉਪਦੇਸ਼ਾਂ ਦੀ ਉਸ ਸਮੇਂ ਦੇ ਫੂਕ ਨਿਕਲ ਗਈ ਜਦੋਂ ਅੰਤਰਰਾਸ਼ਟਰੀ ਯੋਗਾ ਦਿਵਸ ਸਥਾਨ ਦੇ ਕੁਝ ਫਰਲਾਂਗ ਦੂਰੀ ਤੇ ਹੀ ਬਿਲਕੁਲ ਇੰਡੋਰ ਸਟੇਡੀਅਮ ਦੇ ਸਾਹਮਣੇ ਅਤੇ ਪੀਡਬਲਡੀ ਬੀ ਐਂਡ ਆਰ ਦਫਤਰਾਂ ਦੇ ਸਾਹਮਣੇ ਸੜਕ ਦੇ ਨਾਲ ਕੂੜੇ ਦੇ ਵੱਡੇ ਵੱਡੇ ਢੇਰਾਂ ਨੂੰ ਲਾਈ ਅੱਗ ਕਾਰਨ ਕੂੜੇ ਧੂਏ ਦੇ ਗੁਬਾਰ ਵਾਤਾਵਰਣ ਨੂੰ ਪ੍ਰਦੂਸ਼ਿਤ ਕਰਦੇ ਹੋਏ ਦੇਖੇ ਗਏ, ਜਿਸ ਦਾ ਜਾਇਜ਼ਾ ਲੈਂਦਿਆਂ ਪੱਤਰਕਾਰਾਂ ਦੀ ਟੀਮ ਨੇ ਦੇਖਿਆ ਕਿ ਇਸ ਥਾਂ ਤੇ ਪਹਿਲਾਂ ਵੀ ਦਰਖਤਾਂ ਤੋਂ ਡਿੱਗੇ ਪੱਤਿਆਂ ਅਤੇ ਕੂੜਾ ਕਰਕਟ ਨੂੰ ਇਕੱਠਾ ਕਰਕੇ ਅੱਗ ਲਾਉਣ ਦੇ ਨਿਸ਼ਾਨ ਦਿਖਾਈ ਦਿੰਦੇ ਹਨ ਜਿਸ ਤੋਂ ਪਤਾ ਲੱਗਦਾ ਹੈ ਕਿ ਇਸ ਜਗਹਾ ਤੇ ਕੂੜੇ ਨੂੰ ਅੱਗ ਲਾਉਣ ਦਾ ਵਰਤਾਰਾ ਨਵਾਂ ਨਹੀਂ, ਆਲੇ ਦੁਆਲੇ ਦੇ ਲੋਕਾਂ ਤੋਂ ਪੁੱਛਗਿਛ ਕਰਨ ਤੇ ਇਹ ਸਾਹਮਣੇ ਆਇਆ ਕਿ ਇਸ ਅਮਲ ਨੂੰ ਸਰਕਾਰੀ ਸਫਾਈ ਸੇਵਕ ਹੀ ਅੰਜਾਮ ਦਿੰਦੇ ਹਨ, ਇਹ ਸਫਾਈ ਸੇਵਕ ਨਗਰ ਨਿਗਮ ਦੇ ਹਨ ਜਾਂ ਨਜ਼ਦੀਕੀ ਸਥਿਤ ਸਰਕਾਰੀ ਵਿਭਾਗਾਂ ਦੇ ਇਸ ਬਾਰੇ ਖੁਲਾਸਾ ਨਹੀਂ ਹੋ ਸਕਿਆ, ਪਰ ਸਵਾਲ ਇਹ ਪੈਦਾ ਹੁੰਦਾ ਹੈ ਕਿ ਵੱਡੇ ਵੱਡੇ ਸਰਕਾਰੀ ਅਧਿਕਾਰੀਆਂ ਦੇ ਨੱਕ ਹੇਠਾਂ ਖੁੱਲੇਆਮ ਹੋ ਰਿਹਾ ਅਜਿਹਾ ਵਰਤਾਰਾ ਕੀ ਖੁਦ ਸਰਕਾਰ ਦੇ ਹੀ ਸਿਹਤ ਸੰਭਾਲ ਅਤੇ ਤੰਦਰੁਸਤੀ ਦੇ ਪ੍ਰੋਗਰਾਮਾਂ ਦੀ ਖਿਲੀ ਤਾਂ ਨਹੀਂ ਉਡਾ ਰਿਹਾ ?